ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਖਰੜ ਬਾਰ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਨੂੰ ਗੁਰ ਪ੍ਰਤਾਪ ਸਿੰਘ ਪੜਿਆਲਾ ਨੇ ਕੀਤਾ ਸਨਮਾਨਿਤ 03

ਸਾਲ 1, ਅੰਕ 360 Ph (Mohali Office) : 0160-2990739; (M) : +91-98156-16078 ਸ਼ੁੱਕਰਵਾਰ, 25 ਸਤੰਬਰ 2026 (9 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਗ੍ਰੇਟਰ ਨੋਇਡਾ ਬੱਸ ਅੱਗ ਕਾਂਡ

ਪੀਐਮ ਮੋਦੀ ਨੇ ਮ੍ਰਿਤਕਾਂ ਦੇ ਪਰਿਵਾਰਾਂ ਲਈ 2 ਲੱਖ ਰੁਪਏ ਤੇ ਜ਼ਖਮੀਆਂ ਲਈ 50,000 ਰੁਪਏ ਦੀ ਸਹਾਇਤਾ ਰਾਸ਼ੀ ਦਾ ਕੀਤਾ ਐਲਾਨ

ਦੇਸ਼ ਪ੍ਰਦੇਸ਼ **ਗ੍ਰੇਟਰ ਨੋਇਡਾ, 24 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ)** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਗ੍ਰੇਟਰ ਨੋਇਡਾ ਵਿੱਚ ਬੱਸ ਨੂੰ ਲੱਗੀ ਅੱਗ ਕਾਰਨ ਮਾਰੇ ਗਏ ਨੌਂ ਲੋਕਾਂ ਦੇ ਪਰਿਵਾਰਾਂ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ ਵਿੱਚੋਂ 2-2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ, ਜਦਕਿ ਹਰੇਕ ਜ਼ਖਮੀ ਵਿਅਕਤੀ ਨੂੰ 50,000 ਰੁਪਏ ਦਿੱਤੇ ਜਾਣਗੇ।

ਇਸ ਘਟਨਾ 'ਤੇ ਦੁੱਖ ਪ੍ਰਗਟ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ, 'ਉੱਤਰ ਪ੍ਰਦੇਸ਼ ਦੇ ਗ੍ਰੇਟਰ ਨੋਇਡਾ ਵਿੱਚ ਬੱਸ ਵਿੱਚ ਅੱਗ ਲੱਗਣ ਦੀ ਘਟਨਾ ਕਾਰਨ ਹੋਈ ਜਾਨੀ ਨੁਕਸਾਨ ਬਾਰੇ ਸੁਣ ਕੇ ਬਹੁਤ ਦੁੱਖ ਹੋਇਆ। ਜਿਨ੍ਹਾਂ ਲੋਕਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ, ਉਨ੍ਹਾਂ ਨਾਲ ਮੇਰੀ ਸੰਵੇਦਨਾ ਹੈ। ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕਰਦਾ ਹਾਂ।'

ਪ੍ਰਧਾਨ ਮੰਤਰੀ ਦਫ਼ਤਰ ਵੱਲੋਂ 'ਐਕਸ' 'ਤੇ ਕੀਤੀ ਗਈ ਪੋਸਟ ਅਨੁਸਾਰ ਉਨ੍ਹਾਂ ਕਿਹਾ, 'ਪੀਐਮਐਨਆਰਐਫ ਵਿੱਚੋਂ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਜ਼ਖਮੀਆਂ ਨੂੰ 50,000 ਰੁਪਏ ਦਿੱਤੇ ਜਾਣਗੇ।' ਬੁੱਧਵਾਰ ਦੇਰ ਰਾਤ ਗ੍ਰੇਟਰ ਨੋਇਡਾ ਵਿੱਚ ਜੇਵਰ ਨੇੜੇ ਯਮੁਨਾ ਐਕਸਪ੍ਰੈਸਵੇਅ 'ਤੇ ਇੱਕ ਸਲੀਪਰ ਬੱਸ ਨੂੰ ਅੱਗ ਲੱਗਣ ਕਾਰਨ ਨੌਂ ਯਾਤਰੀਆਂ ਦੀ ਮੌਤ ਹੋ ਗਈ। ਇਸ ਘਟਨਾ ਦੇ ਸਬੰਧ ਵਿੱਚ ਡਰਾਈਵਰ ਅਤੇ ਕੰਡਕਟਰ ਸਮੇਤ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

ਇਹ ਬੱਸ ਨਵੀਂ ਦਿੱਲੀ ਦੇ ਕਸ਼ਮੀਰੀ ਗੇਟ ਤੋਂ ਮਹੋਬਾ ਜਾ ਰਹੀ ਸੀ ਜਦੋਂ 23 ਸਤੰਬਰ ਨੂੰ ਰਾਤ ਕਰੀਬ 11:30 ਵਜੇ ਯਮੁਨਾ ਐਕਸਪ੍ਰੈਸਵੇਅ ਦੇ 33-ਕਿਲੋਮੀਟਰ ਮੀਲ-ਪੱਥਰ ਨੇੜੇ ਇਸ ਨੂੰ ਅੱਗ ਲੱਗ ਗਈ।

ਜੇਵਰ ਪੁਲਿਸ ਸਟੇਸ਼ਨ ਵਿੱਚ ਦਰਜ ਐਫਆਈਆਰ ਅਨੁਸਾਰ, ਬੱਸ ਵਿੱਚ ਕਰੀਬ 30-35 ਯਾਤਰੀ ਸਵਾਰ ਸਨ। ਖਬਰਾਂ ਮੁਤਾਬਕ ਕੁਝ ਯਾਤਰੀਆਂ ਨੇ ਡਰਾਈਵਰ ਦੇ ਕੈਬਿਨ ਵਿੱਚੋਂ ਸੜਨ ਦੀ ਬਦਬੂ ਆਉਂਦੀ ਮਹਿਸੂਸ ਕੀਤੀ ਅਤੇ ਡਰਾਈਵਰ ਤੇ ਕੰਡਕਟਰ ਨੂੰ ਸੁਚੇਤ ਕੀਤਾ। ਐਫ.ਆਈ.ਆਰ. ਵਿੱਚ ਦੋਸ਼ ਲਾਇਆ ਗਿਆ ਹੈ ਕਿ ਉਨ੍ਹਾਂ ਨੇ ਬੱਸ ਨੂੰ ਤੁਰੰਤ ਨਹੀਂ ਰੋਕਿਆ ਅਤੇ ਕੈਬਿਨ ਦੇ ਅੰਦਰ ਸਿਗਰਟਨੋਸ਼ੀ ਜਾਰੀ ਰੱਖੀ।

ਇਸ ਤੋਂ ਬਾਅਦ ਅੱਗ ਤੇਜ਼ੀ ਨਾਲ ਪੂਰੀ ਗੱਡੀ ਵਿੱਚ ਫੈਲ ਬਾਕੀ ਸਫ਼ਾ 7 'ਤੇ

ਈਡੀ ਦੇ ਛਾਪਿਆਂ ਵਿਰੁੱਧ 'ਆਪ' ਆਗੂਆਂ ਤੇ ਵਰਕਰਾਂ ਦਾ ਰੋਸ ਵਿਖਾਵਾ

ਦੇਸ਼ ਪ੍ਰਦੇਸ਼

ਚੰਡੀਗੜ੍ਹ, 24 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਆਮ ਆਦਮੀ ਪਾਰਟੀ (ਆਪ) ਨੇ ਈਡੀ ਦੀ ਛਾਪੇਮਈ ਖਿਲਾਫ ਮੋਹਾਲੀ ਵਿਖੇ ਗਮਾਡਾ ਦਫ਼ਤਰ ਦੇ ਬਾਹਰ ਈਡੀ ਦੀਆਂ ਟੀਮਾਂ ਦਾ ਘੇਰਾਓ ਕੀਤਾ ਅਤੇ ਕੇਂਦਰ ਦੀ ਭਾਜਪਾ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਆਪ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗੁਵਾਈ ਵਿੱਚ ਹੋਏ ਇਸ ਪ੍ਰਦਰਸ਼ਨ ਦੌਰਾਨ ਵੱਡੀ ਗਿਣਤੀ ਵਿੱਚ ਆਪ ਵਰਕਰ ਸ਼ਾਮਿਲ ਹੋਏ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਵਿੱਚ ਚੋਣਾਂ ਦਾ ਦੌਰ ਚੱਲ ਰਹਾ ਹੈ, ਪਰ ਬੀਜੇਪੀ ਨੇ ਈਡੀ ਦਾ ਦੌਰ ਜ਼ਿਆਦਾ ਵਧਾ ਦਿੱਤਾ ਹੈ, ਕਿਉਂਕਿ ਇਹ ਸਾਨੂੰ ਦਬਾਉਣਾ ਅਤੇ ਸਾਡੇ 'ਤੇ ਦਬਾਅ ਬਣਾਉਣਾ ਚਾਹੁੰਦੇ ਹਨ। ਇਹਨਾਂ ਨੂੰ ਲੱਗਦਾ ਹੈ ਕਿ ਇਹ ਜਿੰਨਾ ਪ੍ਰੇਸ਼ਾਨ ਕਰਨਗੇ, ਉਨ੍ਹਾਂ ਸਾਡਾ ਧਿਆਨ ਇਸ ਪਾਸੇ

ਈਡੀ ਦੀ ਟੀਮ ਦਾ ਘੇਰਾਓ ਕਰ ਕੇ ਬੀਜੇਪੀ ਦੀ ਕੇਂਦਰ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

ਆਵੇਗਾ ਅਤੇ ਪ੍ਰਚਾਰ ਤੋਂ ਧਿਆਨ ਘੱਟ ਜਾਵੇਗਾ। ਦਿੱਲੀ ਵਿੱਚ ਵੀ ਇਹਨਾਂ ਨੇ ਚੋਣਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਸੀ ਅਤੇ ਉਹੀ ਕੰਮ ਹੁਣ ਇੱਥੇ ਕਰ ਰਹੇ ਹਨ ਕਿ ਜਿਵੇਂ ਦਿੱਲੀ 'ਚ ਚੋਣਾਂ ਜਿੱਤੀਆਂ ਸਨ, ਉਵੇਂ ਇੱਥੇ ਵੀ ਜਿੱਤ ਲੈਣਗੇ। ਉਨ੍ਹਾਂ ਕਿਹਾ ਕਿ ਇਹ ਚਾਹੁੰਦੇ ਹਨ ਕਿ ਪੰਜਾਬ ਵਿੱਚ ਦੁਬਾਰਾ ਆਮ ਆਦਮੀ ਪਾਰਟੀ ਦੀ ਸਰਕਾਰ ਨਾ ਬਣੇ, ਜੇਕਰ ਪੰਜਾਬ ਵਿੱਚ ਦੁਬਾਰਾ ਸਰਕਾਰ ਬਣ ਗਈ ਤਾਂ ਇਹ ਫਿਰ ਪੂਰੇ ਦੇਸ਼ ਵਿੱਚ ਜਾਣਗੇ ਅਤੇ ਇਹਨਾਂ ਨੂੰ ਆਪਣਾ ਖ਼ਤਰਾ ਮਹਿਸੂਸ ਹੋਵੇਗਾ। ਕਲਸੀ ਨੇ ਬਾਕੀ ਸਫ਼ਾ 7 'ਤੇ

ਸੀਐਮ ਭਗਵੰਤ ਮਾਨ ਨਾਲ ਹੋਈ ਪੱਲੇਦਾਰਾਂ ਯੂਨੀਅਨਾਂ ਦੀ ਮੀਟਿੰਗ

ਮੁੱਖ ਮੰਤਰੀ ਨਾਲ ਮੀਟਿੰਗ ਮਗਰੋਂ ਪੱਲੇਦਾਰਾਂ ਨੂੰ ਉਮੀਦ, ਮੰਗਾਂ ਦੇ ਹੱਲ ਲਈ ਸਰਕਾਰ ਨੇ ਮੰਗਿਆ ਸਮਾਂ

ਦੇਸ਼ ਪ੍ਰਦੇਸ਼ **ਜਗਰਾਉਂ, 24 ਸਤੰਬਰ (ਜਗਦੀਪ ਸਿੰਘ)** : ਪੰਜਾਬ ਦੇ ਪੱਲੇਦਾਰ ਮਜ਼ਦੂਰਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਅਤੇ ਸਮੱਸਿਆਵਾਂ ਨੂੰ ਲੈ ਕੇ ਪੱਲੇਦਾਰ ਯੂਨੀਅਨ ਦੀ ਸੰਘਰਸ਼ ਕਮੇਟੀ ਦੀ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨਾਲ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਪੱਲੇਦਾਰਾਂ ਦੇ ਰੇਟਾਂ, ਟਾਈਮ ਟੇਬਲ, ਈ.ਪੀ.ਐੱਫ., ਈ.ਐੱਸ.ਆਈ. ਅਤੇ ਠੇਕੇਦਾਰੀ ਸਿਸਟਮ ਖਤਮ ਕਰਕੇ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਸਿੱਧੀ ਅਦਾਇਗੀ ਕਰਨ ਸਮੇਤ ਵੱਖ-ਵੱਖ ਮੰਗਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਫੂਡ ਐਂਡ ਫੂਡ ਸਪਲਾਈ ਵਿਭਾਗ ਦੇ ਸੈਕਟਰੀ ਰਾਹੁਲ ਤਿਵਾੜੀ ਸਮੇਤ ਵਿਭਾਗ ਦੇ ਅਧਿਕਾਰੀ ਅਤੇ ਪੰਜਾਬ ਦੀ ਸੰਘਰਸ਼ ਕਮੇਟੀ ਦੇ ਆਗੂ ਸ਼ਾਮਲ ਹੋਏ। ਇਸ ਮੌਕੇ ਰਮੇਸ਼ ਕੁਮਾਰ ਮੰਸ਼ੀ ਸਹੋਤਾ, ਪ੍ਰਧਾਨ ਫੂਡ ਐਂਡ ਅਲਾਈਡ ਵਰਕਰ ਯੂਨੀਅਨ ਪੰਜਾਬ,

ਖੁਸ਼ੀ ਮੁਹੰਮਦ, ਜਨਰਲ ਸਕੱਤਰ ਫੂਡ ਗਰੇਨ ਐਂਡ ਅਲਾਈਡ ਵਰਕਰ ਯੂਨੀਅਨ, ਸਿੰਦਰਪਾਲ ਬੁਢਲਾਡਾ, ਪ੍ਰਧਾਨ ਪੰਜਾਬ ਪ੍ਰਦੇਸ਼ ਪੱਲੇਦਾਰ ਯੂਨੀਅਨ, ਹਰਦੇਵ ਸਿੰਘ ਗੋਲਡੀ, ਪ੍ਰਧਾਨ ਗੱਲਾ ਮਜ਼ਦੂਰ ਯੂਨੀਅਨ, ਕਰਮਦੀਨ ਦਿਓਲ, ਪ੍ਰਧਾਨ ਐੱਫ.ਸੀ.ਆਈ. ਐਂਡ ਏਜੰਸੀ ਆਜ਼ਾਦ ਯੂਨੀਅਨ, ਕਾਮਰੇਡ ਬਖਤਾਵਰ ਸਿੰਘ ਫਾਜ਼ਿਲਕਾ, ਸਵਰਨ ਸਿੰਘ ਬਿੱਟੂ ਅਬੋਹਰ ਅਤੇ ਹੋਰ ਯੂਨੀਅਨਾਂ ਦੇ ਆਗੂ ਮੌਜੂਦ ਸਨ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਰਮੇਸ਼ ਕੁਮਾਰ ਮੰਸ਼ੀ ਸਹੋਤਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿੱਤਾ ਹੈ ਕਿ ਸਰਕਾਰ ਮਜ਼ਦੂਰਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਦੀਆਂ ਬਾਕੀ ਸਫ਼ਾ 7 'ਤੇ

ਅੰਤਰਰਾਸ਼ਟਰੀ ਗੀਤਾ ਮਹੋਤਸਵ ਦੀਆਂ ਤਿਆਰੀਆਂ ਸਬੰਧੀ ਸੀਐਮ ਸੈਣੀ ਨੇ ਧਾਰਮਿਕ-ਸਮਾਜਿਕ ਸੰਸਥਾਵਾਂ ਨਾਲ ਕੀਤੀ ਸਮੀਖਿਆ

ਦੇਸ਼ ਪ੍ਰਦੇਸ਼ **ਚੰਡੀਗੜ੍ਹ, 24 ਸਤੰਬਰ (ਰਾਜੇਂਦਰ ਸਿੰਘ ਜਾਦੌਂ)** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਵੀਰਵਾਰ ਨੂੰ ਗੀਤਾ ਗਿਆਨ ਸੰਸਥਾਨਮ, ਕੁਰੂਕਸ਼ੇਤਰ ਵਿਖੇ ਅੰਤਰਰਾਸ਼ਟਰੀ ਗੀਤਾ ਮਹੋਤਸਵ-2026 ਦੇ ਆਯੋਜਨ ਨੂੰ ਲੈ ਕੇ ਕੁਰੂਕਸ਼ੇਤਰ ਦੀਆਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਹੋਈ। ਮੀਟਿੰਗ ਵਿੱਚ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਮਹੋਤਸਵ ਦੇ ਆਯੋਜਨ ਨੂੰ ਲੈ ਕੇ ਆਪਣੇ ਸੁਝਾਅ ਅਤੇ ਵਿਚਾਰ ਮੁੱਖ ਮੰਤਰੀ ਦੇ ਸਾਹਮਣੇ ਰੱਖੇ। ਮੁੱਖ ਮੰਤਰੀ ਨੇ ਸਾਰੀਆਂ ਸੰਸਥਾਵਾਂ ਨੂੰ ਮਿਲ ਕੇ ਮਹੋਤਸਵ ਨੂੰ ਸ਼ਾਨਦਾਰ, ਗੌਰਵਮਈ ਅਤੇ ਜਨ-ਭਾਗੀਦਾਰੀ ਨਾਲ ਬਣਾਉਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਗੀਤਾ ਸਿਰਫ ਇੱਕ ਧਾਰਮਿਕ ਗ੍ਰੰਥ ਨਹੀਂ, ਸਗੋਂ ਜੀਵਨ ਨੂੰ ਦਿਸ਼ਾ ਦੇਣ ਵਾਲਾ ਸੰਦੇਸ਼ ਹੈ।

ਮਹਾਤਮਾ ਗਾਂਧੀ ਦੇ ਗੀਤਾ ਸਬੰਧੀ ਵਿਚਾਰਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਗਾਂਧੀ ਜੀ ਗੀਤਾ ਨੂੰ ਜੀਵਨ ਦੀਆਂ ਔਖੇ ਹਾਲਾਤਾਂ ਅਤੇ ਸੰਘਰਸ਼ਾਂ ਵਿੱਚ ਮਾਰਗਦਰਸ਼ਨ ਅਤੇ ਹੌਸਲਾ ਦੇਣ ਵਾਲਾ ਗ੍ਰੰਥ ਮੰਨਦੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਕੁਰੂਕਸ਼ੇਤਰ ਦਾ ਵਾਤਾਵਰਣ ਗੀਤਾ ਦੀ ਧਰਤੀ ਦੀ ਗਰਿਮਾ ਦੇ ਅਨੁਕੂਲ ਸਾਫ਼, ਸੁੰਦਰ ਅਤੇ ਵਿਵਸਥਿਤ ਰਹੇ, ਇਸ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ। ਉਨ੍ਹਾਂ 'ਸਵੱਛ ਕੁਰੂਕਸ਼ੇਤਰ, ਪਵਿੱਤਰ ਕੁਰੂਕਸ਼ੇਤਰ' ਨੂੰ ਸਾਂਝਾ ਸੰਕਲਪ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਦਾ ਸਵਾਗਤ 'ਅਤਿਥੀ ਦੇਵੋ ਭਵ' ਦੀ ਭਾਵਨਾ ਨਾਲ ਕੀਤਾ ਜਾਵੇ, ਤਾਂ ਜੋ ਹਰੇਕ ਆਉਣ ਵਾਲੇ ਨੂੰ ਕੁਰੂਕਸ਼ੇਤਰ ਵਿੱਚ ਆਪਣਾਪਣ ਅਤੇ ਸਤਿਕਾਰ ਮਹਿਸੂਸ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਕੁਰੂਕਸ਼ੇਤਰ ਦੇ ਸਾਰੇ ਪ੍ਰਮੁੱਖ ਚੌਂਕਾਂ ਨੂੰ ਮਹਾਭਾਰਤ ਕਾਲੀਨ ਥੀਮ 'ਤੇ ਵਿਕਸਿਤ ਕੀਤਾ ਜਾਵੇਗਾ। ਇਸ ਨਾਲ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਕੁਰੂਕਸ਼ੇਤਰ ਦੀ ਇਤਿਹਾਸਕ ਅਤੇ ਸੱਭਿਆਚਾਰਕ ਪਛਾਣ ਨੂੰ ਦਰਸਾਇਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਯਤਨ ਹੈ ਕਿ ਪੂਰੀ ਕੁਰੂਕਸ਼ੇਤਰ ਨਗਰੀ ਗੀਤਾ ਅਤੇ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਨਗਰੀ ਦੇ ਭਾਵ ਨੂੰ ਪ੍ਰਗਟ ਕਰੇ। ਮੁੱਖ ਮੰਤਰੀ ਨੇ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਆਪਣੇ-ਆਪਣੇ ਪੱਧਰ 'ਤੇ ਮਹੋਤਸਵ ਦੀਆਂ ਤਿਆਰੀਆਂ ਵਿੱਚ ਸਹਿਯੋਗ ਕਰਨ ਅਤੇ ਆਪਣੇ ਸੁਝਾਅ ਬਾਕੀ ਸਫ਼ਾ 7 'ਤੇ

ਪਟਿਆਲਾ ਵਿਖੇ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਲਈ ਗੁਰਦੁਆਰਾ ਪ੍ਰਬੰਧਕਾਂ ਨੇ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕੀਤੀ ਮੁਲਾਕਾਤ

ਦੇਸ਼ ਪ੍ਰਦੇਸ਼

ਪਟਿਆਲਾ, 24 ਸਤੰਬਰ (ਰਾਜਿੰਦਰ ਸਿੰਘ ਥਿੰਦ) : ਸਥਾਨਕ ਵੱਖ ਵੱਖ ਥਾਵਾਂ ਤੇ ਵਾਪਰੀਆਂ ਬੇਅਦਬੀਆਂ ਦੀਆਂ ਘਟਨਾਵਾਂ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੰਭੀਰ ਨੋਟਿਸ ਲਿਆ।ਇਸ ਸਬੰਧ ਵਿਚ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਪ੍ਰੈਸ ਕਾਨਫਰੰਸ ਕਰਕੇ ਦੱਸਿਆ ਕਿ ਪਟਿਆਲਾ ਦੇਵੀਗੜ੍ਹ ਰੋਡ ਅਤੇ ਸ਼ਹਿਰ ਦੇ ਨਿਹਾਲ ਬਾਗ ਸਰਕਟ ਹਾਊਸ ਨੇੜੇ ਦੋ ਬੇਅਦਬੀਆਂ ਦੀਆਂ ਘਟਨਾਵਾਂ ਦਾ ਵਾਪਰਨਾ ਬੇਹੱਦ ਮੰਦਭਾਗਾ ਹੈ. ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਲ ਖੰਡਤ ਕੀਤੇ ਗਏ ਗੁਟਕਾ ਸਾਹਿਬ ਦੀ ਸੂਚਨਾ ਸੰਗਤ ਵੱਲੋਂ ਇਹ ਮਾਮਲਾ ਧਿਆਨ ਵਿਚ ਲਿਆਂਦਾ ਸੀ, ਜਿਸ ਤੋਂ ਤੁਰੰਤ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਪ੍ਰਚਾਰਕ ਸਾਹਿਬਾਨਾਂ ਨੇ ਸੰਗਤਾਂ ਦੇ ਸਹਿਯੋਗ ਨਾਲ ਪਟਿਆਲਾ ਦੇਵੀਗੜ੍ਹ ਰੋਡ ਵਿਖੇ ਖੰਡਤ ਕੀਤੇ ਗਏ ਗੁਟਕਾ ਸਾਹਿਬ ਦੇ ਖਿਲਰੇ ਅੰਗਾਂ ਨੂੰ ਅਦਬ ਅਤੇ ਬਾਕੀ ਸਫ਼ਾ 7 'ਤੇ

ਬੇਅਦਬੀ ਦੀਆਂ ਘਟਨਾਵਾਂ ਮੰਦਭਾਗੀਆਂ, ਸਾਜਿਸ਼ਾਂ ਨੂੰ ਸਰਕਾਰ ਬੇਨਕਾਬ ਕਰੇ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

➢ ਬੇਅਦਬੀ ਦੀਆਂ ਘਟਨਾਵਾਂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਬੇਹੱਦ ਮੰਦਭਾਗਾ. ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਦਾ ਸਮਾਜ ਅੰਦਰ ਵਾਰ ਵਾਰ ਵਾਪਰਨ ਤੋਂ ਪਤਾ ਲੱਗਦਾ ਹੈ ਕਿ ਸਰਕਾਰ ਬੇਅਦਬੀਆਂ ਦੀਆਂ ਘਟਨਾਵਾਂ ਨੂੰ ਰੋਕਣ ਵਿਚ ਅਸਫਲ ਰਹੀ ਹੈ. ਐਡਵੋਕੇਟ ਧਾਮੀ ਨੇ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਸਾਜਿਸ਼ਾਂ ਨੂੰ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਬੇਨਕਾਬ ਕਰਨਾ ਚਾਹੀਦਾ ਉਨ੍ਹਾਂ ਕਿਹਾ ਕਿ ਜਦੋਂ ਤੋਂ ਸਰਕਾਰ ਜਾਗਤ ਜੋਤਿ ਸਤਿਕਾਰ ਐਕਟ ਕਾਨੂੰਨ ਲੈ ਕੇ ਆਈ, ਉਸ ਸਮੇਂ ਤੋਂ ਸੰਗਤਾਂ ਅੰਦਰ ਡਰ ਦਾ ਮਾਹੌਲ ਅਤੇ ਘਰਾਂ ਵਿਚ ਗੁਟਕਾ ਸਾਹਿਬ ਰੱਖਣ ਆਦਿ ਨੂੰ ਲੈ ਕੇ ਭਰਮ ਭੁਲੇਖੇ ਪੈਦਾ ਹੋਏ ਹਨ. ਐਡਵੋਕੇਟ ਧਾਮੀ ਨੇ ਕਿਹਾ ਕਿ ਜਦੋਂ ਵਾਰ ਵਾਰ ਬੇਅਦਬੀਆਂ ਦੀਆਂ ਘਟਨਾਵਾਂ ਸਾਹਮਣੇ ਆਉਂਦੀਆਂ ਹਨ ਤਾਂ ਪਤਾ ਲੱਗਦਾ ਸਰਕਾਰ ਇਸ ਮਸਲੇ ਪ੍ਰ

ਬੱਬਲੂ ਲੋਪੋਂ ਦੀ ਅਗਵਾਈ 'ਚ 26 ਦੀ ਛਪਾਰ ਰੈਲੀ ਲਈ ਵੱਡਾ ਜੱਥਾ ਹੋਵੇਗਾ ਰਵਾਨਾ

ਸਮਰਾਲਾ, 24 ਸਤੰਬਰ (ਬ੍ਰਹਮਜੋਤ ਭੰਗਲਾਂ) ਅੱਜ ਹਲਕਾ ਸਮਰਾਲਾ ਵਿੱਚ ਵਾਰਸ ਪੰਜਾਬ ਜਥੇਬੰਦੀ ਦੇ ਹਲਕਾ ਇੰਚਾਰਜ ਬਰਜਿੰਦਰ ਸਿੰਘ ਬਬਲੂ ਲੋਪੋਂ ਦੀ ਅਗਵਾਈ ਵਿੱਚ ਪਾਰਟੀ ਦੇ ਯੂਥ ਆਗੂਆਂ ਅਤੇ ਵਰਕਰਾਂ ਦੀ ਇੱਕ ਵੱਡੀ ਮੀਟਿੰਗ ਸੱਦੀ ਗਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਮੁੱਖ ਸੇਵਾਦਾਰ ਬਬਲੂ ਲੋਪੋਂ ਨੇ ਕਿਹਾ ਕਿ ਹੁਣ ਤੱਕ ਪੰਜਾਬ ਵਿੱਚ ਜਿੰਨੀਆਂ ਵੀ ਪਾਰਟੀਆਂ ਨੇ ਰਾਜ ਕੀਤਾ ਹੈ, ਉਹ ਸਾਰੀਆਂ ਪਾਰਟੀਆਂ ਪੰਜਾਬ ਦੇ ਲੋਕਾਂ ਦੀਆਂ ਆਸਾਂ ਤੇ ਖਰਾ ਨਹੀਂ ਉੱਤਰ ਸਕੀਆਂ, ਪੰਜਾਬ ਵਿਚ ਨਸ਼ੇ ਨੇ ਚਾਰੇ ਪਾਸੇ ਪੈਰ ਪਸਾਰ ਕੇ ਨੌਜਵਾਨੀ ਦਾ ਘਾਣ ਕਰਨ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ, ਸੱਤਾਧਾਰੀ ਸਰਕਾਰ ਦੇ ਨਸ਼ਾ ਮੁਕਤੀ ਦੇ ਦਾਅਵੇ ਹਵਾ @ਚ ਉੱਡਦੇ ਵਿਖਾਈ ਦੇ ਰਹੇ ਹਨ। ਰਾਜ ਕਰਨ ਵਾਲੀ

ਇਸ ਪਾਰਟੀ ਨੇ ਪੰਜਾਬੀਆਂ ਨੂੰ ਉਹਨਾਂ ਦੇ ਬਣਦੇ ਹੱਕਾਂ ਤੋਂ ਹੁਣ ਤੱਕ ਵਾਂਝਾ ਰੱਖਿਆ ਹੋਇਆ ਹੈ। ਪੰਜਾਬ ਦੇ ਲੋਕ ਸੱਤਾਧਾਰੀ ਪਾਰਟੀ ਦੀਆਂ ਧੱਕੇਸ਼ਾਹੀਆਂ ਅਤੇ ਗਲਤ ਨੀਤੀਆਂ ਤੋਂ ਬੁਰੀ ਤਰ੍ਹਾਂ ਅੱਕੇ ਪਏ ਹਨ, ਜੋ ਐਤਕੀ ਵਿਧਾਨ ਸਭਾ ਦੀਆਂ ਚੋਣਾਂ ਵਿਚ ਇੱਕਜੁੱਟ ਹੋਕੇ @ਵਾਰਸ ਪੰਜਾਬ ਦੇ @ ਜਥੇਬੰਦੀ ਨੂੰ ਅੱਗੇ ਲਿਆ ਕੇ ਪੰਜਾਬ ਦੀ ਵਾਗਡੋਰ ਸੰਭਾਲਣਗੇ। ਇਸ ਮੀਟਿੰਗ ਵਿਚ ਬੱਬਲੂ ਲੋਪੋਂ ਵੱਲੋਂ 26 ਤਰੀਕ ਦੀ ਹੋਣ ਵਾਲੀ ਛਪਾਰ ਦੀ ਕਾਨਫਰੰਸ ਵਿੱਚ ਜਥੇਬੰਦੀ ਦੇ ਹੋਣ ਵਾਲੇ ਵੱਡੇ ਇਕੱਠ ਨੂੰ ਸਫਲ ਬਣਾਉਣ ਲਈ ਕੀਤੀਆਂ ਜਾਣ ਵਾਲੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਗਈਆਂ। ਬੱਬਲੂ ਲੋਪੋਂ ਨੇ ਕਿਹਾ ਕੇ ਵਾਰਿਸ ਪੰਜਾਬ ਜਥੇਬੰਦੀ ਦਾ ਵੱਡਾ ਇਕੱਠ ਵਿਰੋਧੀ ਪਾਰਟੀਆਂ ਦੀ ਨੀਂਦ ਉਡਾ ਕੇ ਰੱਖ ਦੇਵੇਗਾ। ਇਸ ਮੌਕੇ ਲੋਪੋਂ ਵੱਲੋਂ ਜ਼ਿਲ੍ਹਾ ਯੂਥ ਪ੍ਰਧਾਨ ਵਰਿੰਦਰ ਸਿੰਘ ਦਾ ਸਨਮਾਨ ਕਰਕੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਹਰਮੇਲ ਸਿੰਘ,ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਜਸਕਰਨ ਸਿੰਘ, ਸਿਕੰਦਰ ਸਿੰਘ, ਬਸੰਤ ਸਿੰਘ, ਹਰਜੰਟ ਸਿੰਘ ਬਲਾਲਾ, ਅਵੀ ਬੈਨੀਪਾਲ,ਜੱਗੀ ਭਰਥਲਾ, ਗੁਰਸ਼ਰਨ ਬਾਲਿਓਂ,ਬਸੰਤ ਮਾਣੇਵਾਲ, ਸ਼ੇਰਾ ਸੁਲਤਾਨਪੁਰ, ਬਲਵੰਤ ਲੱਖੋਵਾਲ,ਇੰਦਰਜੀਤ ਕੁੱਬੇ, ਮਨਦੀਪ ਤੱਖਰਾਂ,ਵਿੱਕੀ ਤੱਖਰਾਂ,ਜਗਮਿੰਦਰ ਬਲਾਲਾ, ਸੁੱਖ ਮੰਜਾਲੀ ਕਲਾਂ,ਗਗਨ ਬਗਲੀ ਅਤੇ ਮੇਜਰ ਰਾਮਗੜ੍ਹ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

ਹਲਕਾ ਵਿਧਾਇਕ ਡਾ.ਚਰਨਜੀਤ ਸਿੰਘ ਵੱਲੋਂ ਢਾਈ ਕਰੋੜ ਦੀ ਲਾਗਤ ਨਾਲ ਬਣ ਰਹੀ ਸੜਕ ਦਾ ਉਦਘਾਟਨ

ਮੋਰਿੰਡਾ 24 ਸਤੰਬਰ (ਬਲਵੀਰ ਸਿੰਘ ਚਲਾਕੀ): ਚਮਕੌਰ ਸਾਹਿਬ ਰੋਡ ਤੇ ਪੈਂਦੇ ਪਿੰਡ ਸਰਹਾਣਾ ਤੋਂ ਬੱਲਾਂ ਤੱਕ ਜੋ ਜੀਟੀ ਰੋਡ ਚੰਡੀਗੜ੍ਹ-ਲੁਧਿਆਣਾ ਨੂੰ ਜੋੜਦੀ ਤਕਰੀਬਨ ਪੰਜ ਕਿਲੋਮੀਟਰ ਲੰਬੀ ਸੜਕ ਦਾ ਉਦਘਾਟਨ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਵੱਲ ਆਮ ਆਦਮੀ ਪਾਰਟੀ ਯੂਥ ਵਿੰਗ ਪੰਜਾਬ ਦੇ ਮੀਤ ਪ੍ਰਧਾਨ ਵੀਰ ਦਵਿੰਦਰ ਸਿੰਘ ਬੱਲਾਂ ਅਤੇ ਇਲਾਕਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਨੇ ਦੱਸਿਆ ਕਿ ਇਹ ਸੜਕ 18 ਫੁੱਟ ਚੌੜੀ ਕੀਤੀ ਜਾ ਰਹੀ ਹੈ । ਇਹ ਸੜਕ ਕਰੀਬ ਢਾਈ ਕਰੋੜ ਦੀ ਲਾਗਤ ਨਾਲ ਬਣੇਗੀ ਤੇ ਇਸ ਨਾਲ ਲੱਗਦੇ ਤਕਰੀਬਨ 10 ਪਿੰਡ ਨੂੰ ਇਸ ਦਾ ਲਾਭ ਹੋਵੇਗਾ । ਉਹਨਾਂ ਇਸ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ । ਇਸ ਮੌਕੇ ਪ੍ਰੋਫੈਸਰ ਵੀਰ ਦਵਿੰਦਰ ਸਿੰਘ ਬੱਲਾਂ ਨੇ ਕਿਹਾ ਕਿ ਇਹ ਸੜਕ ਵਧੀਆ ਮਟੀਰੀਅਲ ਨਾਲ ਬਣਾਈ ਜਾ ਰਹੀ ਹੈ, ਕੋਈ ਵੀ ਪਿੰਡ ਵਾਸੀ ਇਸ ਸੜਕ ਦੇ ਵਰਤੇ ਜਾ ਰਹੇ ਮਟੀਰੀਅਲ ਦੀ ਜਾਂਚ ਕਰ ਸਕਦਾ । ਉਹਨਾਂ ਇਸ ਲਈ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ ਦਾ ਧੰਨਵਾਦ ਕੀਤਾ । ਇਸ ਮੌਕੇ ਸ਼ੂਗਰ ਬਿਲ ਮੋਰਿੰਡਾ ਦੇ ਚੇਅਰਮੈਨ ਹਰਜਿੰਦਰ ਸਿੰਘ ਸੋਹੀ, ਨਗਰ ਕੌਂਸਲ ਪ੍ਰਧਾਨ ਮੋਰਿੰਡਾ ਜਗਪਾਲ ਸਿੰਘ ਜੋਲੀ,ਆਪ ਦੇ ਆਗੂ ਬਲਜੀਤ ਸਿੰਘ ਨੱਤ,ਗੁਰਪ੍ਰੀਤ ਸਿੰਘ ਮੰਡਾਂ, ਪ੍ਰਦੀਪ ਸਿੰਘ ਆਦਿ ਹਾਜ਼ਰ ਸਨ ।

ਪੰਜਾਬੀਆਂ ਦੀ ਅਮੀਰ ਵਿਰਾਸਤ ਮਾਂ ਬੋਲੀ ਪੰਜਾਬੀ : ਚੇਅਰਮੈਨ ਮਲੂਕਾ

ਭਗਤਾ ਭਾਈਕਾ, 24 ਸਤੰਬਰ (ਸਿੰਕਦਰ ਸਿੰਘ ਕੋਇਰ ਵਾਲਾ)-ਵਿਸ਼ਵ ਪੱਧਰ @ਤੇ ਮਾਂ-ਬੋਲੀ ਪੰਜਾਬੀ ਨੂੰ ਮਨਾਉਣਾ ਇਕ ਅਗਾਂਹਵਧੂ ਸੋਚ ਤੇ ਪੰਜਾਬੀ ਮਾਂ-ਬੋਲੀ ਦੀ ਨਿਵੇਕਲੀ ਪਛਾਣ ਨੂੰ ਬਰਕਰਾਰ ਰੱਖਣਾ ਸਾਰੇ ਪੰਜਾਬੀਆਂ ਦਾ ਫ਼ਰਜ਼ ਬਣਦਾ ਹੈ। ਇਹ ਪ੍ਰਗਟਾਵਾ ਮਾਤਾ ਬਲਜਿੰਦਰ ਕੌਰ ਮੈਮੋਰੀ ਅਰਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਨੇ ਅੱਜ ਇਥੇ ਪ੍ਰੈਸ ਰਿਲੀਜ਼ ਰਾਹੀਂ ਕੀਤਾ। ਚੇਅਰਮੈਨ ਮਲੂਕਾ ਨੇ ਕਿਹਾ ਕਿ ਪੰਜਾਬ ਰਿਸ਼ੀਆਂ, ਗੁਰੂਆਂ ਪੀਰਾਂ ਦੀ ਧਰਤੀ ਹੈ, ਜਿਸ ਦੀ ਬੋਲੀ ਪੰਜਾਬੀ ਤੇ ਪੰਜਾਬੀਅਤ ਉਸ ਦੀ ਰੂਹ ਹੈ, ਸਦੀਆਂ ਦੇ ਭਾਸ਼ਾਈ ਵਿਕਾਸ, ਲੋਕ ਬੋਲੀਆਂ, ਸੰਤ ਪਰੰਪਰਾ ਤੇ ਸੂਫ਼ੀ ਰਵਾਇਤਾਂ ਨੇ ਮਿਲ ਕੇ ਪੰਜਾਬੀ ਨੂੰ ਉਹ ਰੂਪ ਦਿੱਤਾ ਹੈ, ਜਿਸ ਨੂੰ ਅੱਜ ਅਸੀਂ ਪੰਜਾਬ ਦੀ ਮਾਂ-ਬੋਲੀ ਵਜੋਂ ਜਾਣਦੇ ਹਾਂ। ਉਨ੍ਹਾਂ ਕਿਹਾ ਵਿਸ਼ਵ ਪੰਜਾਬੀ ਦਿਵਸ ਹਰ ਸਾਲ 23 ਸਤੰਬਰ ਨੂੰ ਮਾਂ-ਬੋਲੀ ਪੰਜਾਬੀ ਦੀ ਮਹੱਤਤਾ, ਮਾਣ, ਸਤਿਕਾਰ ਅਤੇ ਵਿਸ਼ਵ ਪੱਧਰ @ਤੇ ਇਸ ਦੀ ਪਛਾਣ ਨੂੰ ਮਜ਼ਬੂਤ ਰੱਖਣ ਲਈ ਮਨਾਇਆ ਜਾਂਦਾ ਹੈ। ਇਹ ਦਿਨ ਮਹਾਨ ਸੂਫ਼ੀ ਕਵੀ ਬਾਬਾ ਸ਼ੇਖ ਫ਼ਰੀਦ ਜੀ ਦੇ ਆਗਮਨ ਦਿਵਸ ਨੂੰ ਸਮਰਪਿਤ ਹੈ। ਬਾਬਾ ਸ਼ੇਖ ਫ਼ਰੀਦ ਜੀ ਨੇ ਵੀ ਪੰਜਾਬੀ ਬੋਲੀ ਵਿਚ ਰਚੇ ਸਲੋਕ ਤੇ ਸ਼ਬਦਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਬਾਣੀ ਦੇ ਰੂਪ ਵਿਚ ਦਰਜ ਕਰਾਕੇ ਪੰਜਾਬੀ ਬੋਲੀ ਦਾ ਮਾਣ ਵਧਾਇਆ ਹੈ। ਮਾਂ ਬੋਲੀ ਹੀ ਇਕ ਅਜਿਹਾ ਜ਼ਰੀਆ ਹੈ, ਜੋ ਸਭਨਾਂ ਨੂੰ ਸਾਂਝੇ ਸੂਤਰ ਵਿਚ ਪਰੋਂਦਾ ਹੈ ਤੇ ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ। ਚੇਅਰਮੈਨ ਨੇ ਕਿਹਾ ਕਿ ਅੱਜ ਪੰਜਾਬੀ ਬੋਲੀ ਨੇ ਡਿਜ਼ੀਟਲ ਪਲੇਟਫਾਰਮ @ਤੇ ਵੀ ਆਪਣੀ ਧਾਕ ਜਮ੍ਹਾ ਲਈ ਹੈ। ਅੱਜ ਗੂਗਲ, ਫੇਸਬੁੱਕ ਵੱਟਸਐਪ ਅਤੇ ਹੋਰ ਸੋਸ਼ਲ ਮੀਡੀਆ ਨੇ ਵੀ ਪੰਜਾਬੀ ਕੀ-ਬੋਰਡ ਲੇ-ਆਊਟ ਦੇ ਦਿੱਤੇ ਹਨ, ਜਿਸ ਦੀ ਸਹਾਇਤਾ ਨਾਲ ਅਸੀਂ ਬੜੀ ਆਸਾਨੀ ਨਾਲ ਪੰਜਾਬੀ ਲਿਖ ਸਕਦੇ ਹਾਂ।ਚੇਅਰਮੈਨ ਮਲੂਕਾ ਨੇ ਕਿਹਾ ਕਿ ਪੰਜਾਬੀ ਬੋਲੀ ਪੰਜਾਬੀਆਂ ਦੀ ਅਮੀਰ ਵਿਰਾਸਤ ਹੈ ਜਿਸ ਨੂੰ ਸੰਭਾਲਣ ਲਈ ਹਰ ਇਕ ਪੰਜਾਬੀ ਦਾ ਫ਼ਰਜ਼ ਹੈ।

ਹਲਕਾ ਧਰਮਕੋਟ ਦੀ ਹੰਗਾਮੀ ਮੀਟਿੰਗ 'ਚ ਵੱਡਾ ਐਲਾਨ 26 ਸਤੰਬਰ ਨੂੰ ਸ਼ਿਪਾਰ ਮੇਲੇ ਲਈ ਸਿੱਧੂ ਨਿਵਾਸ ਤੋਂ ਰਵਾਨਾ ਹੋਵੇਗਾ ਵਿਸ਼ਾਲ ਕਾਫਲਾ

ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਸੀਨੀਅਰ ਲੀਡਰਸ਼ਿਪ ਨੇ ਕੀਤੀ ਤਿਆਰੀਆਂ ਦੀ ਸਮੀਖਿਆ; ਪਿੰਡਾਂ ਤੋਂ ਵੱਡੀ ਗਿਣਤੀ 'ਚ ਲੋਕਾਂ ਦੇ ਕਾਨਫਰੰਸ 'ਚ ਪਹੁੰਚਣ ਦਾ ਦਾਅਵਾ

ਮੋਗਾ /ਕੋਟ ਈਸੇ ਖਾਂ-24 ਸਤੰਬਰ-(ਜਗਰਾਜ ਸਿੰਘ ਸੰਘਾ/ ਸੰਜੀਵ ਸੂਦ)-ਅਕਾਲੀ ਦਲ ਵਾਰਸ ਪੰਜਾਬ ਦੀ ਹਲਕਾ ਧਰਮਕੋਟ ਦੀ ਅਹਿਮ ਹੰਗਾਮੀ ਮੀਟਿੰਗ ਜਸਵਿੰਦਰ ਸਿੰਘ ਸਿੱਧੂ ਦੀ ਰਹਾਇਸ਼ 'ਤੇ ਹੋਈ, ਜਿਸ ਵਿੱਚ ਹਲਕੇ ਦੀ ਸੀਨੀਅਰ ਲੀਡਰਸ਼ਿਪ ਅਤੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ ਅਤੇ ਲੀਡਰਸ਼ਿਪ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਆਉਣ ਵਾਲੇ ਸ਼ਿਪਾਰ ਮੇਲੇ ਦੀ ਕਾਨਫਰੰਸ ਸਬੰਧੀ ਤਿਆਰੀਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 26 ਸਤੰਬਰ ਨੂੰ ਜਸਵਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਸਿੱਧੂ ਨਿਵਾਸ ਤੋਂ ਵੱਡਾ ਕਾਫਲਾ ਸ਼ਿਪਾਰ ਮੇਲੇ ਲਈ ਰਵਾਨਾ ਹੋਵੇਗਾ। ਆਗੂਆਂ ਵੱਲੋਂ ਦਾਅਵਾ ਕੀਤਾ ਗਿਆ ਕਿ ਹਲਕਾ ਧਰਮਕੋਟ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਇਸ ਕਾਨਫਰੰਸ ਵਿੱਚ ਸ਼ਿਰਕਤ ਕਰਨਗੇ। ਇਸ ਮੌਕੇ ਅਕਾਲੀ ਦਲ ਵਾਰਸ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸਿੰਘ ਰਸੂਲਪੁਰ ਵੱਲੋਂ 1 ਅਕਤੂਬਰ ਨੂੰ ਗ੍ਰੀਂਡ ਪੈਲਸ ਵਿਖੇ ਹੋਣ ਵਾਲੇ ਦੱਸੇ ਜਾ ਰਹੇ ਇਕੱਠ ਬਾਰੇ ਸਪੱਸ਼ਟ ਕੀਤਾ ਗਿਆ ਕਿ ਪਾਰਟੀ ਦੇ ਪੱਖ ਤੋਂ ਉਸ ਪ੍ਰੋਗਰਾਮ ਨਾਲ ਕੋਈ ਸਬੰਧ ਨਹੀਂ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਪੋਸਟਰ ਜਾਂ ਪ੍ਰਚਾਰ ਸਮੱਗਰੀ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਦੇ ਨਾਮ ਵਰਤੇ ਗਏ ਹਨ ਤਾਂ ਪਾਰਟੀ ਵੱਲੋਂ ਉਸ ਪ੍ਰੋਗਰਾਮ ਨੂੰ ਅਧਿਕਾਰਤ ਮਾਨਤਾ ਨਹੀਂ ਦਿੱਤੀ ਗਈ। ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ 26 ਸਤੰਬਰ ਦੇ ਸ਼ਿਪਾਰ ਮੇਲੇ ਦੀ ਕਾਨਫਰੰਸ ਲਈ ਪਿੰਡ-ਪੱਧਰ 'ਤੇ ਲੋਕਾਂ ਨਾਲ ਸੰਪਰਕ ਕਰਨ ਅਤੇ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਸਬੰਧੀ ਵਿਚਾਰ ਕੀਤਾ।

ਚੇਅਰਮੈਨ ਇੰਦਰਜੀਤ ਸਿੰਘ ਮਾਨ ਦਾ ਢਿਪਾਲੀ ਵਿਖੇ ਪੁੱਜਣ 'ਤੇ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ

ਰਾਮਪੁਰਾ ਫੂਲ, 24 ਸਤੰਬਰ, (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ):ਪੰਜਾਬ ਦਾ ਇੱਕੋ ਨਾਅਰਾ ਭਗਵੰਤ ਮਾਨ ਦੁਬਾਰਾ ਮੁਹਿੰਮ ਦੇ ਤਹਿਤ ਹਲਕਾ ਰਾਮਪੁਰਾ ਫੂਲ ਦੇ ਪਿੰਡ ਢਿਪਾਲੀ ਵਿਖੇ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਲੋਕ ਮਿਲਣੀ ਕਰਨ ਲਈ ਪਹੁੰਚੇ ਤਾਂ ਪਿੰਡ ਵਾਸੀਆਂ ਦੁਆਰਾ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਸਮੇਂ ਲੋਕ ਮਿਲਣੀ ਵਿੱਚ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਕੰਮ ਦੀ ਰਾਜਨੀਤੀ ਕਰਦੀ ਹੈ ਅਤੇ ਆਮ ਆਦਮੀ ਪਾਰਟੀ ਨੇ ਕਦੇ ਵੀ ਸਿਆਸੀ ਰੋਟੀਆਂ ਨਹੀਂ ਸੇਕੀਆਂ ਨਾ ਹੀ ਧਾਰਮਿਕ ਮੁੱਦੇ 'ਤੇ ਰਾਜਨੀਤੀ ਕੀਤੀ ਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਕੰਮ ਦੇ ਮੁੱਦੇ ਉੱਤੇ ਰਾਜਨੀਤੀ ਕਰਨ ਨੂੰ ਹੀ ਤਰਜੀਹ ਦਿੱਤੀ। ਉੱਥੇ ਹੀ ਉਹਨਾਂ ਬੋਲਦਿਆਂ ਕਿਹਾ ਕਿ ਪਿਛਲੇ 70 ਸਾਲਾਂ ਤੋਂ ਪੰਜਾਬ ਉੱਪਰ ਰਾਜ ਕਰਨ ਵਾਲੀਆਂ ਰਾਜਨੀਤਿਕ ਪਾਰਟੀਆਂ ਨੇ ਸਿਰਫ਼ ਤੋਂ ਸਿਰਫ਼ ਧਰਮ ਦੇ ਨਾਮ ਉੱਪਰ ਹੀ ਰਾਜਨੀਤੀ ਕੀਤੀ ਆ ਅਤੇ ਸਿਆਸੀ ਰੋਟੀਆਂ ਸੇਕਣ ਤੋਂ ਬਿਨਾਂ ਪੰਜਾਬ ਨੂੰ ਵਿਕਾਸ ਪੱਖੋਂ ਅੱਗੇ ਵਧਾਉਣ ਲਈ ਕੋਈ ਰੋਡ ਮੈਪ ਤਿਆਰ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪ੍ਰਚੰਡ ਬਹੁਮਤ ਨਾਲ ਸ੍ਰ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ 'ਆਪ ਸਰਕਾਰ' ਬਣੀ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਉਹ ਕੰਮ ਕਰ ਦਿਖਾਏ ਦੋ ਇੰਨਾਂ ਰਵਾਇਤੀ ਪਾਰਟੀਆਂ ਨੇ ਪੰਜਾਬ ਇਤਿਹਾਸ ਕਦੇ ਵੀ ਨਹੀਂ ਕੀਤੇ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਅਪੀਲ ਕਰਦਿਆਂ ਪਿੰਡ ਵਾਸੀਆਂ ਨੂੰ ਕਿਹਾ ਕਿ ਜੇ ਆਪਾਂ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਹੈ ਅਤੇ ਪੰਜਾਬ ਅੰਦਰ ਕੰਮ ਕਰਨ ਵਾਲੀ ਸਰਕਾਰ ਚਾਹੁੰਦੇ ਹਾਂ ਤਾਂ 2027 ਵਿੱਚ ਫਿਰ ਮਾਨਯੋਗ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਚੰਡ ਬਹੁਮਤ ਨਾਲ ਪੰਜਾਬ ਦੀ ਸੱਤਾ ਅੰਦਰ ਲੈ ਕਿ ਆਈਏ ਤਾਂ ਜੋ ਰਹਿਦੇ ਕੰਮਾਂ ਨੂੰ ਪੂਰਾ ਕਰ ਸਕੀਏ ਅਤੇ ਪੰਜਾਬ ਨੂੰ ਭਾਰਤ ਦੇਸ਼ ਵਿੱਚ ਸਭ ਤੋਂ ਵੱਧ ਵਿਕਾਸਸ਼ੀਲ ਸੂਬਾ ਬਣਾ ਸਕੀਏ।

ਐਮ.ਟੀ.ਐੱਸ. ਬਰਨਾਲਾ ਵਿਖੇ ਟਰਮ-1 ਪੀ.ਟੀ.ਐੱਮ. ਦਾ ਆਯੋਜਨ

ਬਰਨਾਲਾ: 24 ਸਤੰਬਰ (ਅਵਤਾਰ ਸਿੰਘ ਫਰਵਾਹੀ)ਮਦਰ ਟੀਚਰ ਸਕੂਲ (ਐਮ.ਟੀ.ਐੱਸ.), ਬਰਨਾਲਾ ਵਿਖੇ ਅਕਾਦਮਿਕ ਸੈਸ਼ਨ 2026-27 ਲਈ ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦੀ ਟਰਮ-1 ਪੇਰੈਂਟ-ਟੀਚਰ ਮੀਟਿੰਗ (ਪੀ.ਟੀ.ਐੱਮ.) ਕਰਵਾਈ ਗਈ। ਮੀਟਿੰਗ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਗਤੀ ਦੇ ਨਾਲ-ਨਾਲ ਉਨ੍ਹਾਂ ਦੇ ਵਿਹਾਰ ਅਤੇ ਸਮੁੱਚੇ ਵਿਕਾਸ ਦੀ ਸਮੀਖਿਆ ਕਰਨਾ ਸੀ। ਇਸ ਮੌਕੇ ਅਧਿਆਪਕਾਂ ਵੱਲੋਂ ਮਾਪਿਆਂ ਨੂੰ ਵਿਦਿਆਰਥੀਆਂ ਦੀਆਂ ਉੱਤਰ-ਪੁਸਤਕਾਂ ਦਿਖਾਈਆਂ ਗਈਆਂ, ਜਿਸ ਰਾਹੀਂ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ, ਉਪਲਬਧੀਆਂ ਅਤੇ ਸੁਧਾਰ ਵਾਲੇ ਖੇਤਰਾਂ ਬਾਰੇ ਜਾਣਕਾਰੀ ਮਿਲੀ। ਅਧਿਆਪਕਾਂ ਨੇ ਵਿਦਿਆਰਥੀਆਂ ਦੀਆਂ ਸਕਾਰਾਤਮਕ ਖੂਬੀਆਂ, ਕਲਾਸਰੂਮ ਵਿਹਾਰ, ਭਾਗੀਦਾਰੀ ਅਤੇ ਸਿੱਖਣ ਦੀਆਂ ਆਦਤਾਂ ਬਾਰੇ ਮਾਪਿਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।

ਵਿਦਿਆਰਥੀਆਂ ਦੀਆਂ ਲੋੜਾਂ ਅਤੇ ਚੁਣੌਤੀਆਂ ਨੂੰ ਧਿਆਨ ਵਿੱਚ ਰੱਖਦਿਆਂ ਅਧਿਆਪਕਾਂ ਅਤੇ ਮਾਪਿਆਂ ਨੇ ਮਿਲ ਕੇ ਸੁਧਾਰਾਤਮਕ ਉਪਾ

ਖਰੜ ਬਾਰ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਨੂੰ ਗੁਰ ਪ੍ਰਤਾਪ ਸਿੰਘ ਪਡਿਆਲਾ ਨੇ ਕੀਤਾ ਸਨਮਾਨਿਤ

ਸ਼ਸ਼ੀ ਪਾਲ ਜੈਨ, ਖਰੜ, 24 ਸਤੰਬਰ: ਕਾਂਗਰਸੀ ਆਗੂ ਗੁਰ ਪ੍ਰਤਾਪ ਸਿੰਘ ਪਡਿਆਲਾ ਨੇ ਅੱਜ ਖਰੜ ਬਾਰ ਐਸੋਸੀਏਸ਼ਨ ਦੇ ਬਾਰ ਰੂਮ ਵਿੱਚ ਪਹੁੰਚ ਕੇ ਨਵੀਂ ਚੁਣੀ ਗਈ ਕਾਰਜਕਾਰਨੀ ਨਵ-ਨਿਯੁਕਤ ਪ੍ਰਧਾਨ ਸਚਿਨ ਚੌਧਰੀ, ਸਕੱਤਰ ਸੁਸਾਂਤ ਕੌਸਿਕ, ਵਾਈਸ ਪ੍ਰਧਾਨ (ਮਹਿਲਾ) ਖੁਸਪ੍ਰੀਤ ਕੌਰ, ਵਾਈਸ ਪ੍ਰਧਾਨ (ਪੁਰਸ) ਨਕੁਲ ਕਪੂਰ, ਜਨਰਲ ਸਕੱਤਰ ਕਮਲਜੀਤ ਕੌਰ ਅਤੇ ਖਜਾਨਚੀ ਸਚਿਨ ਵਰਮਾ ਸਾਮਲ ਸਨ। ਇਸ ਮੌਕੇ ਖਰੜ ਬਾਰ ਐਸੋਸੀਏਸ਼ਨ ਦੇ ਨਵੇਂ ਚੁਣੇ ਗਏ ਸੈਕਟਰੀ ਐਡਵੋਕੇਟ ਸੁਸਾਂਤ ਕੌਸਿਕ ਵੱਲੋਂ ਗੁਰ ਪ੍ਰਤਾਪ ਸਿੰਘ ਪਡਿਆਲਾ ਦਾ ਵੀ ਸਨਮਾਨ ਕੀਤਾ ਗਿਆ। ਐਡਵੋਕੇਟ ਖੜਕ ਸਿੰਘ ਨੇ ਵੀ ਇਸ ਮੌਕੇ ਆਪਣੇ ਵਿਚਾਰ ਸਾਂਝੇ ਕੀਤੇ। ਆਪਣੇ ਸੰਬੋਧਨ ਵਿੱਚ ਗੁਰ ਪ੍ਰਤਾਪ ਸਿੰਘ ਪਡਿਆਲਾ ਨੇ ਕਿਹਾ ਕਿ ਉਨਾਂ ਦਾ ਪਰਿਵਾਰ ਖਰੜ ਹਲਕੇ ਦੀ ਲੰਮੇ ਸਮੇਂ ਤੋਂ ਸੇਵਾ ਕਰਦਾ ਆ ਰਿਹਾ ਹੈ। ਉਨਾਂ ਕਿਹਾ ਕਿ ਉਨਾਂ ਦੇ ਨਾਨਾ ਬਚਿੱਤਰ ਸਿੰਘ ਇਸੇ ਕੋਰਟ ਵਿੱਚ ਵਕਾਲਤ ਕਰਦੇ ਰਹੇ ਹਨ ਅਤੇ ਵਿਧਾਇਕ ਵਜੋਂ ਵੀ ਉਨਾਂ ਨੇ ਖਰੜ ਹਲਕੇ ਦੀ ਸੇਵਾ ਕੀਤੀ। ਇਸ ਮੌਕੇ ਗੁਰ ਪ੍ਰਤਾਪ ਸਿੰਘ ਪੰਡਿਆਲਾ ਨੇ ਆਪਣੇ ਨਿੱਜੀ ਤੌਰ 'ਤੇ ਖਰੜ ਬਾਰ ਐਸੋਸੀਏਸ਼ਨ ਲਈ ਇੱਕ ਲੱਖ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ। ਅੰਤ ਵਿੱਚ ਖਰੜ ਬਾਰ ਐਸੋਸੀਏਸਨ ਦੇ ਨਵੇਂ ਚੁਣੇ ਪ੍ਰਧਾਨ ਐਡਵੋਕੇਟ ਸਚਿਨ ਚੌਧਰੀ ਨੇ ਗੁਰ ਪ੍ਰਤਾਪ ਸਿੰਘ ਪਡਿਆਲਾ ਦਾ ਧੰਨਵਾਦ ਕੀਤਾ। ਇਸ ਮੌਕੇ ਬਾਰ ਐਸੋਸੀਏਸਨ ਦੇ ਮੈਂਬਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

ਖਰੜ ਵਿਖੇ ਲਾਇਨਜ ਇੰਟਰਨੈਸ਼ਨਲ ਦੀ ਡਿਸਟਿਰਕਟ ਗਵਰਨਰਜ ਜੋਨ ਐਡਵਾਈਜਰੀ ਮੀਟਿੰਗ ਹੋਈ

ਸ਼ਸ਼ੀ ਪਾਲ ਜੈਨ, ਖਰੜ, 24 ਸਤੰਬਰ: ਲਾਇਨਜ ਇੰਟਰਨੈਸਨਲ ਡਿਸਟਿ ?ਰਕਟ 321- ਦੇ ਗੀਜਨ 14 ਅਧੀਨ ਜੋਨ 1, 2 ਅਤੇ 3 ਦੀ ਡਿਸਟਿ ?ਰਕਟ ਗਵਰਨਰਜ ਜੋਨ ਐਡਵਾਈਜਰੀ ਮੀਟਿੰਗ ਖਰੜ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਲਾਇਨਜ ਕਲੱਬਾਂ ਦੇ ਅਹੁਦੇਦਾਰਾਂ ਅਤੇ ਗੀਜਨ ਕੋਆਰਡੀਨੇਟਰਾਂ ਨੇ ਸਮੂਲੀਅਤ ਕੀਤੀ। ਮੀਟਿੰਗ ਵਿੱਚ ਸਾਬਕਾ ਡਿਸਟਿਰਕਟ ਗਵਰਨਰ ਪੀ ਐਮ ਜੇ ਐੱਫ ਲਾਇਨ ਪ੍ਰੀਤ ਕੰਵਲ ਸਿੰਘ, ਡਿਸਟਿਰਕਟ ਐਡਮਿਨਿਸਟਰੇਟਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸਿਰਕਤ ਕੀਤੀ, ਜਦਕਿ ਐਮ ਜੇ ਐੱਫ ਲਾਇਨ ਅਮਨਦੀਪ ਸਿੰਘ ਗੁਲਾਟੀ, ਗੀਜਨ ਚੇਅਰਪਰਸਨ ਗੈਸਟ ਆਫ ਆਨਰ ਵਜੋਂ ਹਾਜਰ ਰਹੇ। ਮੀਟਿੰਗ ਦੀ ਮੇਜਬਾਨੀ ਲਾਇਨ ਹਰਬੰਸ ਸਿੰਘ, ਜੋਨ ਚੇਅਰਪਰਸਨ-1; ਲਾਇਨ ਸੰਦੀਪ ਵਰਮਾ, ਜੋਨ ਚੇਅਰਪਰਸਨ-2 ਅਤੇ ਲਾਇਨ ਨਵੀਨ ਕੇ. ਗੁਪਤਾ, ਜੋਨ ਚੇਅਰਪਰਸਨ-3 ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਮੀਟਿੰਗ ਦੌਰਾਨ ਕਲੱਬਾਂ ਦੀਆਂ ਗਤੀਵਿਧੀਆਂ, ਮੈਂਬਰਸ਼ਿਪ, ਸਮਾਜ ਸੇਵਾ ਪ੍ਰੋਜੈਕਟਾਂ ਅਤੇ ਡਿਸਟਿਰਕਟ ਦੇ ਟੀਚਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਕਲੱਬ ਅਹੁਦੇਦਾਰਾਂ ਨੇ ਆਪਣੇ ਕਲੱਬਾਂ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਅਤੇ ਆਉਣ ਵਾਲੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਗੀਜਨ ਚੇਅਰਪਰਸਨ ਐਮ ਜੇ ਐੱਫ ਲਾਇਨ ਅਮਨਦੀਪ ਸਿੰਘ ਗੁਲਾਟੀ ਨੇ ਜੋਨ 1, 2 ਅਤੇ 3 ਦੇ ਕਲੱਬਾਂ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਕਲੱਬ ਅਹੁਦੇਦਾਰਾਂ ਨੂੰ ਆਪਸੀ ਸਹਿਯੋਗ ਨਾਲ ਸੇਵਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸਾਲੀ ਬਣਾਉਣ ਲਈ ਪ੍ਰੇਰਿਤ ਕੀਤਾ। ਮੀਟਿੰਗ ਵਿੱਚ ਜੋਨ 1, 2 ਅਤੇ 3 ਅਧੀਨ ਆਉਂਦੇ ਖਰੜ, ਕੁਰਾਲੀ, ਰੋਪੜ, ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ, ਮੋਰਿੰਡਾ ਤੇ ਮੋਹਾਲੀ ਦੇ ਲਾਇਨਜ ਕਲੱਬਾਂ ਦੇ ਪ੍ਰਧਾਨਾਂ, ਸਕੱਤਰਾਂ, ਖਜਾਨਚੀਆਂ, ਪੀ.ਆਰ.ਓ., ਮੀਤ ਪ੍ਰਧਾਨਾਂ ਅਤੇ ਗੀਜਨ ਕੋਆਰਡੀਨੇਟਰਾਂ ਨੇ ਹਿੱਸਾ ਲਿਆ।

ਪੁਲੀਸ ਵਲੋਂ ਕਪਿਲ ਸਾਂਗਵਾਨ ਉਰਫ ਨੰਦੂ ਨਜਫਗੜ ਗੈਂਗ ਦੇ ਦੋ ਸ਼ੂਟਰ ਹਥਿਆਰਾਂ ਸਮੇਤ ਕਾਬੂ

ਸ਼ਸ਼ੀ ਪਾਲ ਜੈਨ, ਖਰੜ, 24 ਸਤੰਬਰ: ਸੰਗਠਿਤ ਅਪਰਾਧ ਵਿਰੁੱਧ ਪੁਲੀਸ ਨੂੰ ਇੱਕ ਵੱਡੀ ਸਫਲਤਾ ਉਸ ਸਮੇਂ ਮਿਲੀ ਜਦੋਂ ਕਪਿਲ ਸਾਂਗਵਾਨ ਉਰਫ ਨੰਦੂ ਨਜਫਗੜ ਗੈਂਗ ਦੇ ਦੋ ਸ਼ੂਟਰਾਂ/ਕਾਰਕੁਨਾਂ ਨੂੰ ਦੋ ਅਤਿ-ਆਧੁਨਿਕ ਹਥਿਆਰਾਂ ਅਤੇ ਗੋਲਾ-ਬਾਰੂਦ ਸਮੇਤ ਕਾਬੂ ਕੀਤਾ ਗਿਆ। ਇਸ ਸਬੰਧੀ ਪੁਲੀਸ ਤੋਂ ਪ੍ਰਾਪਤ ਸੂਚਨਾ ਅਨੁਸਾਰ ਇਨਾਂ ਦੇ ਨਾਂ ਅਨਿਕੇਤ ਚਿਕਾਰਾ ਵਾਸੀ ਪਿੰਡ ਗੋਪਾਲਪੁਰ, ਸੋਨੀਪਤ ਅਤੇ ਈਸ਼ਾਨ ਵਾਸੀ ਹੁੱਡਾ ਕਲੋਨੀ, ਪਾਨੀਪਤ ਹਨ। ਪੁਲੀਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਗਿ ?ਰਫਤਾਰ ਕੀਤੇ ਗਏ ਮੁਲਜਮਾਂ ਵਿਰੁੱਧ ਹਰਿਆਣਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਕਤਲ, ਡਕੈਤੀ ਅਤੇ ਅਸਲਾ ਐਕਟ ਦੇ 7 ਤੋਂ ਵੱਧ ਮਾਮਲੇ ਦਰਜ ਹਨ। ਪੁਲੀਸ ਅਨੁਸਾਰ ਇਨਾਂ ਮੁਲਜਮਾਂ ਵਿਰੁੱਧ ਖਰੜ ਥਾਣਾ ਸਿਟੀ ਵਿਚ ਐਫ ਆਈ.ਆਰ. ਨੰਬਰ 314, ਮਿਤੀ 23-09-2026, ਅਧੀਨ ਧਾਰਾ 111 ਅਤੇ 25 ਅਸਲਾ ਐਕਟ ਦਰਜ ਕੀਤੀ ਗਈ ਹੈ। ਇਸ ਸਬੰਧੀ ਅਗਲੇਰੀ ਜਾਂਚ ਜਾਰੀ ਹੈ।

ਬਾਵਨ ਦੁਆਦਸੀ ਸਮਾਗਮ ਵਿੱਚ ਸੁਭਾਸ਼ ਸ਼ਰਮਾ ਨੇ ਲਵਾਈ ਹਾਜ਼ਰੀ

ਡੇਰਾਬੱਸੀ, 24 ਸਤੰਬਰ (ਸੁਖਵਿੰਦਰ ਸੈਣੀ): ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਦੇ ਉਪ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਭਾਸ਼ ਸ਼ਰਮਾ ਨੇ ਡੇਰਾਬੱਸੀ ਸਥਿਤ ਰਾਮ ਤਲਾਈ ਵਿਖੇ ਕਰਵਾਏ ਗਏ ਬਾਵਨ ਦੁਆਦਸੀ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਭਗਵਾਨ ਸ਼੍ਰੀ ਰਾਮ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਸਮਾਗਮ ਵਿੱਚ ਪਹੁੰਚੇ ਸ਼ਰਧਾਲੂਆਂ ਨੂੰ ਵਧਾਈ ਦਿੱਤੀ। ਸੁਭਾਸ਼ ਸ਼ਰਮਾ ਨੇ ਕਿਹਾ ਕਿ ਬਾਵਨ ਦੁਆਦਸੀ ਵਰਗੇ ਧਾਰਮਿਕ ਸਮਾਗਮ ਸਾਡੀ ਸੱਭਿਆਚਾਰਕ ਵਿਰਾਸਤ ਦਾ ਅਹਿਮ ਹਿੱਸਾ ਹਨ। ਅਜਿਹੇ ਤਿਉਹਾਰ ਸਾਂਝੇ ਤੌਰ 'ਤੇ ਮਨਾਉਣ ਨਾਲ ਸਮਾਜ ਵਿੱਚ ਭਾਈਚਾਰਕ ਸਾਂਝ ਅਤੇ ਏਕਤਾ ਦਾ ਸੰਦੇਸ਼ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਮ ਤਲਾਈ ਦੇ ਸੁੰਦਰੀਕਰਨ ਲਈ ਕੀਤੇ ਜਾ ਰਹੇ ਉਪਰਾਲੇ ਵੀ ਸ਼ਲਾਘਾਯੋਗ ਹਨ ਅਤੇ ਉਹ ਇੱਥੇ ਪਹੁੰਚ ਕੇ ਖੁਸ਼ੀ ਮਹਿਸੂਸ ਕਰ ਰਹੇ ਹਨ। ਉਨ੍ਹਾਂ ਰਾਮ ਤਲਾਈ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਕਮੇਟੀ ਵੱਲੋਂ ਰਾਮ ਤਲਾਈ ਦੇ ਸੁੰਦਰੀਕਰਨ ਦੇ ਨਾਲ-ਨਾਲ ਧਾਰਮਿਕ ਸਮਾਗਮਾਂ ਦੇ ਆਯੋਜਨ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ। ਉਨ੍ਹਾਂ ਕਮੇਟੀ ਦੇ ਪ੍ਰਧਾਨ ਸੁਸ਼ੀਲ ਵਿਆਸ ਵੱਲੋਂ ਸੰਗਠਨ ਦੇ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ 'ਆਪ' ਦੀ ਸੰਯੁਕਤ ਸਕੱਤਰ ਸਵੀਟੀ ਸ਼ਰਮਾ, ਆਗੂ ਬਲਵਿੰਦਰ ਸਿੰਘ ਆਲਮਗੀਰ, ਸਵਰਨ ਸਿੰਘ ਟਿਵਾਣਾ, ਗੁਰਸੇਵਕ ਸਿੰਘ, ਹਰਜਿੰਦਰ ਸਿੰਘ ਭੂਡਾ, ਅੰਮ੍ਰਿਤਪਾਲ ਸਿੰਘ ਅਤੇ ਸੋਨੂੰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਟ੍ਰਾਈਡੈਂਟ ਗਰੁੱਪ ਅਤੇ ਪੰਜਾਬ ਯੂਨੀਵਰਸਿਟੀ ਵੱਲੋਂ ਕੌਮੀ ਪੱਧਰ ਦੇ ਹੈਕਾਥਾਨ 'ਡਿਕਾਰਬੋਨਿਕਸ 1.0' ਦਾ ਆਯੋਜਨ

ਚੰਡੀਗੜ੍ਹ/ਪੰਜਾਬ, 24 ਸਤੰਬਰ (ਸਸੀ ਜੈਨ, ਅਵਤਾਰ ਸਿੰਘ ਫਰਵਾਹੀ): ਟ੍ਰਾਈਡੈਂਟ ਗਰੁੱਪ ਅਤੇ ਪੰਜਾਬ ਯੂਨੀਵਰਸਿਟੀ ਦੇ ਯੂ ਨੀ ਵ ਰ ਸਿ ਟੀ ਇੰਸਟੀਚਿਊਟ ਆਫ਼ ਕੈ ਮੀ ਕ ਲ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਡਾ. ਐੱਸ.ਐੱਸ. ਬੀ.ਯੂ.ਆਈ.ਸੀ.ਈ.ਟੀ.) ਦੇ ਸਹਿਯੋਗ ਨਾਲ ਕੌਮੀ ਪੱਧਰ ਦੇ ਹੈਕਾਥਾਨ 'ਡਿਕਾਰਬੋਨਿਕਸ 1.0' ਦਾ ਆਯੋਜਨ ਕੀਤਾ ਗਿਆ। ਇਹ ਹੈਕਾਥਾਨ ਉਦਯੋਗਿਕ ਕਾਰਬਨ ਨਿਕਾਸੀ ਘਟਾਉਣ ਅਤੇ ਟਿਕਾਊ ਉਦਯੋਗਿਕ ਵਿਕਾਸ ਨਾਲ ਜੁੜੀਆਂ ਅਸਲ ਚੁਣੌਤੀਆਂ 'ਤੇ ਕੇਂਦਰਿਤ ਰਿਹਾ। ਇਸ ਦਾ ਗ੍ਰੈਂਡ ਫਿਨਾਲੇ 18 ਅਤੇ 19 ਸਤੰਬਰ ਨੂੰ ਕਰਵਾਇਆ ਗਿਆ, ਜਿਸ ਵਿਚ ਦੇਸ਼ ਦੇ ਪ੍ਰਮੁੱਖ ਸਿੱਖਿਆ ਸੰਸਥਾਨਾਂ ਤੋਂ ਚੁਣੀਆਂ ਗਈਆਂ 23 ਟੀਮਾਂ ਨੇ ਭਾਗ ਲਿਆ। ਹੈਕਾਥਾਨ ਦੇ ਮੁੱਢਲੇ ਪੜਾਅ ਵਿਚ ਦੇਸ਼ ਭਰ ਤੋਂ 174 ਟੀਮਾਂ ਨੇ ਹਿੱਸਾ ਲਿਆ। ਇਹ ਟੀਮਾਂ 21 ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ 86 ਸਿੱਖਿਆ ਸੰਸਥਾਨਾਂ ਨਾਲ ਸਬੰਧਤ ਸਨ। ਫਾਈਨਲ ਲਈ ਚੁਣੀਆਂ ਗਈਆਂ ਟੀਮਾਂ ਵਿਚ ਆਈ.ਆਈ.ਟੀ. ਰੁੜਕੀ, ਆਈ.ਆਈ.ਟੀ. ਜੰਮੂ, ਆਈ.ਆਈ.ਟੀ. ਮੰਡੀ, ਐੱਨ.ਆਈ.ਟੀ. ਜਲੰਧਰ, ਐੱਨ.ਆਈ.ਟੀ. ਹਮੀਰਪੁਰ, ਅੰਨਾ ਯੂਨੀਵਰਸਿਟੀ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਅਤੇ ਪੰਜਾਬ ਯੂਨੀਵਰਸਿਟੀ ਸਮੇਤ ਕਈ ਪ੍ਰਮੁੱਖ ਸੰਸਥਾਨਾਂ ਦੇ ਵਿਦਿਆਰਥੀ ਸ਼ਾਮਲ ਰ ਹ ੇ । 'ਡਿਕਾਰਬੋਨਿਕਸ 1.0' ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਖੇਤਰ ਦੀਆਂ ਅਸਲ ਚੁਣੌਤੀਆਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਵਿਹਾਰਕ ਤੇ ਆਰਥਿਕ ਤੌਰ 'ਤੇ ਕਾਰਗਰ ਹੱਲ ਵਿਕਸਿਤ ਕਰਨ ਦਾ ਮੌਕਾ ਦੇਣਾ ਸੀ। ਮੁਕਾਬਲੇ ਵਿਚ ਇਕਜੁੱਟ ਟੈਕਸਟਾਈਲ ਅਤੇ ਕਾਗਜ਼ ਨਿਰਮਾਣ ਕੰਪਲੈਕਸ ਨੂੰ ਆਧਾਰ ਬਣਾਉਂਦਿਆਂ ਭਾਗੀਦਾਰਾਂ ਨੂੰ ਕਾਰਬਨ ਨਿਕਾਸੀ ਘਟਾਉਣ ਦੇ ਸੰਭਾਵਿਤ ਉਪਾਅ ਲੱਭਣ ਦੇ ਨਾਲ-ਨਾਲ ਉਨ੍ਹਾਂ ਦੀ ਵਪਾਰਕ ਵਰਤੋਂ ਅਤੇ ਲਾਗੂ ਕਰਨ ਦੀਆਂ ਸੰਭਾਵਨਾਵਾਂ ਦਾ ਮੁਲਾਂਕਣ ਕਰਨ ਲਈ ਕਿਹਾ ਗਿਆ।

ਖਰੜ ਸਿਵਲ ਹਸਪਤਾਲ 'ਚ ਸਿਹਤ ਕਾਰਡ ਵੰਡ ਸਮਾਗਮ, ਗੋਲਡੀ ਨੇ ਕੀਤੀ ਸਿਰਕਤ

ਸ਼ਸ਼ੀ ਪਾਲ ਜੈਨ, ਖਰੜ, 24 ਸਤੰਬਰ: ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਤੱਕ ਸਿਹਤ ਸੇਵਾਵਾਂ ਅਤੇ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਪਹੁੰਚਾਉਣ ਦੇ ਮੰਤਵ ਨਾਲ ਐੱਸ.ਐੱਮ.ਓ. ਡਾ. ਸਰਿਤਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਖਰੜ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ (ਐੱਮ.ਐੱਮ.ਐੱਸ.ਵਾਈ.) ਤਹਿਤ ਸਿਹਤ ਕਾਰਡ ਵੰਡ ਸਮਾਗਮ ਕਰਵਾਇਆ ਗਿਆ। ਸਮਾਗਮ ਵਿੱਚ ਚੇਅਰਮੈਨ, ਯੂਥ ਡਿਵੈਲਪਮੈਂਟ ਬੋਰਡ, ਪੰਜਾਬ ਪਰਮਿੰਦਰ ਸਿੰਘ ਗੋਲਡੀ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕਰਦਿਆਂ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ। ਸਮਾਗਮ ਦੌਰਾਨ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨਾਂ ਕਿਹਾ ਕਿ ਸਰਕਾਰੀ ਸਿਹਤ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ। ਇਸ ਮੌਕੇ ਸਿਵਲ ਹਸਪਤਾਲ ਖਰੜ ਦੀ ਐੱਸ.ਐੱਮ.ਓ. ਡਾ. ਸਰਿਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਸਪਤਾਲ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ 1,000 ਤੋਂ ਵੱਧ ਸਿਹਤ ਕਾਰਡਾਂ ਦੀਆਂ ਹਾਰਡ ਕਾਪੀਆਂ ਤਿਆਰ ਹਨ। ਯੋਗ ਲਾਭਪਾਤਰੀ ਸਿਵਲ ਹਸਪਤਾਲ ਖਰੜ ਵਿਖੇ ਪਹੁੰਚ ਕੇ ਆਪਣੇ ਸਿਹਤ ਕਾਰਡ ਪ੍ਰਾਪਤ ਕਰ ਸਕਦੇ ਹਨ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਕਾਰਡ ਪ੍ਰਾਪਤ ਕਰਕੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਲਾਭ ਲੈਣ। ਸਮਾਗਮ ਦੌਰਾਨ ਸਿਹਤ ਵਿਭਾਗ ਵੱਲੋਂ ਲਾਭਪਾਤਰੀਆਂ ਨੂੰ ਕਾਰਡ ਵੰਡਣ ਦੇ ਨਾਲ-ਨਾਲ ਮੁੱਖ ਮੰਤਰੀ ਸਿਹਤ ਯੋਜਨਾ ਅਤੇ ਹੋਰ ਸਰਕਾਰੀ ਸਿਹਤ ਸਹੂਲਤਾਂ ਸਬੰਧੀ ਲੋੜੀਂਦੀ ਜਾਣਕਾਰੀ ਵੀ ਮੁਹੱਈਆ ਕਰਵਾਈ ਗਈ। ਮੌਜੂਦ ਲੋਕਾਂ ਨੂੰ ਯੋਜਨਾ ਦੇ ਲਾਭ ਅਤੇ ਕਾਰਡ ਦੀ ਵਰਤੋਂ ਸਬੰਧੀ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਬਲਾਕ ਸਮਿਤੀ ਖਰੜ ਦੇ ਚੇਅਰਮੈਨ ਰਘੁਬੀਰ ਸਿੰਘ ਮੋਦੀ, ਆਪ ਹਲਕਾ ਮੀਡੀਆ ਇੰਚਾਰਜ ਬਲਜੀਤ ਸਿੰਘ, ਰਾਮ ਸਰੂਪ, ਅੰਜੂ ਚੰਦਰ, ਸਾਬਕਾ ਪ੍ਰਧਾਨ ਨਗਰ ਕੌਂਸਲ ਖਰੜ, ਬਿੱਟੂ ਜੈਨ, ਯਸਪਾਲ ਬਾਂਸਲ, ਹਲਕਾ ਚੇਅਰਮੈਨ ਪੰਜਾਬ ਸਟੇਟ ਟਰੇਡਿੰਗ ਕਮਿਸਨ ਅਤੇ ਸੁਖਵਿੰਦਰ ਸਿੰਘ ਡਿੰਪਲ ਤੋਂ ਇਲਾਵਾ ਪਾਰਟੀ ਆਗੂ, ਵਲੰਟੀਅਰ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਮੌਜੂਦ ਸਨ। ਸਿਹਤ ਵਿਭਾਗ ਵੱਲੋਂ ਡਾ. ਸਰਿਤਾ, ਐੱਸ.ਐੱਮ.ਓ., ਡਾ. ਰਮਨ, ਡਾ. ਸੁਖਜੀਤ ਬਾਵਾ, ਡਾ. ਇਸਾਂਤ, ਡਾ. ਸੁਖਮਨ ਅਤੇ ਡਾ. ਰਾਹੁਲ ਭੱਲਾ ਸਮੇਤ ਹੋਰ ਸਟਾਫ ਵੀ ਵਿਸ਼ੇਸ਼ ਤੌਰ 'ਤੇ ਹਾਜਰ ਰਹੇ।

ਨਾਮ ਬਦਲੀ

➢ **I, Veerpartap Singh** S/o Aman Singh R/o Vill-Naranwali Po. Bishankot, Distt Gurdaspur, Punjab, India Pin Code-143512, I have changed my name from Veerpartap Singh to Singh Veerpartap Please Note. Surname As Singh And Given Name As Veerpartap.

ਆਮ ਸੂਚਨਾ

➢ ਮੈਂ **ਸ਼੍ਰੀ ਰਾਮ** ਪੁੱਤਰ ਦੀਵਾਨ ਚੰਦ ਵਾਸੀ ਪਿੰਡ: ਜੋਗੇਵਾਲ ਤਹਿ: ਬਲਾਚੌਰ ਜਿਲ੍ਹਾ ਸ.ਭ.ਸ. ਨਗਰ ਬਿਆਨ ਕਬਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਸੁਨੀਤਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

ਆਈਡੀਐਫਸੀ ਵੱ

ਸੰਪਾਦਕੀ

ਸੇਵਾ ਮੁਕਤੀ

ਅੱਜ-ਕੱਲ੍ਹ ਜਦੋਂ ਕਿਸੇ ਵਿਅਕਤੀ ਨੂੰ ਉਸ ਦੇ ਅਹੁਦੇ ਤੋਂ ਰਿਟਾਇਰਮੈਂਟ ਮਿਲਦੀ ਹੈ ਤਾਂ ਉਸ ਨੂੰ ਸਟਾਫ ਵੱਲੋਂ ਵੀ ਨਿੱਘੀ ਵਿਦਾਇਗੀ ਦਿੱਤੀ ਜਾਂਦੀ ਹੈ, ਪਾਰਟੀ ਕੀਤੀ ਜਾਂਦੀ ਹੈ, ਥੋੜ੍ਹਾ ਮਾਹੌਲ ਖ਼ੁਸ਼ਨੁਮਾ ਬਣਾਇਆ ਜਾਂਦਾ ਹੈ ਤੇ ਨਾਲ ਹੀ ਸਬੰਧਤ ਵਿਅਕਤੀ ਨਾਲ ਜੁੜੀਆਂ ਯਾਦਾਂ ਨੂੰ ਤਾਜ਼ਾ ਕੀਤਾ ਜਾਂਦਾ ਹੈ। ਜਿਸ ਵਿਅਕਤੀ ਦੀ ਰਿਟਾਇਰਮੈਂਟ ਹੋ ਰਹੀ ਹੁੰਦੀ ਹੈ, ਉਸ ਦੀ ਮਾਨਸਿਕ ਸਥਿਤੀ ਨੂੰ ਕੋਈ ਹੋਰ ਬਿਲਕੁਲ ਨਹੀਂ ਸਮਝ ਸਕਦਾ ਕਿਉਂਕਿ ਉਸ ਅੰਦਰ ਬਹੁਤ ਤਰ੍ਹਾਂ ਦੇ ਵਲਵਲੇ ਉੱਠ ਰਹੇ ਹੁੰਦੇ ਹਨ। ਜਿੱਥੇ ਇਕੱਠਾ ਪੈਸਾ ਮਿਲਣ ਦੀਆਂ ਬਹੁਤ ਸਾਰੀਆਂ ਯੋਜਨਾਵਾਂ ਦਿਮਾਗ ਵਿਚ ਚੱਲ ਰਹੀਆਂ ਹੁੰਦੀਆਂ ਹਨ, ਉੱਥੇ ਹੀ ਉਸ ਨੂੰ ਅੰਦਰੋ-ਅੰਦਰੀ ਇਕ ਝੋਰਾ ਜਿਹਾ ਖਾ ਰਿਹਾ ਹੁੰਦਾ ਹੈ ਕਿ ਜਿਸ ਮਹਿਕਮੇ 'ਚ ਉਸ ਨੇ ਜ਼ਿੰਦਗੀ ਦੇ ਐਨੇ ਵਰ੍ਹੇ ਬਿਤਾਏ ਹੁੰਦੇ ਹਨ, ਉਹ ਉਸ ਤੋਂ ਖੁੱਸ ਰਿਹਾ ਹੁੰਦਾ ਹੈ। ਰਿਟਾਇਰਮੈਂਟ ਵਾਲੇ ਦਿਨ ਤੋਂ ਅਗਲੀ ਸਵੇਰ ਉਸ ਨੂੰ ਬਹੁਤ ਹੀ ਉਦਾਸ ਤੇ ਖ਼ਾਲੀ ਜਿਹੀ ਲੱਗ ਰਹੀ ਹੁੰਦੀ ਹੈ। ਸੇਵਾ ਮੁਕਤੀ ਨੂੰ ਅਕਸਰ ਲੋਕ ਜ਼ਿੰਦਗੀ ਦਾ ਅੰਤਲਾ ਪੜਾਅ ਸਮਝ ਲੈਂਦੇ ਹਨ। ਨੌਕਰੀ ਖ਼ਤਮ ਹੋਈ ਤਾਂ ਲੱਗਦਾ ਹੈ ਕਿ ਹੁਣ ਕਰਨ ਲਈ ਕੁਝ ਬਚਿਆ ਹੀ ਨਹੀਂ। ਦਰਅਸਲ, ਰਿਟਾਇਰਮੈਂਟ ਕੰਮ ਤੋਂ ਮੁਕਤੀ ਹੈ, ਜ਼ਿੰਦਗੀ ਤੋਂ ਨਹੀਂ। ਇਹ ਉਹ ਸਮਾਂ ਹੁੰਦਾ ਹੈ ਜਦੋਂ ਮਨੁੱਖ ਆਪਣੀ ਸਾਰੀ ਉਮਰ ਦੇ ਤਜਰਬੇ, ਹੁਨਰ ਅਤੇ ਰੁਚੀਆਂ ਨੂੰ ਨਵੇਂ ਰੂਪ ਵਿਚ ਵਰਤ ਸਕਦਾ ਹੈ। ਨੌਕਰੀ ਦੌਰਾਨ ਸਵੇਰ ਤੋਂ ਸ਼ਾਮ ਤੱਕ ਦੀ ਜ਼ਿੰਮੇਵਾਰੀ ਹੁੰਦੀ ਹੈ। ਆਪਣੇ ਲਈ ਸਮਾਂ ਘੱਟ ਮਿਲਦਾ ਹੈ। ਰਿਟਾਇਰਮੈਂਟ ਤੋਂ ਬਾਅਦ ਸਮਾਂ ਹੀ ਸਭ ਤੋਂ ਵੱਡੀ ਪੂੰਜੀ ਬਣ ਜਾਂਦਾ ਹੈ। ਇਸ ਸਮੇਂ ਨੂੰ ਖ਼ਾਲੀ ਬੈਠ ਕੇ ਗੁਜ਼ਾਰਨ ਦੀ ਥਾਂ ਪੜ੍ਹਨ, ਲਿਖਣ, ਸਿੱਖਣ, ਸਮਾਜ ਸੇਵਾ, ਖੇਤੀ-ਬਾੜੀ, ਕਲਾ, ਸੈਰ ਜਾਂ ਆਪਣੇ ਮਨਪਸੰਦ ਦੇ ਕਿਸੇ ਕੰਮ ਨਾਲ ਜੋੜਿਆ ਜਾ ਸਕਦਾ ਹੈ। ਆਪਣੀ ਅਜਿਹੀ ਰੁਟੀਨ ਬਣਾਉਣੀ ਚਾਹੀਦੀ ਹੈ ਜਿਸ ਵਿਚ ਸਰੀਰ ਲਈ ਕਿਰਿਆਸ਼ੀਲਤਾ, ਮਨ ਲਈ ਸਕੂਨ ਅਤੇ ਦਿਲ ਲਈ ਖ਼ੁਸ਼ੀ ਨੂੰ ਥਾਂ ਹੋਵੇ। ਸਾਰਾ ਦਿਨ ਬਿਨਾਂ ਕਿਸੇ ਮਕਸਦ ਦੇ ਘਰ ਬੈਠੇ ਰਹਿਣ ਨਾਲ ਵਿਅਕਤੀ ਉਦਾਸ ਹੋ ਸਕਦਾ ਹੈ। ਜੇ ਪਹਿਲਾਂ ਹੀ ਉਹ ਇਹ ਸੋਚ ਕੇ ਰੱਖੇ ਕਿ ਰਿਟਾਇਰਮੈਂਟ ਤੋਂ ਬਾਅਦ ਸਭ ਤੋਂ ਪਹਿਲਾਂ ਉਸ ਨੇ ਆਪਣੀ ਰੋਜ਼ਾਨਾ ਜ਼ਿੰਦਗੀ ਦੀ ਇਕ ਸਾਦੀ ਜਿਹੀ ਨਿਯਮਤ ਰੁਟੀਨ ਬਣਾਉਣੀ ਹੈ ਤਾਂ ਉਸ ਉੱਤੇ ਸੇਵਾ ਮੁਕਤੀ ਤੋਂ ਬਾਅਦ ਸਰੀਰਕ ਤੇ ਮਾਨਸਿਕ ਤੌਰ 'ਤੇ ਦਬਾਅ ਨਹੀਂ ਪਵੇਗਾ। ਸਵੇਰ ਦੀ ਸੈਰ, ਕਸਰਤ ਜਾਂ ਯੋਗ, ਪੜ੍ਹਨਾ, ਲਿਖਣਾ, ਦੋਸਤਾਂ-ਰਿਸ਼ਤੇਦਾਰਾਂ ਨਾਲ ਮਿਲਣਾ ਅਤੇ ਆਪਣੀ ਰੁਚੀ ਦਾ ਕੰਮ ਕਰਨਾ ਹਤਾਸ਼-ਨਿਰਾਸ਼ ਨਹੀਂ ਹੋਣ ਦਿੰਦੇ। ਜਿਸ ਵਿਅਕਤੀ ਨੇ ਸਾਰੀ ਉਮਰ ਅਧਿਆਪਕ ਵਜੋਂ ਕੰਮ ਕੀਤਾ ਹੋਵੇ, ਉਹ ਬੱਚਿਆਂ ਨੂੰ ਪੜ੍ਹਾ ਸਕਦਾ ਹੈ। ਰਿਟਾਇਰਮੈਂਟ ਤੋਂ ਬਾਅਦ ਦੀ ਜ਼ਿੰਦਗੀ ਨੂੰ ਸੁਚੱਜੀ ਬਣਾਉਣ ਲਈ ਪੈਸੇ ਦੇ ਨਾਲ-ਨਾਲ ਮਕਸਦ, ਰੁਝੇਵਾਂ, ਸਿਹਤਮੰਦ ਰਿਸ਼ਤੇ ਅਤੇ ਸਿੱਖਣ ਦੀ ਲਗਨ ਵੀ ਜ਼ਰੂਰੀ ਹੈ। ਕਦੇ ਵੀ ਰਿਟਾਇਰਮੈਂਟ ਨੂੰ ਆਪਣੇ ਕਰੀਅਰ ਦਾ 'ਅੰਤ' ਨਾ ਸਮਝੋ ਸਗੋਂ ਇਸ ਨੂੰ ਆਪਣੀ ਜ਼ਿੰਦਗੀ ਦੇ ਉਸ ਅਧਿਆਏ ਦੀ ਸ਼ੁਰੂਆਤ ਸਮਝੋ ਜਿਸ ਵਿਚ ਸਮਾਂ ਤੁਹਾਡਾ ਹੈ ਅਤੇ ਫ਼ੈਸਲਾ ਵੀ ਤੁਹਾਡਾ ਹੈ। ਦੂਜੇ ਪੱਖ ਤੋਂ ਦੇਖੀਏ ਤਾਂ ਸਭ ਤੋਂ ਜ਼ਰੂਰੀ ਗੱਲ ਹੈ ਕਿ ਬੱਚਿਆਂ ਨੂੰ ਆਪਣੀ ਜ਼ਿੰਦਗੀ ਜਿਊਣ ਦਿਉ ਅਤੇ ਖ਼ੁਦ ਵੀ ਖੁੱਲ੍ਹ ਕੇ ਜੀਵਨ ਗੁਜ਼ਾਰੋ।

ਪੁਲਾੜ ਤੋਂ ਸਮੁੰਦਰ ਤੱਕ: ਇਸਰੋ ਨੇ ਹਿੰਦ ਮਹਾਸਾਗਰ 'ਤੇ ਐਲ ਨੀਨੋ ਦੇ ਪ੍ਰਭਾਵ ਦਾ ਪਤਾ ਲਗਾਇਆ

ਸਮੁੰਦਰ ਧਰਤੀ ਦੇ ਜਲਵਾਯੂ, ਮੌਸਮ ਅਤੇ ਪਰਿਸਥਿਤਕੀ ਤੰਤਰ ਨੂੰ ਸੰਤੁਲਿਤ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਇੱਕ ਤਾਜ਼ਾ ਅਧਿਐਨ ਨੇ ਇੱਕ ਵਾਰ ਫਿਰ ਦਿਖਾਇਆ ਹੈ ਕਿ ਸੈਟੇਲਾਈਟ ਤਕਨਾਲੋਜੀ ਸਮੁੰਦਰਾਂ ਵਿੱਚ ਹੋ ਰਹੀਆਂ ਵੱਡੀਆਂ ਤਬਦੀਲੀਆਂ ਨੂੰ ਸਮਝਣ ਵਿੱਚ ਵਿਗਿਆਨੀਆਂ ਦੀ ਕਿਵੇਂ ਮਦਦ ਕਰ ਸਕਦੀ ਹੈ। ਇਸਰੋ ਦੇ ਈਓਐਸ-?, ਜਿਸ ਨੂੰ ਓਸ਼ਨਸੈਟ-3 ਵੀ ਕਿਹਾ ਜਾਂਦਾ ਹੈ, ਨੇ ਵਿਕਸਤ ਹੋ ਰਹੀ ਐਲ ਨੀਨੋ ਘਟਨਾ ਨਾਲ ਸੰਬੰਧਿਤ ਤਬਦੀਲੀਆਂ ਦਾ ਪਤਾ ਲਗਾਇਆ ਹੈ। ਸੈਟੇਲਾਈਟ ਨਿਗੀਖਣਾਂ ਵਿੱਚ ਭੂ-ਮੱਧ ਰੇਖਾ ਨੇੜੇ ਪ੍ਰਸ਼ਾਂਤ ਮਹਾਸਾਗਰ ਵਿੱਚ ਸਮੁੰਦਰੀ ਉਤਪਾਦਕਤਾ ਅਤੇ ਸਤਹੀ ਹਵਾਵਾਂ ਵਿੱਚ ਤਬਦੀਲੀਆਂ ਸਾਹਮਣੇ ਆਈਆਂ ਹਨ। ਇਹ ਤਬਦੀਲੀਆਂ ਮਹੱਤਵਪੂਰਨ ਹਨ ਕਿਉਂਕਿ ਐਲ ਨੀਨੋ ਦਾ ਪ੍ਰਭਾਵ ਪ੍ਰਸ਼ਾਂਤ ਮਹਾਸਾਗਰ ਤੋਂ ਕਾਫ਼ੀ ਦੂਰ ਹਿੰਦ ਮਹਾਸਾਗਰ ਖੇਤਰ ਅਤੇ ਭਾਰਤੀ ਮਾਨਸੂਨ ਤੱਕ ਪੈ ਸਕਦਾ ਹੈ। ਐਲ ਨੀਨੋ ਕੇਂਦਰੀ ਅਤੇ ਪੂਰਬੀ ਉੱਤਕਟੀਬੰਧੀ ਪ੍ਰਸ਼ਾਂਤ ਮਹਾਸਾਗਰ ਦੇ ਪਾਣੀ ਦੇ ਸਮੇਂ-ਸਮੇਂ 'ਤੇ ਅਸਧਾਰਨ ਤੌਰ 'ਤੇ ਗਰਮ ਹੋਣ ਦੀ ਘਟਨਾ ਹੈ। ਇਸ ਤਾਪਮਾਨੀ ਤਬਦੀਲੀ ਨਾਲ ਵਾਤਾਵਰਣੀ ਹਵਾ ਦੇ ਗੇੜ ਅਤੇ ਹਵਾਵਾਂ ਦੇ ਪੈਟਰਨ ਵਿੱਚ ਤਬਦੀਲੀ ਆ ਸਕਦੀ ਹੈ, ਜਿਸ ਦਾ ਪ੍ਰਭਾਵ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਵਰਖਾ ਅਤੇ ਮੌਸਮ 'ਤੇ ਪੈ ਸਕਦਾ ਹੈ। ਭਾਰਤ ਲਈ ਐਲ ਨੀਨੋ ਖਾਸ ਤੌਰ 'ਤੇ ਮਹੱਤਵਪੂਰਨ ਹੈ ਕਿਉਂਕਿ ਇਹ ਗਰਮੀ ਦੇ ਮਾਨਸੂਨ ਨੂੰ ਪ੍ਰਭਾਵਿਤ ਕਰ



ਸਕਦਾ ਹੈ, ਹਾਲਾਂਕਿ ਹਰ ਐਲ ਨੀਨੋ ਘਟਨਾ ਦਾ ਪ੍ਰਭਾਵ ਇੱਕੋ ਜਿਹਾ ਨਹੀਂ ਹੁੰਦਾ। ਇਸਰੋ ਵੱਲੋਂ ਦੇਖਿਆ ਗਿਆ ਇੱਕ ਦਿਲਚਸਪ ਸੰਕੇਤ ਕਲੋਰੋਫਿਲ-ਏ ਹੈ। ਇਹ ਫਾਈਟੋਪਲੈਂਕਟਨ ਨਾਲ ਸੰਬੰਧਿਤ ਹੁੰਦਾ ਹੈ। ਫਾਈਟੋਪਲੈਂਕਟਨ ਬਹੁਤ ਛੋਟੇ ਸਮੁੰਦਰੀ ਜੀਵ ਹੁੰਦੇ ਹਨ ਜੋ ਸਮੁੰਦਰੀ ਭੋਜਨ-ਲੜੀ ਦੀ ਬੁਨਿਆਦ ਬਣਾਉਂਦੇ ਹਨ। ਵਿਕਸਤ ਹੋ ਰਹੇ ਐਲ ਨੀਨੋ ਦੌਰਾਨ ਭੂ-ਮੱਧ ਰੇਖਾ ਨੇੜੇ ਪ੍ਰਸ਼ਾਂਤ ਮਹਾਸਾਗਰ ਦੇ ਕੁਝ ਹਿੱਸਿਆਂ ਵਿੱਚ ਸਤਹੀ ਕਲੋਰੋਫਿਲ-ਏ ਵਿੱਚ ਕਮੀ ਦੇਖੀ ਗਈ ਹੈ। ਇਸ ਦਾ ਸੰਬੰਧ ਸਮੁੰਦਰੀ ਪਾਣੀ ਦੇ ਗੇੜ ਅਤੇ ਪੋਸ਼ਕ ਤੱਤਾਂ ਨਾਲ ਭਰਪੂਰ ਪਾਣੀ ਦੇ ਉੱਪਰ ਆਉਣ ਦੀ ਪ੍ਰਕਿਰਿਆ ਵਿੱਚ ਕਮੀ ਨਾਲ ਜੋੜਿਆ ਜਾਂਦਾ ਹੈ। ਸਤਹੀ ਹਵਾਵਾਂ ਵੀ ਇਸ ਪ੍ਰਕਿਰਿਆ ਵਿੱਚ ਮਹੱਤਵਪੂਰਨ ਹਨ। ਐਲ ਨੀਨੋ ਦੌਰਾਨ ਭੂ-ਮੱਧ ਰੇਖਾ ਨੇੜੇ ਆਮ ਹਵਾਈ ਪੈਟਰਨ ਕਮਜ਼ੋਰ ਜਾਂ ਉਲਟ ਸਕਦੇ ਹਨ। ਇਸ ਨਾਲ ਸਮੁੰਦਰੀ ਪਾਣੀ ਦੀ ਗਤੀ ਅਤੇ ਸਤਹ ਦੇ ਨੇੜੇ ਪੋਸ਼ਕ ਤੱਤਾਂ ਦੀ ਉਪਲਬਧਤਾ ਪ੍ਰਭਾਵਿਤ ਹੁੰਦੀ ਹੈ। ਨਤੀਜੇ ਵਜੋਂ ਸਮੁੰਦਰੀ ਉਤਪਾਦਕਤਾ ਵਿੱਚ ਤਬਦੀਲੀ ਆ ਸਕਦੀ ਹੈ ਅਤੇ ਇਸ ਦਾ ਪ੍ਰਭਾਵ ਮੱਛੀਆਂ ਅਤੇ ਹੋਰ ਸਮੁੰਦਰੀ ਜੀਵਾਂ 'ਤੇ ਵੀ ਪੈ ਸਕਦਾ ਹੈ। ਭਾਵੇਂ ਸੈਟੇਲਾਈਟ ਦੇ ਮੁੱਖ ਨਿਰੀਖਣ ਪ੍ਰਸ਼ਾਂਤ ਮਹਾਸਾਗਰ ਨਾਲ ਸੰਬੰਧਿਤ ਹਨ, ਪਰ ਉਨ੍ਹਾਂ ਦੀ ਮਹੱਤਤਾ ਹਿੰਦ ਮਹਾਸਾਗਰ ਤੱਕ ਵੀ ਪਹੁੰਚਦੀ ਹੈ ਕਿਉਂਕਿ ਧਰਤੀ ਦੇ ਸਮੁੰਦਰ ਅਤੇ ਵਾਤਾਵਰਣ ਇੱਕ-ਦੂਜੇ ਨਾਲ ਗਹਿਰਾਈ ਨਾਲ ਜੁੜੇ ਹੋਏ ਹਨ। ਇੱਕ ਵੱਡੇ ਸਮੁੰਦਰੀ ਖੇਤਰ ਵਿੱਚ ਹੋਣ ਵਾਲੀ ਤਬਦੀਲੀ ਦੂਰ-ਦੁਰਾਡੇ ਦੇ ਵਾਤਾਵਰਣੀ ਗੇੜ ਅਤੇ ਵਰਖਾ ਦੇ ਪੈਟਰਨ ਨੂੰ ਪ੍ਰਭਾਵਿਤ ਕਰ ਸਕਦੀ ਹੈ। ਭਾਰਤ ਲਈ ਅਜਿਹੇ ਨਿਗੀਖਣ ਮਾਨਸੂਨ ਦੇ ਸੰਭਾਵਿਤ ਬਦਲਾਅ, ਮੱਛੀ ਪਾਲਣ ਅਤੇ ਸਮੁੰਦਰੀ ਪਰਿਸਥਿਤਕੀ ਤੰਤਰ ਨੂੰ ਸਮਝਣ ਵਿੱਚ ਮਹੱਤਵਪੂਰਨ ਹਨ। ਇਹ ਮੌਸਮ ਅਤੇ ਜਲਵਾਯੂ ਦੀ ਬਿਹਤਰ ਭਵਿੱਖਬਾਣੀ ਅਤੇ ਪਹਿਲਾਂ ਤੋਂ ਤਿਆਰੀ ਕਰਨ ਵਿੱਚ ਵੀ ਸਹਾਇਕ ਹੋ ਸਕਦੇ ਹਨ। ਓਸ਼ਨਸੈਟ-3 ਦੀ ਮਹੱਤਤਾ ਇਸ ਗੱਲ ਵਿੱਚ ਹੈ ਕਿ ਇਹ ਪੁਲਾੜ ਤੋਂ ਸਮੁੰਦਰ ਦੇ ਬਹੁਤ ਵੱਡੇ ਖੇਤਰਾਂ ਦਾ ਨਿਰੀਖਣ ਕਰ ਸਕਦਾ ਹੈ। ਜਹਾਜ਼ਾਂ ਜਾਂ ਕਿਸੇ ਇੱਕ ਸਥਾਨ 'ਤੇ ਲੱਗੇ ਉਪਕਰਨਾਂ ਤੋਂ ਮਿਲਣ ਵਾਲੇ ਸੀਮਿਤ ਡਾਟੇ ਦੀ ਬਜਾਏ ਸੈਟੇਲਾਈਟ ਸਮੁੰਦਰ ਵਿੱਚ ਹੋ ਰਹੀਆਂ ਤਬਦੀਲੀਆਂ ਦੀ ਵਿਆਪਕ ਤਸਵੀਰ ਪੇਸ਼ ਕਰਦੇ ਹਨ। ਇਹ ਭਾਰਤੀ ਪੁਲਾੜ ਵਿਗਿਆਨ ਲਈ ਇੱਕ ਮਹੱਤਵਪੂਰਨ ਉਪਲਬਧੀ ਹੈ। ਇਸਰੋ ਦੇ ਸੈਟੇਲਾਈਟ ਨਿਰੀਖਣ ਦਰਸਾਉਂਦੇ ਹਨ ਕਿ ਪੁਲਾੜ ਤਕਨਾਲੋਜੀ ਵਾਤਾਵਰਣ ਦੀ ਸਮਝ, ਸਮੁੰਦਰੀ ਅਧਿਐਨ ਅਤੇ ਜਲਵਾਯੂ ਖੋਜ ਵਿੱਚ ਸਿੱਧੇ ਤੌਰ 'ਤੇ ਕਿਵੇਂ ਯੋਗਦਾਨ ਪਾ ਸਕਦੀ ਹੈ। ਬਦਲਦਾ ਸਮੁੰਦਰ ਸਾਨੂੰ ਯਾਦ ਦਿਵਾਉਂਦਾ ਹੈ ਕਿ ਹਜ਼ਾਰਾਂ ਕਿਲੋਮੀਟਰ ਦੂਰ ਵਾਪਰਨ ਵਾਲੀਆਂ ਘਟਨਾਵਾਂ ਵੀ ਭਾਰਤ ਦੇ ਜੀਵਨ, ਖੇਤੀਬਾੜੀ ਤੇ ਲੋਕਾਂ ਦੀ ਰੋਜ਼ੀ-ਰੋਟੀ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਲਗਾਤਾਰ ਸੈਟੇਲਾਈਟ ਨਿਗਰਾਨੀ ਵਿਗਿਆਨੀਆਂ ਨੂੰ ਅਜਿਹੀਆਂ ਤਬਦੀਲੀਆਂ ਦੀ ਸਮੇਂ ਸਿਰ ਪਛਾਣ ਕਰਨ ਅਤੇ ਉਨ੍ਹਾਂ ਦੇ ਸੰਭਾਵਿਤ ਪ੍ਰਭਾਵਾਂ ਲਈ ਬਿਹਤਰ ਤਿਆਰੀ ਕਰਨ ਵਿੱਚ ਮਦਦ ਕਰ ਸਕਦੀ ਹੈ। ਪੁਲਾੜ ਤੋਂ ਸਮੁੰਦਰ ਤੱਕ, ਇਸਰੋ ਦੇ ਨਿਗੀਖਣ ਸਾਨੂੰ ਜਲਵਾਯੂ ਨੂੰ ਪ੍ਰਭਾਵਿਤ ਕਰਨ ਵਾਲੇ ਅਦਿੱਖ ਸੰਬੰਧਾਂ ਨੂੰ ਸਮਝਣ ਵਿੱਚ ਮਦਦ ਕਰ ਰਹੇ ਹਨ ਤੇ ਇਹ ਯਾਦ ਦਿਵਾਉਂਦੇ ਹਨ ਕਿ ਸਮੁੰਦਰਾਂ ਦੀ ਰੱਖਿਆ ਸਾਡੇ ਭਵਿੱਖ ਦੀ ਰੱਖਿਆ ਲਈ ਵੀ ਜ਼ਰੂਰੀ ਹੈ।

ਡਾ. ਵਿਜੇ ਗਰਗ, ਰਿਟਾਇਰਡ ਪ੍ਰਿੰਸੀਪਲ, ਪ੍ਰਸਿੱਧ ਵਿਗਿਆਨੀ
ਗਲੀ ਕੌਰ ਚੰਦ,
ਐਮ.ਐਚ.ਆਰ. ਮਲੋਟ,
ਪੰਜਾਬ - 152107

ਗਲੋਬਲ ਐਜੂਕੇਸ਼ਨ ਫੇਅਰ ਵਿੱਚ ਵਿਦਿਆਰਥੀਆਂ ਨੇ ਵਿਸ਼ਵ ਪੱਧਰੀ ਸਿੱਖਿਆ ਦੇ ਮੌਕਿਆਂ ਬਾਰੇ ਜਾਣਕਾਰੀ ਹਾਸਲ ਕੀਤੀ

ਸਮਾਣਾ, 24 ਸਤੰਬਰ (ਪ੍ਰਿੰਸ ਕੁਮਾਰ): ਐਸ.ਆਰ.ਐਸ. ਵਿਦਿਆਪੀਠ ਦੇ ਸਨਾਤਨ ਵਿਦਿਆਰਥੀਆਂ ਨੇ 19 ਸਤੰਬਰ 2026 ਨੂੰ ਪਟਿਆਲਾ ਵਿੱਚ ਆਯੋਜਿਤ ਗਲੋਬਲ ਐਜੂਕੇਸ਼ਨ ਫੇਅਰ ਵਿੱਚ ਭਾਗ ਲਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਉੱਚ ਸਿੱਖਿਆ ਦੇ ਮੌਕਿਆਂ ਅਤੇ ਵਿਸ਼ਵ ਪੱਧਰੀ ਅਕਾਦਮਿਕ ਵਿਕਲਪਾਂ ਬਾਰੇ ਸਿੱਧੀ ਜਾਣਕਾਰੀ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਫੇਅਰ ਵਿੱਚ ਆਸਟਰੇਲੀਆ, ਕੈਨੇਡਾ, ਯੂਨਾਈਟਿਡ ਕਿੰਗਡਮ, ਅਮਰੀਕਾ, ਨਿਊਜ਼ੀਲੈਂਡ ਅਤੇ ਯੂਰਪ ਨਾਲ ਸਬੰਧਤ ਯੂਨੀਵਰਸਿਟੀਆਂ ਅਤੇ ਸਿੱਖਿਆ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ। ਐਸ.ਆਰ.ਐਸ. ਦੇ ਵਿਦਿਆਰਥੀਆਂ ਨੇ ਯੂਨੀਵਰਸਿਟੀ ਪ੍ਰਤੀਨਿਧੀਆਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਵੱਖ-ਵੱਖ ਦੇਸ਼ਾਂ ਵਿੱਚ ਉਪਲਬਧ ਕੋਰਸਾਂ, ਦਾਖਲਾ ਪ੍ਰਕਿਰਿਆਵਾਂ ਅਤੇ ਉੱਚ ਸਿੱਖਿਆ ਦੇ ਮੌਕਿਆਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੂੰ ਕੋਰਸ ਦੀ ਚੋਣ, ਯੂਨੀਵਰਸਿਟੀ ਦਾਖਲਾ, ਵੀਜ਼ਾ ਪ੍ਰਕਿਰਿਆ, ਸਕਾਲਰਸ਼ਿਪ, ਸਿੱਖਿਆ ਕਰਜ਼ੇ ਅਤੇ ਵਿਦੇਸ਼ ਵਿੱਚ ਉੱਚ ਸਿੱਖਿਆ ਦੇ ਵੱਖ-ਵੱਖ ਵਿਕਲਪਾਂ ਬਾਰੇ ਮਹੱਤਵਪੂਰਨ ਜਾਣਕਾਰੀ ਮਿਲੀ। ਚੇਅਰਮੈਨ ਸੀ.ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ.ਏ. ਲਲਿਤ ਸਿੰਗਲਾ, ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਅਤੇ ਪ੍ਰਿੰਸੀਪਲ ਡਾ. ਚੰਦਨਦੀਪ ਨੇ ਵਿਦਿਆਰਥੀਆਂ ਨੂੰ ਸਿਰਫ਼ ਅਕਾਦਮਿਕ ਸਫਲਤਾ ਲਈ ਹੀ ਨਹੀਂ, ਸਗੋਂ ਵਿਸ਼ਵ ਪੱਧਰ 'ਤੇ ਉਪਲਬਧ ਭਵਿੱਖ ਦੇ ਮੌਕਿਆਂ ਲਈ ਤਿਆਰ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਹੈ।

ਝੋਨੇ ਦੀ ਆਮਦ ਦੇ ਮੱਦੇਨਜ਼ਰ ਐੱਸ.ਡੀ.ਐੱਮ. ਮੋਗਾ ਸਤਵਿੰਦਰ ਸਿੰਘ ਵੱਲੋਂ ਅਧਿਕਾਰੀਆਂ ਤੇ ਆੜ੍ਹਤੀਆ ਐਸੋਸੀਏਸ਼ਨਾਂ ਨਾਲ ਮੀਟਿੰਗ

ਮੋਗਾ, 24 ਸਤੰਬਰ (ਜਗਰਾਜ ਸਿੰਘ ਸੰਘਾ): ਝੋਨੇ ਦੀ ਆਮਦ ਦੇ ਸੀਜ਼ਨ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਕਿਸਾਨਾਂ, ਆੜ੍ਹਤੀਆਂ ਤੇ ਮਜਦੂਰਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦੇਣ ਲਈ ਐੱਸ.ਡੀ.ਐੱਮ. ਮੋਗਾ ਸਤਵਿੰਦਰ ਸਿੰਘ ਵੱਲੋਂ ਅੱਜ ਸਬ-ਡਵੀਜ਼ਨ ਮੋਗਾ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਆੜ੍ਹਤੀਆ ਐਸੋਸੀਏਸ਼ਨਾਂ ਦੇ ਪ੍ਰਧਾਨਾਂ/ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮੰਡੀਆਂ ਵਿੱਚ ਲੋੜੀਂਦੇ ਬੁਨਿਆਦੀ ਢਾਂਚੇ, ਬਿਜਲੀ ਸਪਲਾਈ, ਸਫ਼ਾਈ, ਸੜਕਾਂ, ਸੁਰੱਖਿਆ, ਮੈਡੀਕਲ ਸਹਾਇਤਾ, ਲੇਬਰ, ਬਾਰਦਾਨੇ, ਨਮੀ ਦੀ ਜਾਂਚ, ਕਿਸਾਨਾਂ ਦੀਆਂ ਅਦਾਇਗੀਆਂ ਅਤੇ ਝੋਨੇ ਦੀ ਲਿਫਟਿੰਗ ਸਮੇਤ ਵੱਖ-ਵੱਖ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਐਸ.ਡੀ.ਐਮ. ਵੱਲੋਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਪੀ.ਡਬਲਿਊ.ਡੀ. ਵਿਭਾਗ ਨੂੰ ਮੰਡੀਆਂ ਨੂੰ ਜਾਂਦੀਆਂ ਜਿਨ੍ਹਾਂ ਸੜਕਾਂ ਦੀ ਮੁਰੰਮਤ ਦੀ ਲੋੜ ਹੈ, ਉਨ੍ਹਾਂ ਦੀ ਤੁਰੰਤ ਮੁਰੰਮਤ ਕਰਵਾਉਣ ਲਈ ਕਿਹਾ ਗਿਆ, ਤਾਂ ਜੋ ਸੀਜ਼ਨ ਦੌਰਾਨ ਵਾਹਨਾਂ ਦੀ ਆਵਾਜਾਈ ਵਿੱਚ ਕੋਈ ਰੁਕਾਵਟ ਨਾ ਆਵੇ। ਨਗਰ ਨਿਗਮ ਦੇ ਅਧਿਕਾਰੀਆਂ ਨੂੰ ਮ

ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ

ਗੁਰਦਾਸਪੁਰ, 24 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ (ਅਸ਼ੋਕ ਚੱਕਰ) ਸਰਕਾਰੀ ਕਾਲਜ, ਗੁਰਦਾਸਪੁਰ ਵਿਖੇ ਰੈੱਡ ਰਿਬਨ ਕਲੱਬ ਅਤੇ ਐਨ.ਐਸ.ਐਸ. ਯੂਨਿਟ ਵੱਲੋਂ ਪ੍ਰੋਫੈਸਰ-ਕਮ-ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਵਿੱਚ ਲਗਭਗ 100 ਵਿਦਿਆਰਥੀਆਂ ਨੇ ਭਾਗ ਲਿਆ।ਸੈਮੀਨਾਰ ਦੀ ਸ਼ੁਰੂਆਤ ਵਿਦਿਆਰਥੀਆਂ ਨੂੰ ਨਸ਼ਿਆਂ ਨਾਲ ਸਬੰਧਿਤ ਇੱਕ ਜਾਗਰੂਕਤਾ ਫ਼ਿਲਮ ਦਿਖਾ ਕੇ ਕੀਤੀ ਗਈ। ਇਸ ਉਪਰੰਤ ਪੰਜਾਬ ਵਿੱਚ ਨਸ਼ਿਆਂ ਕਾਰਨ ਪੈਦਾ ਹੋ ਰਹੀਆਂ ਸਮਾਜਿਕ ਸਮੱਸਿਆਵਾਂ ਅਤੇ ਨੌਜਵਾਨਾਂ 'ਤੇ ਪੈ ਰਹੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਮੌਕੇ ਡਾ. ਸੰਦੀਪ ਕੌਰ ਦੀ ਰੂਪ-ਰੇਖਾ ਅਤੇ ਤਿਆਰੀ ਹੇਠ ਤਿਆਰ ਕੀਤੀ ਗਈ ਇੱਕ ਵਿਸ਼ੇਸ਼ ਡੌਕਿਊਮੈਂਟਰੀ ਵੀ ਦਿਖਾਈ ਗਈ। ਡੌਕਿਊਮੈਂਟਰੀ ਰਾਹੀਂ ਵਿਦਿਆਰਥੀਆਂ ਨੂੰ ਨਸ਼ਿਆਂ ਦੀਆਂ ਵੱਖ-ਵੱਖ ਕਿਸਮਾਂ, ਉਨ੍ਹਾਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਪ੍ਰਭਾਵਾਂ, ਨਸ਼ਿਆਂ ਤੋਂ ਬਚਾਅ ਦੇ ਤਰੀਕਿਆਂ ਅਤੇ ਨਸ਼ਿਆਂ ਦੀ ਰੋਕਥਾਮ ਵਿੱਚ ਸਮਾਜ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ।ਕਾਲਜ ਐਲੂਮਨਾਈ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸਮਰਪਣ ਸੁਸਾਇਟੀ ਦੇ ਸਕੱਤਰ ਪਰਮਿੰਦਰ ਸਿੰਘ ਸੈਣੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੀ ਰੋਕਥਾਮ ਵਿੱਚ ਨੌਜਵਾਨਾਂ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਵਿਦਿਆਰਥੀਆਂ ਅਤੇ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਸਮਾਜਿਕ ਜਾਗਰੂਕਤਾ ਅਤੇ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਲਗਾਤਾਰ ਯਤਨਾਂ ਸਦਕਾ ਇਹ ਕਾਲਜ ਮਾਪਿਆਂ ਅਤੇ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣ ਚੁੱਕਾ ਹੈ। ਉਨ੍ਹਾਂ ਕਾਲਜ ਦੀ ਸਮੁੱਚੀ ਟੀਮ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਦੀ ਸ਼ਲਾਘਾ ਕੀਤੀ।ਪ੍ਰੋਫੈਸਰ- ਕਮ-ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਸਿਰਫ਼ ਇੱਕ ਵਿਅਕਤੀ ਦੀ ਸਮੱਸਿਆ ਨਹੀਂ ਰਹਿੰਦੀ, ਸਗੋਂ ਇਸ ਦਾ ਪ੍ਰਭਾਵ ਪੂਰੇ ਪਰਿਵਾਰ ਅਤੇ ਸਮਾਜ 'ਤੇ ਪੈਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਬੁਰਾਈ ਵਿਰੁੱਧ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਦੇਸ਼ ਦਾ ਭਵਿੱਖ ਨੌਜਵਾਨ ਪੀੜ੍ਹੀ ਹੈ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਵਿਦਿਆਰਥਣ ਹਰਸ਼ਿਤਾ ਵੋਹਰਾ ਨੇ ਰੱਖੀ ਮਹੱਤਵਪੂਰਨ ਮੰਗ ਸੈਮੀਨਾਰ ਦੌਰਾਨ ਐਮ.ਕਾਮ. ਦੀ ਵਿਦਿਆਰਥਣ ਹਰਸ਼ਿਤਾ ਵੋਹਰਾ ਨੇ ਇੱਕ ਮਹੱਤਵਪੂਰਨ ਸੁਝਾਅ ਰੱਖਦਿਆਂ ਕਿਹਾ ਕਿ ਵਿਆਹ ਸਬੰਧੀ ਰਿਸ਼ਤਾ ਤੈਅ ਕਰਨ ਤੋਂ ਪਹਿਲਾਂ ਲੜਕੇ ਅਤੇ ਲੜਕੀ ਦੋਵਾਂ ਦਾ ਡੋਪ ਟੈਸਟ ਕਰਵਾਉਣ ਦੀ ਵਿਵਸਥਾ ਲਾਜ਼ਮੀ ਕੀਤੀ ਜਾਣੀ ਚਾਹੀਦੀ ਹੈ।ਵਿਦਿਆਰਥੀਆਂ ਨੇ ਕਿਹਾ ਕਿ ਵਿਆਹ ਦੋ ਵਿਅਕਤੀਆਂ ਹੀ ਨਹੀਂ, ਸਗੋਂ ਦੋ ਪਰਿਵਾਰਾਂ ਦੇ ਜੀਵਨ ਨਾਲ ਜੁੜਿਆ ਮਹੱਤਵਪੂਰਨ ਫ਼ੈਸਲਾ ਹੁੰਦਾ ਹੈ। ਵਿਆਹ ਸਬੰਧੀ ਰਿਸ਼ਤਾ ਤੈਅ ਕਰਨ ਤੋਂ ਪਹਿਲਾਂ ਲੜਕੇ ਅਤੇ ਲੜਕੀ ਦੋਵਾਂ ਦੇ ਡੋਪ ਟੈਸਟ ਨੂੰ ਲਾਜ਼ਮੀ ਕਰਨ ਦੇ ਮੁੱਦੇ 'ਤੇ ਨੀਤੀਗਤ ਪੱਧਰ 'ਤੇ ਵਿਚਾਰ ਕੀਤਾ ਜਾਵੇ।ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਨੇ ਵਿਦਿਆਰਥੀਆਂ ਦੀ ਇਸ ਮੰਗ ਨੂੰ ਗੰਭੀਰਤਾ ਨਾਲ ਲੈਂਦਿਆਂ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਇਹ ਅਪੀਲ ਉਚਿਤ ਪ੍ਰਸ਼ਾਸਨਿਕ ਪੱਧਰ ਤੱਕ ਪਹੁੰਚਾਈ ਜਾਵੇਗੀ।

ਏ. ਵੀ. ਐਮ. ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ ਭਾਰਤ ਵਿਕਾਸ ਪਰਿਸ਼ਦ ਵੱਲੋਂ ਦੰਦਾਂ ਦਾ ਫਰੀ ਚੈੱਕਅਪ ਕੈਂਪ ਲਗਾਇਆ

ਬਟਾਲਾ 24 ਸਤੰਬਰ (ਸੰਜੀਵ ਨਈਅਰ) ਏ. ਵੀ. ਐਮ. ਸੀਨੀਅਰ ਸੈਕੰਡਰੀ ਸਕੂਲ ਬਟਾਲਾ ਗੇਟ ਬਟਾਲਾ ਵਿਖੇ ਭਾਰਤ ਵਿਕਾਸ ਪਰਿਸ਼ਦ ਵੱਲੋਂ ਦੰਦਾਂ ਦਾ ਫਰੀ ਚੈੱਕਅਪ ਕੈਂਪ ਲਗਾਇਆ ਗਿਆ। ਇਸ ਵਿੱਚ ਦੰਦਾਂ ਦੇ ਡਾਕਟਰ ਤਰਨਦੀਪ ਮਹਾਜਨ ਜੀ ਨੇ ਬੱਚਿਆਂ ਦੇ ਦੰਦਾਂ ਦਾ ਚੈੱਕਅਪ ਕੀਤਾ ਅਤੇ ਉਹਨਾਂ ਨੂੰ ਦੰਦਾਂ ਨੂੰ ਠੀਕ ਰੱਖਣ ਦੇ ਉਪਾਵਾਂ ਬਾਰੇ ਜਾਣਕਾਰੀ ਵੀ ਦਿੱਤੀ। ਕੁਝ ਸਾਵਧਾਨੀਆਂ ਵਰਤ ਕੇ ਬੱਚੇ ਆਪਣੇ ਦੰਦਾਂ ਨੂੰ ਸਿਹਤਮੰਦ ਬਣਾ ਸਕਦੇ ਹਨ। ਇਹਨਾਂ ਸਾਵਧਾਨੀਆਂ ਬਾਰੇ ਵੀ ਉਹਨਾਂ ਨੇ ਬੱਚਿਆਂ ਨੂੰ ਵਿਸਥਾਰ ਨਾਲ ਦੱਸਿਆ। ਬੱਚਿਆਂ ਨੂੰ ਭਾਰਤ ਵਿਕਾਸ ਪਰਿਸ਼ਦ ਵੱਲੋਂ ਟੂਥਪੇਸਟ ਅਤੇ ਟੂੱਥ ਬਰੱਸ਼ ਵੀ ਦਿੱਤੇ ਗਏ। ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਸ਼ਿਵ ਰਾਜਨ ਪੁਰੀ, ਸਕੱਤਰ ਰਮਨ ਸ਼ਰਮਾ ਤੋਂ ਇਲਾਵਾ ਜੁਗਲ ਕਿਸ਼ੋਰ, ਰਾਜੇਸ਼ ਅਗਰਵਾਲ, ਜਗਤਪਾਲ ਮਹਾਜਨ ਅਤੇ ਰੀਤੂ ਮਹਾਜਨ ਜੀ ਵੀ ਮੌਜੂਦ ਸਨ। ਭਾਰਤ ਵਿਕਾਸ ਪਰਿਸ਼ਦ ਵੱਲੋਂ ਸਕੂਲ ਸਟਾਫ ਮੈਂਬਰ ਪਲਵਿੰਦਰ ਕੌਰ, ਸੁਰਜੀਤ ਕੌਰ, ਦਿਲਪ੍ਰੀਤ ਕੌਰ, ਨਿਖਿਲ ਕੁਮਾਰ ਅਤੇ ਜਸਬੀਰ ਸਿੰਘ ਨੂੰ ਟਰਾਫੀ ਦੇ ਕੇ ਸਨਮਾਨਿਤ ਵੀ ਕੀਤਾ ਗਿਆ।ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ਼੍ਰੀ ਜਗਤਾਰਨ ਮਦਾਨ ਜੀ ਨੇ ਦੱਸਿਆ ਕਿ ਉਹ ਵੀ ਭਾਰਤ ਵਿਕਾਸ ਪਰਿਸ਼ਦ ਦੇ ਮੈਂਬਰ ਹਨ ਅਤੇ ਭਾਰਤ ਵਿਕਾਸ ਪਰਿਸ਼ਦ ਵੱਲੋਂ ਸਮੇਂ-ਸਮੇਂ ਤੇ ਵੱਖ-ਵੱਖ ਤਰ੍ਹਾਂ ਦੇ ਕੈਂਪ ਲਗਾ ਕੇ ਲੋਕਾਂ ਦਾ ਮੁਫਤ ਇਲਾਜ ਕਰਵਾਇਆ ਜਾਂਦਾ ਹੈ ਅਤੇ ਉਹਨਾਂ ਨੂੰ ਮੁਫਤ ਵਿੱਚ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਉਹਨਾਂ ਨੇ ਆਪਣੇ ਸਕੂਲ ਵਿੱਚ ਕੈਂਪ ਲਗਾਉਣ ਲਈ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਹੋਰ ਮੈਂਬਰਾਂ ਦਾ ਧੰਨਵਾਦ ਵੀ ਕੀਤਾ ਅਤੇ ਕੈਂਪ ਵਿੱਚ ਆਉਣ ਲਈ ਉਹਨਾਂ ਦਾ ਸਵਾਗਤ ਵੀ ਕੀਤਾ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰੀਤੂ ਮਹਾਜਨ ਨੇ ਦੱਸਿਆ ਕਿ ਉਹ ਵੀ ਭਾਰਤ ਵਿਕਾਸ ਪਰਿਸ਼ਦ ਇਸਤਰੀ ਵਿੰਗ ਦੀ ਮੈਂਬਰ ਹਨ ਅਤੇ ਪਰਿਸ਼ਦ ਵੱਲੋਂ ਕੀਤੇ ਜਾ ਰਹੇ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੀ ਹਨ। ਉਹਨਾਂ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਬੱਚਿਆਂ ਨੂੰ ਆਪਣੇ ਦੰਦਾਂ ਦੀ ਦੇਖਭਾਲ ਕਰਨ ਲਈ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਬੱਚਿਆਂ ਨੂੰ ਦੰਦਾਂ ਵੱਲ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਬੱਚਿਆਂ ਨੂੰ ਡਾਕਟਰ ਸਾਹਿਬ ਦੁਆਰਾ ਦੱਸੇ ਅਨੁਸਾਰ ਦੰਦਾਂ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਜਿਨ੍ਹਾਂ ਬੱਚਿਆਂ ਨੂੰ ਦੰਦਾਂ ਦੀ ਤਕਲੀਫ ਹੈ ਉਹਨਾਂ ਨੂੰ ਡਾਕਟਰ ਨਾਲ ਸੰਪਰਕ ਕਰਨਾ ਚਾਹੀਦਾ ਹੈ।

ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਬਲਵਿੰਦਰ ਸਿੰਘ ਲਾਡੀ

ਸ੍ਰੀ ਹਰਗੋਬਿੰਦਪੁਰ ਸਾਹਿਬ, 24 ਸਤੰਬਰ (ਸੰਜੀਵ ਨਈਅਰ) ਸ੍ਰੀ ਹਰਗੋਬਿੰਦਪੁਰ ਸਾਹਿਬ ਬਲਾਕ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਦੇ ਮਕਸਦ ਨਾਲ ਸਾਬਕਾ ਵਿਧਾਇਕ ਸਰਦਾਰ ਬਲਵਿੰਦਰ ਸਿੰਘ ਲਾਡੀ ਵੱਲੋਂ ਸੈਂਕੜੇ ਸਰਪੰਚਾਂ ਅਤੇ ਪੰਚਾਂ ਨੂੰ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਚੈੱਕ ਵੰਡੇ ਗਏ। ਇਸ ਮੌਕੇ ਉਨ੍ਹਾਂ ਨੇ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਮਿਲਜੁਲ ਕੇ ਆਪਣੇ-ਆਪਣੇ ਪਿੰਡਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ। ਸਰਦਾਰ ਬਲਵਿੰਦਰ ਸਿੰਘ ਲਾਡੀ ਨੇ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡਾਂ ਦੀਆਂ ਬੁਨਿਆਦੀ ਸਹੂਲਤਾਂ, ਗਲੀਆਂ-ਨਾਲੀਆਂ, ਸੜਕਾਂ ਅਤੇ ਹੋਰ ਜ਼ਰੂਰੀ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਮੁਕੰਮਲ ਕੀਤਾ ਜਾਵੇ। ਉਨ੍ਹਾਂ ਸਰਪੰਚਾਂ ਅਤੇ ਪੰਚਾਂ ਨੂੰ ਕਿਹਾ ਕਿ ਉਹ ਤਕੜੇ ਹੋ ਕੇ ਪਿੰਡਾਂ ਦਾ ਵਿਕਾਸ ਕਰਨ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ। ਪਿੰਡਾਂ ਦੇ ਵਿਕਾਸ ਨਾਲ ਹੀ ਹਲਕੇ ਦੀ ਤਰੱਕੀ ਸੰਭਵ ਹੈ ਅਤੇ ਇਸ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ। ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਮੁਹੱਈਆ ਕਰਵਾਏ ਜਾ ਰਹੇ ਫੰਡਾਂ ਨਾਲ ਜ਼ਮੀਨੀ ਪੱਧਰ 'ਤੇ ਵਿਕਾਸ ਕਾਰਜਾਂ ਨੂੰ ਹੁਲਾਰਾ ਮਿਲੇਗਾ। ਵੱਡੀ ਗਿਣਤੀ ਵਿੱਚ ਸਰਪੰਚ, ਪੰਚ ਅਤੇ ਪੰਚਾਇਤੀ ਨੁਮਾਇੰਦੇ ਹਾਜ਼ਰ ਸਨ।

ਲੁਭਾਵਣੀਆਂ ਗੱਲਾਂ ਵਿੱਚ ਨਹੀਂ ਬਹਿਕੇਗੀ ਪੰਜਾਬ ਦੀ ਜਨਤਾ, ਆਉਣ ਵਾਲੀਆਂ ਚੋਣਾਂ ਵਿੱਚ ਦਿਖਾਏਗੀ ਆਪਣੀ ਵੋਟ ਦੀ ਅਸਲੀ ਤਾਕਤ: ਕੁਲਦੀਪ ਸਿੰਘ ਬਲਸੂਆ

ਪਠਾਣਕੋਟ 24, ਸਤੰਬਰ (ਤਰੁਣ ਸਣਹੋਤਰਾ) ਅੱਜ ਮੀਡਿਆ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਐਸ. ਓ. ਆਈ. ਵਿੰਗ (ਸਟੂਡੈਂਟ ਆਰਗੇਨਾਈਜ਼ੇਸ਼ਨ ਆਫ ਇੰਡੀਆ) ਦੇ ਜਨਰਲ ਸਕੱਤਰ ਕੁਲਦੀਪ ਸਿੰਘ ਬਲਸੂਆ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਦੇ ਅੜੀਅਲ ਰਵੱਈਏ ਦਾ ਜਵਾਬ ਆਉਣ ਵਾਲੀਆਂ ਚੋਣਾਂ ਵਿੱਚ ਸੂਬੇ ਦੀ ਜਨਤਾ ਆਪਣੇ ਵੋਟ ਰੂਪੀ ਤਾਕਤ ਨਾਲ ਜ਼ਰੂਰ ਦੇਵੇਗੀ। ਕੁਲਦੀਪ ਨੇ ਕਿਹਾ ਕਿ ਮਾਨ ਸਰਕਾਰ ਦੀ ਕਹਿਣੀ ਅਤੇ ਕਰਨੀ ਵਿੱਚ ਜ਼ਮੀਨ-ਆਸਮਾਨ ਦਾ ਫਰਕ ਦਿਖਾਈ ਦੇ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਸ਼ੁਰੂ ਤੋਂ ਹੀ ਵਿਕਾਸ ਅਤੇ ਲੋਕ ਹਿੱਤ ਨਾਲ ਸਬੰਧਤ ਵੱਡੀਆਂ-ਵੱਡੀਆਂ ਗੱਲਾਂ ਕਰਦੀ ਆ ਰਹੀ ਹੈ, ਪਰ ਜ਼ਮੀਨੀ ਪੱਧਰ 'ਤੇ ਸਥਿਤੀ ਇਸਦੇ ਉਲਟ ਨਜ਼ਰ ਆ ਰਹੀ ਹੈ। ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਵਿਕਾਸ ਅਤੇ ਜਨਹਿੱਤ ਵਿੱਚ ਕੀਤੇ ਜਾ ਰਹੇ ਦਾਅਵਿਆਂ ਦੀ ਅਸਲੀਅਤ ਹੁਣ ਲੋਕਾਂ ਦੇ ਸਾਹਮਣੇ ਸਪੱਸ਼ਟ ਹੋ ਚੁੱਕੀ ਹੈ। ਸਰਕਾਰ ਵੱਲੋਂ ਲਗਾਤਾਰ ਲੁਭਾਵਣੇ ਵਾਅਦਿਆਂ ਅਤੇ ਐਲਾਨਾਂ ਰਾਹੀਂ ਲੋਕਾਂ ਨੂੰ ਆਕਰਸ਼ਿਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਹੁਣ ਪੰਜਾਬ ਦੀ ਜਨਤਾ ਅਸਲ ਸਥਿਤੀ ਨੂੰ ਸਮਝ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਲੋਕ ਆਪਣੇ ਵੋਟ ਦੇ ਅਧਿਕਾਰ ਰਾਹੀਂ ਸਰਕਾਰ ਦੇ ਇਸ ਕੰਮਕਾਜ ਦਾ ਜਵਾਬ ਜ਼ਰੂਰ ਦੇਣਗੇ।

ਬਾਬਾ ਰੂੜ ਸਿੰਘ ਜੀ ਗੁਰਦੁਆਰਾ ਗੁਫਾ ਸਾਹਿਬ ਔਲਖ ਵਾਲਿਆਂ ਵੱਲੋਂ ਸੁਰਵਿੰਦਰ ਸਿੰਘ ਡਡਿਆਲਾ ਦਾ ਸਨਮਾਨ

ਸ੍ਰੀ ਹਰਗੋਬਿੰਦਪੁਰ ਸਾਹਿਬ, 24 ਸਤੰਬਰ (ਸੰਜੀਵ ਨਈਅਰ) ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਪਿੰਡ ਔਲਖ ਵਿਖੇ ਸਥਿਤ ਗੁਰਦੁਆਰਾ ਗੁਫਾ ਸਾਹਿਬ ਵਿਖੇ ਅਕਾਲੀ ਦਲ ਵਾਰਸ ਪੰਜਾਬ ਦੇ ਨੇਤਾ ਸੁਰਵਿੰਦਰ ਸਿੰਘ ਡਡਿਆਲਾ ਆਪਣੇ ਸਾਥੀਆਂ ਸਮੇਤ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਗੁਰਦੁਆਰਾ ਗੁਫਾ ਸਾਹਿਬ ਦੇ ਮੁੱਖ ਸੇਵਾਦਾਰ ਮਹਾਂਪੁਰਖ ਬਾਬਾ ਰੂੜ ਸਿੰਘ ਜੀ ਨਾਲ ਮੁਲਾਕਾਤ ਕਰਕੇ ਧਾਰਮਿਕ ਅਤੇ ਸਮਾਜਿਕ ਮਾਮਲਿਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਬਾਬਾ ਰੂੜ ਸਿੰਘ ਜੀ ਵੱਲੋਂ ਸੁਰਵਿੰਦਰ ਸਿੰਘ ਡਡਿਆਲਾ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਬਾਬਾ ਰੂੜ ਸਿੰਘ ਜੀ ਨੇ ਸੁਰਵਿੰਦਰ ਸਿੰਘ ਡਡਿਆਲਾ ਨੂੰ ਅਸ਼ੀਰਵਾਦ ਦਿੰਦਿਆਂ ਹਲਕੇ ਦੀ ਚੜ੍ਹਦੀ ਕਲਾ ਅਤੇ ਲੋਕਾਂ ਦੀ ਭਲਾਈ ਲਈ ਲਗਾਤਾਰ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸੁਰਵਿੰਦਰ ਸਿੰਘ ਡਡਿਆਲਾ ਨੇ ਬਾਬਾ ਰੂੜ ਸਿੰਘ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਘਰਾਂ ਅਤੇ ਸੰਤ-ਮਹਾਂਪੁਰਖਾਂ ਦਾ ਅਸ਼ੀਰਵਾਦ ਹਮੇਸ਼ਾ ਲੋਕ ਸੇਵਾ ਦੇ ਰਾਹ 'ਤੇ ਚੱਲਣ ਲਈ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਸਾਥੀ ਅਤੇ ਇਲਾਕੇ ਦੇ ਪਤਵੰਤੇ ਵੀ ਹਾਜ਼ਰ ਸਨ।

ਪਿੰਡ ਬਚਾਓ ਪੰਜਾਬ ਬਚਾਓ ਲੜਾਈ 'ਚ ਯੋਗਦਾਨ ਪਾਉਣ ਲਈ 10 ਅਕਤੂਬਰ ਨੂੰ ਬਲਾਚੌਰ ਪਹੁੰਚਣ ਦੀ ਅਪੀਲ: ਸਾਥੀ ਕਰਨ ਸਿੰਘ ਰਾਣਾ

ਬਲਾਚੌਰ , 24 ਸਤੰਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਪੰਜਾਬ ਦੀ ਹੋਂਦ, ਵਾਤਾਵਰਨ ਅਤੇ ਸਮਾਜਿਕ ਚੁਣੌਤੀਆਂ ਨੂੰ ਲੈ ਕੇ ਚਿੰਤਤ ਜਥੇਬੰਦੀ 'ਪਿੰਡ ਬਚਾਓ, ਪੰਜਾਬ ਬਚਾਓ' ਵੱਲੋਂ 10 ਅਕਤੂਬਰ ਨੂੰ ਬਲਾਚੌਰ ਵਿਖੇ ਇੱਕ ਬਹੁਤ ਹੀ ਅਹਿਮ ਅਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਜਾ ਰਿਹਾ ਹੈ। ਇਸ ਬਾਰੇ ਜਾਣਕਾਰੀ

ਜਾਣੀਆਂ ਚਾਹਲ ਦੇ ਸਰਕਾਰੀ ਪ੍ਰਾਇਮਰੀ ਸਕੂਲ ਦੀ ਨਵੀਂ ਇਮਾਰਤ ਬਣਾਉਣ ਲਈ 43 ਲੱਖ ਰੁਪਏ ਦੀ ਰਾਸ਼ੀ ਜਾਰੀ

ਜਲੰਧਰ (ਕੰਵਲਜੀਤ ਸਿੰਘ ਮੱਕੜ ਤੇ ਜੇ ਐਸ ਸੰਧੂ) ਜਲੰਧਰ-ਲੋਹੀਆਂ ਖਾਸ: ਸਰਕਾਰੀ ਪ੍ਰਾਇਮਰੀ ਸਕੂਲ ਜਾਣੀਆਂ ਚਾਹਲ, ਬਲਾਕ ਲੋਹੀਆਂ ਖਾਸ ਵਿਖੇ ਸਕੂਲ ਦੀ ਅਣਸੁਰੱਖਿਅਤ ਇਮਾਰਤ ਦੀ ਥਾਂ ਨਵੀਂ ਇਮਾਰਤ ਦੀ ਉਸਾਰੀ ਸਬੰਧੀ ਐੱਸ.ਐੱਮ.ਸੀ. ਮੈਂਬਰਾਂ ਅਤੇ ਪੰਚਾਇਤ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਮੇਸ਼ਵਰ ਚੰਦਰ, ਸੈਂਟਰ ਹੈੱਡ ਟੀਚਰ ਜਸਵੀਰ ਸਿੰਘ ਚੌਹਾਨ, ਸਰਪੰਚ ਰਣਜੀਤ ਸਿੰਘ, ਕੁਲਦੀਪ ਸਿੰਘ ਅਤੇ ਐੱਸ.ਐੱਮ.ਸੀ. ਚੇਅਰਪਰਸਨ ਹਰਵਿੰਦਰ ਕੌਰ ਸਮੇਤ ਸਕੂਲ ਪ੍ਰਬੰਧਕ ਕਮੇਟੀ ਅਤੇ ਪੰਚਾਇਤ ਦੇ ਮੈਂਬਰ ਹਾਜ਼ਰ ਸਨ। ਸਕੂਲ ਦੀ ਸਕੱਤਰ ਮੈਡਮ ਬੇਅੰਤ ਕੌਰ ਨੇ ਹਾਜ਼ਰ ਮੈਂਬਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ 'ਸਕੂਲ ਆਫ਼ ਹੈਪੀਨੈੱਸ' ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਜਾਣੀਆਂ ਚਾਹਲ ਦੀ ਨਵੀਂ ਅਤੇ ਖ਼ੂਬਸੂਰਤ ਇਮਾਰਤ ਦੀ ਉਸਾਰੀ ਲਈ 43 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਜਾਵੇਗੀ। ਇਸ ਰਾਸ਼ੀ ਵਿੱਚੋਂ ਪਹਿਲੀ ਕਿਸ਼ਤ ਵਜੋਂ 11 ਲੱਖ ਰੁਪਏ ਜਾਰੀ ਹੋ ਚੁੱਕੇ ਹਨ। ਸਕੂਲ ਦੀ ਨਵੀਂ ਇਮਾਰਤ ਦਾ ਨਕਸ਼ਾ ਵੀ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਤਿਆਰ ਕੀਤਾ ਜਾ ਚੁੱਕਾ ਹੈ। ਸਰਪੰਚ ਰਣਜੀਤ ਸਿੰਘ ਜਾਣੀਆਂ ਨੇ ਸਕੂਲ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਪੰਚਾਇਤ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸਕੂਲ ਬੱਚਿਆਂ ਦੀ ਸਿੱਖਿਆ ਅਤੇ ਭਵਿੱਖ ਨਾਲ ਜੁੜਿਆ ਮਹੱਤਵਪੂਰਨ ਅਦਾਰਾ ਹੈ ਅਤੇ ਇਸ ਦੀ ਇਮਾਰਤ ਦੀ ਉਸਾਰੀ ਵਿੱਚ ਪੰਚਾਇਤ ਵੱਲੋਂ ਪੂਰਾ ਸਹਿਯੋਗ ਕੀਤਾ ਜਾਵੇਗਾ। ਮਲਕੀਤ ਸਿੰਘ, ਕੁਲਦੀਪ ਸਿੰਘ, ਸਲਵਿੰਦਰ ਸਿੰਘ ਪ੍ਰਧਾਨ, ਹਰਨੇਕ ਸਿੰਘ ਨੰਬਰਦਾਰ, ਸੁਰਿੰਦਰ ਸਿੰਘ ਮੈਂਬਰ, ਪਰਮਜੀਤ ਸਿੰਘ ਮੈਂਬਰ, ਬਲਦੇਵ ਸਿੰਘ ਮੈਂਬਰ, ਮੁਖਤਿਆਰ ਸਿੰਘ ਮੈਂਬਰ, ਬਲਵੀਰ ਸਿੰਘ ਮੈਂਬਰ, ਜੋਗਾ ਸਿੰਘ, ਲਖਵਿੰਦਰ ਸਿੰਘ, ਤਰੀਥ ਸਿੰਘ, ਗੁਰਸਾਥ ਸਿੰਘ ਅਤੇ ਸਾਬਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਸਕੂਲ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਨਿੱਜੀ ਤੌਰ 'ਤੇ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸਮੂਹ ਪੰਚਾਇਤ ਜਾਣੀਆਂ ਅਤੇ ਚਾਹਲ ਅਤੇ ਐੱਸ. ਐੱਮ.ਸੀ. ਮੈਂਬਰਾਂ ਨੇ ਸਕੂਲ ਦੀ ਇਮਾਰਤ ਦੀ ਉਸਾਰੀ ਨੂੰ ਪ੍ਰਵਾਨਗੀ ਦਿੰਦਿਆਂ ਹਰ ਪੱਧਰ 'ਤੇ ਸਹਿਯੋਗ ਕਰਨ ਦਾ ਵਾਅਦਾ ਕੀਤਾ। ਸਕੂਲ ਦੀ ਉਸਾਰੀ ਦੇ ਕੰਮ ਨੂੰ ਸੁਚੱਜੇ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਨਿਗਰਾਨ ਕਮੇਟੀ ਅਤੇ ਖਰੀਦ ਕਮੇਟੀ ਦਾ ਗਠਨ ਵੀ ਕੀਤਾ ਗਿਆ। ਕਮੇਟੀਆਂ ਵੱਲੋਂ ਇਮਾਰਤ ਦੀ ਉਸਾਰੀ ਅਤੇ ਸਮੱਗਰੀ ਦੀ ਖਰੀਦ ਸਬੰਧੀ ਹਰੇਕ ਕੰਮ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਬੜੀ ਸਾਵਧਾਨੀ ਨਾਲ ਕਰਵਾਇਆ ਜਾਵੇਗਾ। ਸਕੂਲ ਦੀ ਅਣਸੁਰੱਖਿਅਤ ਇਮਾਰਤ ਦੀ ਥਾਂ ਨਵੀਂ ਇਮਾਰਤ ਬਣਨ ਨਾਲ ਸਕੂਲ ਵਿੱਚ ਪੜ੍ਹ ਰਹੇ ਬੱਚਿਆਂ ਨੂੰ ਸੁਰੱਖਿਅਤ, ਸੁੰਦਰ ਅਤੇ ਬਿਹਤਰ ਸਿੱਖਿਆ ਵਾਲਾ ਮਾਹੌਲ ਮਿਲਣ ਦੀ ਉਮੀਦ ਹੈ।

ਜੇਡੀਯੂ ਪੰਜਾਬ ਦਾ ਸ਼੍ਰੋਮਣੀ ਅਕਾਲੀ ਦਲ ਸ੍ਰੀ ਆਨੰਦਪੁਰ ਸਾਹਿਬ ਨਾਲ ਗਠਜੋੜ, 2027 ਚੋਣਾਂ ਲਈ ਰੋਡਮੈਪ ਜਾਰੀ

ਅੰਮ੍ਰਿਤਸਰ 24 ਸਤੰਬਰ (ਰਾਜੇਸ਼ ਡੈਨੀ) ਨਿਤੀਸ਼ ਕੁਮਾਰ ਦੀ ਅਗਵਾਈ ਵਾਲੀ ਜਨਤਾ ਦਲ (ਯੂਨਾਈਟਿਡ) ਦੀ ਪੰਜਾਬ ਇਕਾਈ ਨੇ ਮੰਗਲਵਾਰ ਨੂੰ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਕਈ ਸਿਆਸੀ ਅਤੇ ਸੰਗਠਨਾਤਮਕ ਫੈਸਲਿਆਂ ਦਾ ਐਲਾਨ ਕੀਤਾ। ਇਨ੍ਹਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਸ੍ਰੀ ਆਨੰਦਪੁਰ ਸਾਹਿਬ ਨਾਲ ਰਸਮੀ ਗਠਜੋੜ ਅਤੇ ਮਰਹੂਮ ਅਦਾਕਾਰ ਤੇ ਸਿਆਸਤਦਾਨ ਸੁਨੀਲ ਦੱਤ ਦੀ ਭਤੀਜੀ ਮਮਤਾ ਦੱਤ ਦਾ ਜੇਡੀਯੂ ਪੰਜਾਬ ਵਿੱਚ ਸ਼ਾਮਲ ਹੋਣਾ ਮੁੱਖ ਰਿਹਾ। ਮੀਡੀਆ ਨੂੰ ਸੰਬੋਧਨ ਕਰਦਿਆਂ ਜੇਡੀਯੂ ਪੰਜਾਬ ਦੇ ਸੂਬਾ ਪ੍ਰਧਾਨ ਸਰਦਾਰ ਮਲਵਿੰਦਰ ਸਿੰਘ ਬੈਨੀਪਾਲ, ਸ਼੍ਰੋਮਣੀ ਅਕਾਲੀ ਦਲ ਸ੍ਰੀ ਆਨੰਦਪੁਰ ਸਾਹਿਬ ਦੇ ਪ੍ਰਧਾਨ ਦਵਿੰਦਰ ਸਿੰਘ ਅਤੇ ਜਨਰਲ ਸਕੱਤਰ ਗੁਰਦਰਸ਼ਨ ਨੇ ਕਿਹਾ ਕਿ ਇਸ ਗਠਜੋੜ ਦਾ ਮਕਸਦ ਇਕੋ ਜਿਹੀ ਸੋਚ ਰੱਖਣ ਵਾਲੀਆਂ ਤਾਕਤਾਂ ਨੂੰ ਇੱਕ ਮੰਚ 'ਤੇ ਲਿਆਉਣਾ ਅਤੇ ਪੰਜਾਬ ਵਿੱਚ ਸਾਂਝੇ ਸਿਆਸੀ ਮੰਚ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਦੋਵੇਂ ਪਾਰਟੀਆਂ ਪੰਜਾਬ ਅਤੇ ਸੂਬੇ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਉਠਾਉਣ ਦੇ ਨਾਲ-ਨਾਲ ਸੂਬੇ ਭਰ ਵਿੱਚ ਆਪਣਾ ਸੰਗਠਨ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕਰਨਗੀਆਂ ਜੇਡੀਯੂ ਪੰਜਾਬ ਫਿਲਹਾਲ ਸੂਬੇ ਦੀਆਂ ਸਾਰੀਆਂ ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਦੀ ਤਿਆਰੀ ਕਰ ਰਹੀ ਹੈ। ਪਾਰਟੀ ਦਾ ਮੁੱਖ ਫੋਕਸ ਮਾਝਾ, ਦੋਆਬਾ, ਲੁਧਿਆਣਾ, ਜੀਟੀ ਰੋਡ ਅਤੇ ਰਾਜਪੁਰਾ-ਪਟਿਆਲਾ ਬੈਲਟ 'ਤੇ ਰਹੇਗਾ ਮਮਤਾ ਦੱਤ ਕਾਰਪੋਰੇਟ ਖੇਤਰ ਵਿੱਚ ਕੰਮ ਕਰ ਚੁੱਕੀ ਹੈ ਅਤੇ ਪਿਛਲੇ ਕਰੀਬ ਇੱਕ ਦਹਾਕੇ ਤੋਂ ਪਸ਼ੂ ਭਲਾਈ ਦੇ ਖੇਤਰ ਵਿੱਚ ਸਰਗਰਮ ਹੈ। ਉਹ ਦੱਤ ਫਾਊਂਡੇਸ਼ਨ ਫਾਰ ਸੋਸ਼ਲ ਵੈਲਫੇਅਰ ਦੀ ਸੰਸਥਾਪਕ ਹੈ ਅਤੇ ਪਸ਼ੂ ਭਲਾਈ ਦੇ ਨਾਲ-ਨਾਲ ਸਮਾਜਿਕ ਭਲਾਈ ਨਾਲ ਜੁੜੇ ਵੱਖ-ਵੱਖ ਕੰਮਾਂ ਵਿੱਚ ਸਰਗਰਮ ਰਹੀ ਹੈ। ਇਸ ਮੌਕੇ ਮਮਤਾ ਦੱਤ ਨੇ ਕਿਹਾ ਕਿ ਉਨ੍ਹਾਂ ਦਾ ਹਮੇਸ਼ਾ ਮੰਨਣਾ ਰਿਹਾ ਹੈ ਕਿ ਸਮਾਜ ਵਿੱਚ ਸਾਰਥਕ ਬਦਲਾਅ ਸਰਗਰਮ ਭਾਗੀਦਾਰੀ ਅਤੇ ਲੋਕ ਸੇਵਾ ਰਾਹੀਂ ਹੀ ਲਿਆਂਦਾ ਜਾ ਸਕਦਾ ਹੈ। ਸਮਾਜਿਕ ਭਲਾਈ ਦੇ ਖੇਤਰ ਵਿੱਚ ਕੰਮ ਕਰਨ ਦੌਰਾਨ ਉਨ੍ਹਾਂ ਨੇ ਹਮਦਰਦੀ ਅਤੇ ਜ਼ਿੰਮੇਵਾਰੀ ਦੀ ਮਹੱਤਤਾ ਨੂੰ ਸਮਝਿਆ ਹੈ। ਉਨ੍ਹਾਂ ਕਿਹਾ ਕਿ ਜੇਡੀਯੂ ਨਾਲ ਜੁੜ ਕੇ ਉਹ ਇਨ੍ਹਾਂ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਣ ਅਤੇ ਜਨਤਕ ਜੀਵਨ ਵਿੱਚ ਉਸਾਰੂ ਯੋਗਦਾਨ ਪਾਉਣ ਦੀ ਕੋਸ਼ਿਸ਼ ਕਰਨਗੇ। ਸਮਾਜਿਕ ਕਾਰਕੁਨ ਅਤੇ ਵਕੀਲ ਦਵਿੰਦਰ ਰਾਜਪੂਤ, ਜੋ ਕਿ ਪਟਿਆਲਾ ਖੇਤਰ ਵਿੱਚ ਸਰਗਰਮੀ ਨਾਲ ਕੰਮ ਕਰ ਰਹੇ ਹਨ, ਵੀ ਪਾਰਟੀ ਵਿੱਚ ਸ਼ਾਮਲ ਹੋ ਗਏ। ਰਾਜਪੂਤ ਨੇ ਪਿਛਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਇੱਕ ਆਜ਼ਾਦ ਉਮੀਦਵਾਰ ਵਜੋਂ ਲੜੀਆਂ ਸਨ। ਪਾਰਟੀ ਲੀਡਰਸ਼ਿਪ ਨੇ 2027 ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀ ਰਣਨੀਤੀ ਅਤੇ ਸੰਗਠਨਾਤਮਕ ਰੋਡਮੈਪ ਵੀ ਸਾਂਝਾ ਕੀਤਾ। ਇਸ ਦੌਰਾਨ ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਆਪਣੀ ਪਹੁੰਚ ਵਧਾਉਣ 'ਤੇ ਚਰਚਾ ਕੀਤੀ ਗਈ। ਸੰਗਠਨਾਤਮਕ ਪ੍ਰੋਗਰਾਮ ਤਹਿਤ ਜੇਡੀਯੂ ਪੰਜਾਬ ਦੀ ਸੂਬਾ ਅਤੇ ਜ਼ਿਲ੍ਹਾ ਪੱਧਰੀਆਂ ਟੀਮਾਂ ਵੱਲੋਂ ਪੰਜਾਬ ਭਰ ਵਿੱਚ ਜਨ ਸੰਪਰਕ ਅਤੇ ਚੋਣਾਂ ਨਾਲ ਸਬੰਧਤ ਗਤੀਵਿਧੀਆਂ ਚਲਾਈਆਂ ਜਾਣਗੀਆਂ। ਇਸ ਮੌਕੇ ਤੇ ਜੇਡੀਯੂ, ਪੰਜਾਬ ਦੇ ਜਨਰਲ ਸਕੱਤਰ (ਸੰਗਠਨ) ਸੰਜੀਵ ਕੁਮਾਰ, ਰਾਹੁਲ ਘਈ, ਸੀਨੀਅਰ ਵਾਈਸ ਪ੍ਰੈਜ਼ੀਡੈਂਟ (ਜੇਡੀਯੂ ਪੰਜਾਬ ਯੂਥ), ਵਾਈਸ ਪ੍ਰੈਜ਼ੀਡੈਂਟ ਗੁਰਪਾਲ ਸਿੰਘ ਹੁੰਦਲ, ਜਨਰਲ ਸਕੱਤਰ ਰਾਜਨਦੀਪ ਸਿੰਘ ਮੱਕੜ, ਸਕੱਤਰ ਜਨਰਲ ਇੰਦਰਜੀਤ ਸਿੰਘ ਆਹਲੂਵਾਲੀਆ ਅਤੇ ਜਸਪਾਲ ਸਿੰਘ ਟਾਈਗਰ, ਸਕੱਤਰ ਸੰਜੀਵ ਚੋਪੜਾ, ਐਸਡੀਐਸਐਸ ਤੋਂ ਦੀਦਾਰ ਸਿੰਘ ਸਹੌੜਾ ਅਤੇ ਹੋਰ ਅਹੁਦੇਦਾਰ ਵੀ ਮੌਜੂਦ ਸਨ।

'ਮਾਨ ਦੇ ਮੁਨਾਫੇ' ਦਾ ਸੁਨੇਹਾ ਘਰ-ਘਰ ਪਹੁੰਚਿਆ, ਇਸ਼ੂ ਸ਼ਰਮਾ ਨੇ ਗਿਣਾਈਆਂ ਲੋਕ ਭਲਾਈ ਸਹੂਲਤਾਂ

ਬਟਾਲਾ, 24 ਸਤੰਬਰ (ਸੰਜੀਵ ਨਈਅਰ) ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵੱਲੋਂ ਸਰਕਾਰ ਦੀਆਂ ਯੋਜਨਾਵਾਂ ਅਤੇ ਪ੍ਰਾਪਤੀਆਂ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ 'ਮਾਨ ਦੇ ਮੁਨਾਫੇ' ਮੁਹਿੰਮ ਤਹਿਤ ਵਾਰਡ ਨੰਬਰ 14 ਦੇ ਸਰਗਰਮ ਵਰਕਰ ਇਸ਼ੂ ਸ਼ਰਮਾ ਨੇ ਪ੍ਰੇਮ ਨਗਰ ਦਾਰਾ ਸਲਾਮ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕੀਤਾ। ਉਨ੍ਹਾਂ ਵੱਲੋਂ ਵੱਖ-ਵੱਖ ਲੋਕ ਭਲਾਈ ਯੋਜਨਾਵਾਂ ਦੀ ਜਾਣਕਾਰੀ ਦੇਣ ਦੇ ਨਾਲ ਪੰਫਲੇਟ ਵੀ ਵੰਡੇ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਆਮ ਪਰਿਵਾਰਾਂ ਨੂੰ ਰਾਹਤ ਦੇਣ ਲਈ ਕਈ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਮੁਹਿੰਮ ਦੌਰਾਨ ਲੋਕਾਂ ਨੂੰ ਮਹਿਲਾਵਾਂ ਲਈ ਹਰ ਮਹੀਨੇ 1,000 ਦੀ ਸਹਾਇਤਾ, ਘਰੇਲੂ ਬਿਜਲੀ ਦੇ ਜ਼ੀਰੋ ਬਿੱਲ, ਮਹਿਲਾਵਾਂ ਲਈ ਸਰਕਾਰੀ ਬੱਸਾਂ ਵਿੱਚ ਮੁਫ਼ਤ ਸਫ਼ਰ, ਸਰਕਾਰੀ ਸਕੂਲਾਂ ਵਿੱਚ ਫ਼ੀਸ, ਕਿਤਾਬਾਂ ਅਤੇ ਵਰਦੀਆਂ ਦੀ ਸਹੂਲਤ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਬੁਢਾਪਾ ਪੈਨਸ਼ਨ 1,500 ਪ੍ਰਤੀ ਮਹੀਨਾ, ਆਮ ਆਦਮੀ ਕਲੀਨਿਕਾਂ ਵਿੱਚ ਮੁਫ਼ਤ ਦਵਾਈਆਂ ਅਤੇ ਟੈਸਟ, ਰਾਸ਼ਨ ਦੀ ਸਹੂਲਤ ਅਤੇ 50 ਸਾਲ ਤੋਂ ਵੱਧ ਉਮਰ ਦੇ ਲੋਕਾਂ ਲਈ ਮੁਫ਼ਤ ਤੀਰਥ ਯਾਤਰਾ ਵਰਗੀਆਂ ਸਹੂਲਤਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ। 'ਮਾਨ ਦੇ ਮੁਨਾਫੇ' ਮੁਹਿੰਮ ਦਾ ਮਕਸਦ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਅਤੇ ਲੋਕਾਂ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਦੀ ਜਾਣਕਾਰੀ ਸਿੱਧੇ ਘਰ-ਘਰ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਰਕਰ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਬਾਰੇ ਜਾਣੂ ਕਰਵਾ ਰਹੇ ਹਨ।

ਦਫਤਰ ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਵੱਲੋਂ ਪੇਂਡੂ ਲਾਇਬ੍ਰੇਰੀਆਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਦੀਆਂ ਲਾਈਬ੍ਰੇਰੀਆਂ, ਲਈ ਪੁਸਤਕ ਮੈਚਿੰਗ ਗ੍ਰਾਂਟ ਅਧੀਨ ਪੁਸਤਕਾਂ ਦਿੱਤੀਆਂ



ਗੁਰਦਾਸਪੁਰ, 24 ਸਤੰਬਰ (ਗੁਲਸ਼ਨ ਰਣੀਆਂ) ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2026-27 ਅਧੀਨ ਭਾਸ਼ਾ ਵਿਭਾਗ, ਪੰਜਾਬ ਮਾਣਯੋਗ ਡਾਇਰੈਕਟਰ ਭਾਸ਼ਾਵਾਂ ਦੇ ਆਦੇਸ਼ਾਂ ਅਨੁਸਾਰ ਵਿਭਾਗ ਨੂੰ ਪੁਸਤਕ ਮੈਚਿੰਗ ਗ੍ਰਾਂਟ ਪ੍ਰਾਪਤ ਹੋਣ ਸਬੰਧੀ ਦਫਤਰ ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਵੱਲੋਂ ਪੇਂਡੂ ਲਾਇਬ੍ਰੇਰੀਆਂ, ਸਕੂਲਾਂ/ਕਾਲਜਾਂ ਅਤੇ ਯੂਨੀਵਰਸਿਟੀਆਂ ਦੀਆਂ ਲਾਈਬ੍ਰੇਰੀਆਂ, ਲਈ ਪੁਸਤਕ ਮੈਚਿੰਗ ਗ੍ਰਾਂਟ ਅਧੀਨ ਪੁਸਤਕਾਂ ਦਿੱਤੀਆਂ ਜਾ ਰਹੀਆਂ ਹਨ, ਭਾਵ ਕੋਈ ਵੀ ਸੰਸਥਾ ਜਿੰਨੇ ਰੁਪਏ ਦੀਆ ਪੁਸਤਕਾਂ ਦੀ ਖ਼ਰੀਦ ਜ਼ਿਲ੍ਹਾ ਭਾਸ਼ਾ ਦਫਤਰ, ਗੁਰਦਾਸਪੁਰ ਤੋਂ ਕਰਦੀ ਹੈ ਉਸ ਸੰਸਥਾ/ਸਕੂਲ/ਕਾਲਜ਼ ਨੂੰ ਉਨੇ ਹੀ ਰੁਪਏ ਦੀਆਂ ਪੁਸਤਕਾਂ ਮੈਚਿੰਗ ਗ੍ਰਾਂਟ ਅਧੀਨ ਇਸ ਦਫਤਰ ਵੱਲੋਂ ਮੁਫਤ ਦਿੱਤੀਆਂ ਜਾਣਗੀਆਂ।ਜ਼ਿਲ੍ਹਾ ਭਾਸ਼ਾ ਦਫਤਰ ਦੇ ਅਧਿਕਾਰੀ ਨੇ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਦਫਤਰ, ਗੁਰਦਾਸਪੁਰ ਤੋਂ ਇਹ ਬਹੁਤ ਹੀ ਮਿਆਰੀ ਅਤੇ ਧਾਰਮਿਕ/ਸਾਹਿਤਕ ਅਤੇ ਇਤਿਹਾਸਕ ਪੁਸਤਕਾਂ ਘੱਟ/ਸਸਤੀ ਕੀਮਤ ਤੇ ਸੰਸਥਾ ਦੀਆ ਲਾਇਬ੍ਰੇਰੀਆਂ ਲਈ ਖਰੀਦੀਆਂ ਜਾ ਸਕਦੀਆਂ ਹਨ। ਇਹ ਵਡਮੁੱਲੀਆਂ ਪੁਸਤਕਾਂ ਦਿਆਰਥੀਆ ਤੇ ਸਾਹਿਤਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਹੀ ਉਪਯੋਗੀ ਹਨ। ਇਸ ਲਈ ਇਨ੍ਹਾਂ ਵਡਮੁੱਲੀਆਂ ਪੁਸਤਕਾਂ ਦੀ ਵੱਧ ਤੋਂ ਵੱਧ ਖ਼ਰੀਦ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਥਿਤ ਦਫਤਰ ਜ਼ਿਲ੍ਹਾ ਭਾਸ਼ਾ ਅਫਸਰ, ਗੁਰਦਾਸਪੁਰ ਬੀ.ਬਲਾਕ ਕਮਰਾ ਨੰ. 501 502 ਤੋਂ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ 94640-41987 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਝੋਨਾ ਮੰਡੀਆਂ 'ਚ ਪਹੁੰਚਿਆ, ਸਰਕਾਰੀ ਖਰੀਦ ਹਾਲੇ ਵੀ ਬੰਦ, ਕਿਸਾਨਾਂ ਦੀ ਖੱਜਲ-ਖੁਆਰੀ 'ਤੇ ਭੜਕੇ ਮਾਝਾ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ

ਸ੍ਰੀ ਹਰਗੋਬਿੰਦਪੁਰ, 24 ਸਤੰਬਰ (ਪ੍ਰਦੀਪ ਸਿੰਘ ਬੇਦੀ) ਮਾਝਾ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਬਲਵਿੰਦਰ ਸਿੰਘ ਰਾਜੂ ਨੇ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਪਹੁੰਚਣ ਦੇ ਬਾਵਜੂਦ ਸਰਕਾਰੀ ਖਰੀਦ ਸ਼ੁਰੂ ਨਾ ਹੋਣ 'ਤੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਤੁਰੰਤ ਖਰੀਦ ਪ੍ਰਬੰਧ ਮੁਕੰਮਲ ਕਰਨ ਦੀ ਮੰਗ ਕੀਤੀ ਹੈ। ਬਲਵਿੰਦਰ ਸਿੰਘ ਰਾਜੂ ਨੇ ਕਿਹਾ ਕਿ ਕਈ ਕਿਸਾਨਾਂ ਦਾ ਝੋਨਾ ਪੱਕ ਕੇ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿੱਚ ਪਹੁੰਚਣਾ ਸ਼ੁਰੂ ਹੋ ਗਿਆ ਹੈ, ਪਰ ਸਰਕਾਰੀ ਖਰੀਦ ਚਾਲੂ ਨਾ ਹੋਣ ਕਾਰਨ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਕਿਸਾਨਾਂ ਨੂੰ ਸਮੇਂ ਤੋਂ ਪਹਿਲਾਂ ਝੋਨਾ ਲਗਾਉਣ ਦੀ ਮਨਜ਼ੂਰੀ ਦਿੱਤੀ ਗਈ ਸੀ ਤਾਂ ਮੰਡੀਆਂ ਵਿੱਚ ਆਉਣ ਵਾਲੀ ਫ਼ਸਲ ਦੀ ਖਰੀਦ ਲਈ ਵੀ ਸਰਕਾਰ ਨੂੰ ਪਹਿਲਾਂ ਤੋਂ ਪੂਰੇ ਪ੍ਰਬੰਧ ਕਰਨੇ ਚਾਹੀਦੇ ਸਨ। ਉਨ੍ਹਾਂ ਮੰਗ ਕੀਤੀ ਕਿ ਮੰਡੀਆਂ ਅਤੇ ਫੋਕਲ ਪੁਆਇੰਟਾਂ ਵਿੱਚ ਪਏ ਕਣਕ ਦੇ ਅੰਬਾਰ ਤੁਰੰਤ ਹਟਾ ਕੇ ਥਾਂ ਖਾਲੀ ਕਰਵਾਈ ਜ

6 ਸਾਲਾਂ ਤੋਂ ਫ਼ਰਾਰ ਚੱਲ ਰਿਹਾ ਬਰਖ਼ਾਸਤ ਏਆਈਜੀ ਰਾਜਜੀਤ ਸਿੰਘ ਨੇ ਪਟਿਆਲਾ ਪੁਲਿਸ ਅੱਗੇ ਕੀਤਾ ਆਤਮ ਸਮਰਪਣ

ਪਟਿਆਲਾ, 24 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੇ ਬਰਖਾਸਤ ਏ.ਆਈ.ਜੀ. ਰਾਜਜੀਤ ਸਿੰਘ ਨੇ ਲਗਭਗ ਛੇ ਸਾਲਾਂ ਤੱਕ ਫਰਾਰ ਰਹਿਣ ਤੋਂ ਬਾਅਦ ਵੀਰਵਾਰ (24 ਸਤੰਬਰ) ਨੂੰ ਪਟਿਆਲਾ ਪੁਲਿਸ ਅੱਗੇ ਆਤਮ-ਸਮਰਪਣ ਕਰ ਦਿੱਤਾ। ਆਤਮ-ਸਮਰਪਣ ਤੋਂ ਬਾਅਦ ਪੁਲਿਸ ਨੇ ਉਸਨੂੰ ਗਸ਼ੀ ਤੌਰ 'ਤੇ ਗ੍ਰਿਫਤਾਰ ਕਰ ਲਿਆ। ਰਾਜਜੀਤ ਸਿੰਘ ਵਿਰੁੱਧ 2019 ਵਿੱਚ ਨਸ਼ਾ ਤਸਕਰੀ, ਜਬਰੀ ਵਸੂਲੀ ਅਤੇ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਦਰਜ ਕੀਤੇ ਗਏ ਸਨ। ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਇਸ ਗ੍ਰਿਫਤਾਰੀ ਦੀ ਪੁਸ਼ਟੀ ਕੀਤੀ। ਰਾਜਜੀਤ ਸਿੰਘ ਨੂੰ ਅਪ੍ਰੈਲ 2019 ਵਿੱਚ ਸੇਵਾ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ। ਉਸਦਾ ਨਾਮ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਨਿਗਰਾਨੀ ਹੇਠ ਚੱਲ ਰਹੀ ਉਸ ਜਾਂਚ ਦੌਰਾਨ ਸਾਹਮਣੇ ਆਇਆ ਸੀ, ਜੋ ਬਰਖਾਸਤ ਇੰਸਪੈਕਟਰ ਇੰਦਰਜੀਤ ਸਿੰਘ ਨਾਲ ਜੁੜੇ ਕਥਿਤ ਨਸ਼ਾ ਤਸਕਰੀ ਅਤੇ ਜਬਰੀ ਵਸੂਲੀ ਦੇ ਨੈੱਟਵਰਕ ਬਾਰੇ ਸੀ। ਇਸ ਤੋਂ ਬਾਅਦ, ਵਿਜੀਲੈਂਸ ਬਿਊਰੋ ਅਤੇ ਸਪੈਸ਼ਲ ਟਾਸਕ ਫੋਰਸ ਨੇ ਉਸ ਵਿਰੁੱਧ ਵੱਖਰੇ-ਵੱਖਰੇ ਮਾਮਲੇ ਦਰਜ ਕੀਤੇ। ਹਾਈ ਕੋਰਟ ਵੱਲੋਂ ਉਸਦੀ ਜ਼ਮਾਨਤ ਦੀ ਅਰਜ਼ੀ ਰੱਦ ਕੀਤੇ ਜਾਣ ਤੋਂ ਬਾਅਦ ਉਹ ਫਰਾਰ ਹੋ ਗਿਆ ਸੀ ਅਤੇ ਉਸਨੂੰ ਲੱਭਣ ਲਈ ਇੱਕ 'ਲੁੱਕ-ਆਊਟ ਸਰਕੂਲਰ' ਵੀ ਜਾਰੀ ਕੀਤਾ ਗਿਆ ਸੀ। ਜਾਂਚ ਰਿਪੋਰਟਾਂ ਵਿੱਚ ਰਾਜਜੀਤ ਸਿੰਘ 'ਤੇ ਕਈ ਦੋਸ਼ ਲਗਾਏ ਗਏ ਸਨ, ਜਿਨ੍ਹਾਂ ਵਿੱਚ ਨਸ਼ਾ ਤਸਕਰਾਂ ਨੂੰ ਸੁਰੱਖਿਆ ਪ੍ਰਦਾਨ ਕਰਨਾ, ਬੇਕਸੂਰ ਵਿਅਕਤੀਆਂ ਨੂੰ ਨਸ਼ਿਆਂ ਦੇ ਕੇਸਾਂ ਵਿੱਚ ਫਸਾਉਣਾ ਅਤੇ ਉਨ੍ਹਾਂ ਤੋਂ ਜਬਰੀ ਪੈਸੇ ਵਸੂਲਣਾ ਸ਼ਾਮਲ ਸੀ। ਉਸ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਦਾ ਮਾਮਲਾ ਵੀ ਦਰਜ ਕੀਤਾ ਗਿਆ ਸੀ। ਇਹ ਦੋਸ਼ ਜਾਂਚ ਦੌਰਾਨ ਸਾਹਮਣੇ ਆਏ ਤੱਥਾਂ ਦੇ ਆਧਾਰ 'ਤੇ ਹਾਈ ਕੋਰਟ ਦੇ ਰਿਕਾਰਡ ਵਿੱਚ ਦਰਜ ਕੀਤੇ ਗਏ ਸਨ। ਜਾਂਚ ਦੌਰਾਨ 50 ਤੋਂ ਵੱਧ ਐਨਡੀਪੀਐਸ ਨਮੂਨਿਆਂ ਦੇ ਅਸਫਲ ਰਹਿਣ ਦਾ ਮਾਮਲਾ ਵੀ ਸਾਹਮਣੇ ਆਇਆ; ਇਹ ਘਟਨਾਵਾਂ ਉਸ ਸਮੇਂ ਦੀਆਂ ਹਨ ਜਦੋਂ ਰਾਜਜੀਤ ਸਿੰਘ ਤਰਨਤਾਰਨ ਦੇ ਐਸ.ਐਸ.ਪੀ. ਵਜੋਂ ਤਾਇਨਾਤ ਸਨ ਅਤੇ ਇੰਦਰਜੀਤ ਸਿੰਘ ਸੀ.ਆਈ.ਏ. (391) ਇੰਚਾਰਜ ਵਜੋਂ ਸੇਵਾ ਨਿਭਾ ਰਹੇ ਸਨ। ਸਪੈਸ਼ਲ ਇਨਵੈਸਟੀਗੇਸ਼ਨ ਟੀਮ ਦੀਆਂ ਰਿਪੋਰਟਾਂ ਦੇ ਆਧਾਰ 'ਤੇ, ਪੰਜਾਬ ਸਰਕਾਰ ਨੇ ਅਪ੍ਰੈਲ 2023 ਵਿੱਚ ਰਾਜਜੀਤ ਸਿੰਘ ਨੂੰ ਪੁਲਿਸ ਸੇਵਾ ਤੋਂ ਬਰਖਾਸਤ ਕਰ ਦਿੱਤਾ ਸੀ।

ਸਫ਼ਾ ਇੱਕ ਦੀਆਂ ਬਾਕੀ...

ਪੀਐਮ ਮੋਦੀ ਨੇ ਮ੍ਰਿਤਕਾਂ.....

ਗਈ, ਜਿਸ ਕਾਰਨ ਕਈ ਯਾਤਰੀ ਅੰਦਰ ਹੀ ਫਸ ਗਏ। ਨੋਇਡਾ ਦੇ ਮੁੱਖ ਫਾਇਰ ਅਫਸਰ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਫਾਇਰ ਬ੍ਰਿਗੇਡ ਦੀਆਂ ਚਾਰ ਗੱਡੀਆਂ ਅਤੇ ਬਚਾਅ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ 20-25 ਯਾਤਰੀਆਂ 'ਸਾਹ ਘੁਟਣ ਅਤੇ ਅੱਗ ਨਾਲ ਲੱਗੀਆਂ ਸੱਟਾਂ ਕਾਰਨ ਨੌਂ ਲੋਕਾਂ ਦੀ ਮੌਤ ਹੋ ਗਈ। ਇੱਕ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਡਰਾਈਵਰ ਤੇ ਕੰਡਕਟਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਅਗਲੇਰੀ ਜਾਂਚ ਚੱਲ ਰਹੀ ਹੈ,' ਕੁਮਾਰ ਨੇ ਕਿਹਾ। ਇਸ ਦੌਰਾਨ, ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਮ੍ਰਿਤਕਾਂ ਦੇ ਪਰਿਵਾਰਾਂ ਲਈ 2-2 ਲੱਖ ਰੁਪਏ ਅਤੇ ਜ਼ਖ਼ਮੀਆਂ ਲਈ 50,000 ਰੁਪਏ ਦੀ ਸਹਾਇਤਾ ਰਾਸ਼ੀ ਦਾ ਐਲਾਨ ਵੀ ਕੀਤਾ ਹੈ।

ਈਡੀ ਦੇ ਛਾਪਿਆਂ ਵਿਰੁੱਧ.....

ਕਿਹਾ ਕਿ ਲੰਬੀ ਛਾਪੇਮਾਰੀ ਅਤੇ ਜਾਂਚ ਦੇ ਬਾਵਜੂਦ ਈਡੀ ਨੂੰ ਹੁਣ ਤੱਕ ਕੁਝ ਵੀ ਹਾਸਲ ਨਹੀਂ ਹੋਇਆ ਹੈ। ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਕੇਂਦਰੀ ਏਜੰਸੀਆਂ ਦੀ ਵਰਤੋਂ ਕਰਕੇ ਸੂਬੇ 'ਤੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਵੇਂ-ਜਿਵੇਂ ਪੰਜਾਬ ਵਿੱਚ ਚੋਣਾਂ ਨੇੜੇ ਆ ਰਹੀਆਂ ਹਨ, ਈਡੀ ਦੀ ਸਰਗਰਮੀ ਅਚਾਨਕ ਵਧ ਗਈ ਹੈ। ਪ੍ਰਦਰਸ਼ਨ ਦੌਰਾਨ 'ਆਪ' ਨੇਤਾਵਾਂ ਨੇ ਸਪੱਸ਼ਟ ਕੀਤਾ ਕਿ ਈਡੀ ਦੀ ਇਸ ਕਾਰਵਾਈ ਦਾ ਸਮਾਂ ਅਤੇ ਤਰੀਕਾ ਸਿਰਫ਼ ਸਰਕਾਰੀ ਅਧਿਕਾਰੀਆਂ ਨੂੰ ਡਰਾਉਣ ਅਤੇ ਧਮਕਾਉਣ ਦੀ ਨਾਕਾਮ ਕੋਸ਼ਿਸ਼ ਹੈ। ਚੋਣਾਂ ਤੋਂ ਪਹਿਲਾਂ ਈਡੀ ਦੀ ਇਹ ਲਗਾਤਾਰ ਦਖਿਸ਼ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਬੌਖਲਾਹਟ ਦੀ ਨਿਸ਼ਾਨੀ ਹੈ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਦੇ ਲੋਕ ਅਤੇ 'ਆਪ' ਵਰਕਰ ਭਾਜਪਾ ਦੀ ਇਸ ਧੱਕੇਸ਼ਾਹੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰਨਗੇ।

ਸੀਐਮ ਭਗਵੰਤ ਮਾਨ ਨਾਲ.....

ਮੰਗਾਂ ਦੇ ਹੱਲ ਲਈ ਯਤਨ ਕਰੇਗੀ। ਉਨ੍ਹਾਂ ਕਿਹਾ ਕਿ ਐੱਫ ਸੀ.ਆਈ. ਅਤੇ ਭਾਰਤ ਸਰਕਾਰ ਨਾਲ ਸਬੰਧਤ ਮਸਲਿਆਂ ਦੇ ਹੱਲ ਲਈ ਮੁੱਖ ਮੰਤਰੀ ਵੱਲੋਂ ਖੁਦ ਐੱਫ.ਸੀ.ਆਈ. ਦੇ ਅਧਿਕਾਰੀਆਂ ਅਤੇ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਸਹੋਤਾ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਯੂਨੀਅਨ ਆਗੂਆਂ ਤੋਂ ਮੰਗਾਂ ਸਬੰਧੀ ਨੀਤੀ ਤਿਆਰ ਕਰਨ ਲਈ 3 ਅਕਤੂਬਰ ਤੱਕ ਦਾ ਸਮਾਂ ਮੰਗਿਆ ਹੈ, ਜਿਸ 'ਤੇ ਮੀਟਿੰਗ ਵਿੱਚ ਮੌਜੂਦ ਸਾਰੇ ਯੂਨੀਅਨ ਆਗੂਆਂ ਨੇ ਸਹਿਮਤੀ ਜਤਾਈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ 3 ਅਕਤੂਬਰ ਤੱਕ ਪੱਲੇਦਾਰ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਹੋਇਆ ਜਾਂ ਸਰਕਾਰ ਵੱਲੋਂ ਕੋਈ ਠੋਸ ਨੀਤੀ ਨਾ ਬਣਾਈ ਗਈ ਤਾਂ ਯੂਨੀਅਨ ਮੁੜ ਸੰਘਰਸ਼ ਦੇ ਰਾਹ 'ਤੇ ਜਾਣ ਲਈ ਮਜਬੂਰ ਹੋਵੇਗੀ।

ਅੰਤਰਰਾਸ਼ਟਰੀ ਗੀਤਾ ਮਹੋਤਸਵ ਦੀਆਂ.....

ਪ੍ਰਸ਼ਾਸਨ ਨਾਲ ਸਾਂਝੇ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਮਹਾਰਾਜ ਨੇ ਕਿਹਾ ਕਿ ਸਾਰੀਆਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਸਦਭਾਵਨਾ ਨਾਲ ਅੰਤਰਰਾਸ਼ਟਰੀ ਗੀਤਾ ਮਹੋਤਸਵ ਨਾਲ ਜੁੜਨ। ਇਸ ਨਾਲ ਤੀਰਥ, ਕੁਰੂਕਸ਼ੇਤਰ ਅਤੇ ਸਾਡੇ ਸਾਰਿਆਂ ਦਾ ਮਾਣ ਵਧੇਗਾ। ਉਨ੍ਹਾਂ ਕਿਹਾ ਕਿ ਸਫ਼ਾਈ ਅਭਿਆਨ ਵਿੱਚ ਪ੍ਰਸ਼ਾਸਨ ਦੇ ਨਾਲ-ਨਾਲ ਸਾਰੀਆਂ ਸੰਸਥਾਵਾਂ ਨੂੰ ਵੀ ਅੱਗੇ ਆ ਕੇ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਉਨ੍ਹਾਂ ਹਰੇਕ ਵਿਅਕਤੀ ਅਤੇ ਸੰਸਥਾ ਨੂੰ ਅਪੀਲ ਕੀਤੀ ਕਿ '18 ਮਿੰਟ ਗੀਤਾ ਦੇ ਨਾਮ' ਪਹਿਲਕਦਮੀ ਨਾਲ ਜੁੜਨ। ਉਨ੍ਹਾਂ ਕਿਹਾ ਕਿ ਗੀਤਾ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਉਦੋਂ ਹੀ ਸਾਰਥਕ ਹੋਵੇਗਾ, ਜਦੋਂ ਗੀਤਾ ਦੇ ਸੂਤਰ ਸਾਡੇ ਵਿਵਹਾਰ ਵਿੱਚ ਵੀ ਦਿਖਾਈ ਦੇਣ। ਉਨ੍ਹਾਂ ਕਿਹਾ ਕਿ ਗੀਤਾ ਦੇ ਗੌਰਵ ਨੂੰ ਅੱਗੇ ਵਧਾਉਣਾ ਸਾਡੇ ਸਾਰਿਆਂ ਦਾ ਫਰਜ਼ ਹੈ ਅਤੇ ਗੀਤਾ ਦੇ ਸੂਤਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦੀ ਪਹਿਲ ਨੂੰ ਮਹੋਤਸਵ ਦਾ ਇੱਕ ਮਹੱਤਵਪੂਰਨ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ। ਇਸ ਮੀਟਿੰਗ ਵਿੱਚ ਭਾਜਪਾ ਸੂਬਾ ਪ੍ਰਧਾਨ ਅਰਚਨਾ ਗੁਪਤਾ, ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਕੁਰੂਕਸ਼ੇਤਰ ਵਿਕਾਸ ਬੋਰਡ ਦੇ ਆਨਰੇਰੀ ਸਕੱਤਰ ਉਪੇਂਦਰ ਸਿੰਘਲ, ਮੁੱਖ ਮੰਤਰੀ ਦੇ ਓ.ਐਸ.ਡੀ. ਭਾਰਤ ਭੂਸ਼ਣ ਭਾਰਤੀ ਸਮੇਤ ਕੁਰੂਕਸ਼ੇਤਰ ਦੀਆਂ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਅਧਿਆਤਮਿਕ ਗੁਰੂ, ਨੁਮਾਇੰਦੇ ਅਤੇ ਹੋਰ ਪਤਵੰਤੇ ਸੱਜਣ ਮੌਜੂਦ ਸਨ।

ਪਟਿਆਲਾ ਵਿਖੇ ਵਾਪਰੀਆਂ ਬੇਅਦਬੀ.....

ਸਤਿਕਾਰ ਨਾਲ ਰੁਮਾਲਾ ਸਾਹਿਬ ਵਿਚ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਲਿਆਂਦਾ ਗਿਆ ਅਤੇ ਇਸੇ ਤਰ੍ਹਾਂ ਨਿਹਾਲ ਬਾਗ ਸਰਕਟ ਹਾਊਸ ਨੇੜੇ ਗੁਟਕਾ ਸਾਹਿਬ ਦੇ ਅੰਗ ਖਿਲਰੇ ਮਿਲੇ ਸਨ, ਜਿਸ ਨੂੰ ਸੰਗਤ ਨੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਹੁੰਚਾਇਆ. ਜਥੇਦਾਰ ਗੜ੍ਹੀ ਨੇ ਕਿਹਾ ਕਿ ਗੁਰਦੁਆਰਾ ਪ੍ਰਬੰਧਕਾਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਅਤੇ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਇਸ ਦੀ ਤੁਰੰਤ ਸੂਚਨਾ ਜ਼ਿਲ੍ਹਾ ਪੁਲਿਸ ਪ੍ਰਸ਼ਾਸਨ ਨੂੰ ਦਿੱਤੀ ਗਈ ਅਤੇ ਸਬੰਧਤ ਉਚ ਅਧਿਕਾਰੀਆਂ ਦੀ ਟੀਮ ਨੇ ਗੁਰਦੁਆਰਾ ਪ੍ਰਬੰਧਕਾਂ ਨਾਲ ਤਾਲਮੇਲ ਬਣਾਇਆ ਤਾਂ ਤੁਰੰਤ ਜਾਂਚ ਤੁਰੰਤ ਬਾਅਦ ਸਬੰਧਤ ਵੱਖ ਵੱਖ ਥਾਣਿਆਂ ਵਿਖੇ ਦੋ ਮਾਮਲੇ ਦਰਜ ਕੀਤੇ ਹਨ। ਇਸ ਉਪਰੰਤ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ ਅਤੇ ਗੁਰਦੁਆਰਾ ਪ੍ਰਬੰਧਕਾਂ ਨੇ ਐਸ ਪੀ ਸਿਟੀ ਮੋਹਿਤ ਅਗਰਵਾਲ ਨੂੰ ਐਸਐਸਪੀ ਪਟਿਆਲਾ ਦੇ ਨਾਂ ਮੰਗ ਪੱਤਰ ਦਿੱਤਾ ਅਤੇ ਬੇਅਦਬੀ ਦੀਆਂ ਘਟਨਾਵਾਂ ਬਾਬਤ ਸਾਰੇ ਜਾਣਕਾਰੀ ਦਿੱਤੀ. ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਮੌਜੂਦਾ ਮਾਹੌਲ ਅੰਦਰ ਅੱਜ ਵੀ ਵੱਖ ਵੱਖ ਥਾਵਾਂ *ਤੇ ਬੇਅਦਬੀਆਂ ਦੀਆਂ ਘਟਨਾਵਾਂ ਵਾਪਰੀਆਂ ਰਹੀਆਂ ਹਨ, ਜਿਨ੍ਹਾਂ ਨੂੰ ਰੋਕਣ ਵਿਚ ਸਰਕਾਰ ਅਸਫਲ ਰਹੀ ਹੈ. ਉਨ੍ਹਾਂ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕਿਹੜੇ ਲੋਕ ਹਨ ਇਸ ਦਾ ਪੁਲਿਸ ਅਧਿਕਾਰੀਆਂ ਨੂੰ ਪਤਾ ਲਗਾ ਕੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿਚ ਖੜਾ ਕਰਨਾ ਚਾਹੀਦਾ।

ਨਵੀਂ ਦਿੱਲੀ ਵਿਖੇ ਪੰਜਾਬ.....

ਦੇ ਹਲਕਾ ਇੰਚਾਰਜਾਂ ਦੇ ਸਹਿਯੋਗ ਅਤੇ ਨਿਰਦੇਸ਼ ਅਨੁਸਾਰ ਮਿਲ ਕੇ ਕੰਮ ਕਰਨਗੇ। ਬਰਾੜ ਨੇ ਕਿਹਾ ਕਿ ਆਉਂਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਯੂਥ ਕਾਂਗਰਸ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਸਰਗਰਮ ਭੂਮਿਕਾ ਹੋਵੇਗੀ। ਯੂਥ ਆਗੂਆਂ ਅਤੇ ਵਰਕਰਾਂ ਨੂੰ ਨਾਲ਼ ਲੈ ਕੇ ਚੱਲਿਆ ਜਾਵੇਗਾ। ਬਰਾੜ ਨੇ ਕਿਹਾ ਕਿ ਪੰਜਾਬ ਦੇ ਲੋਕ ਸੂਬੇ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਲਈ ਉਤਾਵਲੇ ਹਨ ਅਤੇ ਪੱਕਾ ਮਨ ਬਣਾਈ ਬੈਠੇ ਹਨ। ਅਤੇ 2027 ਦੀਆਂ ਚੋਣਾਂ ਬਾਰੇ ਜਾਣਕਾਰੀ ਦਿੱਤੀ ਗਈ ਇਸ ਮੌਕੇ ਤੇ ਅਰਮਾਨ ਸਿੰਘ ਭੁੱਲਰ ਮੁਕਤਸਰ ਸਾਹਿਬ, ਗੁਰਪ੍ਰੀਤ ਸਿੰਘ ਗੋਪੀ ਹਾਜ਼ਰ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ.....

ਅਤੇ ਗੁਰਮਤਿ ਸਿਧਾਂਤ ਹਨ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਸੰਦੇਸ਼ ਵੀ ਇਹੀ ਹੈ ਕਿ ਪੰਥ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਸਮਰਪਿਤ ਹੋ ਕੇ ਇਕਜੁੱਟ ਰਹੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਇਤਿਹਾਸ ਵਿੱਚ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਨੂੰ ਇਹ ਪ੍ਰੇਰਨਾ ਦਿੰਦੀਆਂ ਹਨ ਕਿ ਗੁਰੂ ਪ੍ਰਤੀ ਨਿਸ਼ਚਾ ਅਤੇ ਸਿਦਕ ਕਦੇ ਕਮਜ਼ੋਰ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅੱਜ ਸਾਡੀ ਸਭ ਤੋਂ ਵੱਡੀ ਚਿੰਤਾ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਹੈ। ਨੌਜਵਾਨ ਸਾਡੀ ਕੌਮ ਦੀ ਤਾਕਤ ਹਨ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਗੁਰਬਾਣੀ, ਗੁਰਮਤਿ, ਸੇਵਾ ਅਤੇ ਸਿੱਖੀ ਜੀਵਨ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਇਸ ਲਈ ਜ਼ਰੂਰੀ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਨਾਲ ਜੋੜਨ, ਸੰਗਤ ਅਤੇ ਸੇਵਾ ਦੀ ਜੀਵਨ-ਜਾਚ ਦੇਣ ਅਤੇ ਗੁਰੂ ਸਾਹਿਬ ਦੀ ਬਾਣੀ ਨਾਲ ਜੋੜਨ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਥ ਦੀਆਂ ਸੰਸਥਾਵਾਂ ਅਤੇ ਜਥੇਬੰਦੀਆਂ ਸਿੱਖੀ ਦੀ ਚੜ੍ਹਦੀ ਕਲਾ ਲਈ ਮਹੱਤਵਪੂਰਨ ਹਨ। ਇਨ੍ਹਾਂ ਨੂੰ ਕਮਜ਼ੋਰ ਕਰਨ ਦੀ ਬਜਾਏ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਇਕਜੁੱਟ ਹੋ ਕੇ ਪੰਥ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹੋਈਏ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਚੁਣੌਤੀ ਦੇਣ ਦੀ ਭਾਵਨਾ ਰੱਖਦੇ ਹਨ, ਸੰਗਤ ਨੂੰ ਅਜਿਹੀ ਬਿਰਤੀ ਵਾਲਿਆਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮੂਲ ਸੰਦੇਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ, ਗੁਰਮਤਿ ਨਾਲ ਜੁੜਨ, ਨੌਜਵਾਨੀ ਨੂੰ ਨਸ਼ਿਆਂ ਤੋਂ

ਸਫ਼ਾ ਇੱਕ ਦੀਆਂ ਬਾਕੀ...

ਬਚਾਉਣ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕਰਨ ਦਾ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸ਼ੁਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਨਿਭਾਈ। ਖ਼ਾਲਸਾ ਮਾਰਚ ਪ੍ਰਤੀ ਸੰਗਤਾਂ ਅੰਦਰ ਵੱਡਾ ਉਤਸ਼ਾਹ ਸੀ। ਵੱਖ ਵੱਖ ਪੜਾਵਾਂ ਤੇ ਸੰਗਤਾਂ ਨੇ ਖਾਲਸਾ ਮਾਰਚ ਦਾ ਭਰਵਾਂ ਸਵਾਗਤ ਕੀਤਾ। ਸੰਗਤਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਅਤੇ ਪ੍ਰਮੁੱਖ ਸਖਸ਼ੀਅਤਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਸੰਗਤਾਂ ਲਈ ਵੱਖ ਵੱਖ ਪਕਵਾਨ ਦੇ ਲੰਗਰ ਵੀ ਲਗਾਏ ਗਏ ਸਨ। ਖਾਲਸਾ ਮਾਰਚ ਦੌਰਾਨ ਵੱਖ ਵੱਖ

ਮਲੇਸ਼ੀਆ ਦੀ ਧਰਤੀ 'ਤੇ ਮਨਸੀਰਤ ਕੌਰ ਨੇ ਗੱਡੇ ਜਿੱਤ ਦੇ ਝੰਡੇ

ਫ਼ਤਹਿਗੜ੍ਹ ਸਾਹਿਬ, 24 ਸਤੰਬਰ (ਅਭਿਸ਼ੇਕ ਮਲਹੋਤਰਾ): ਵਿਦੇਸ਼ੀ ਧਰਤੀ 'ਤੇ ਪੰਜਾਬ ਦੀ ਧੀ ਨੇ ਆਪਣੀ ਖੇਡ ਪ੍ਰਤਿਭਾ ਦਾ ਲੋਹਾ ਮਨਵਾਉਂਦਿਆਂ ਫ਼ਤਹਿਗੜ੍ਹ ਸਾਹਿਬ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੌਸ਼ਨ ਕਰ ਦਿੱਤਾ ਹੈ। ਵਿਜ਼ਡਮ ਟ ?ਰੀ ਇੰਟਰਨੈਸ਼ਨਲ ਸਕੂਲ, ਫ਼ਤਹਿਗੜ੍ਹ ਸਾਹਿਬ ਦੀ ਹੋਣਹਾਰ ਵਿਦਿਆਰਥਣ ਮਨਸੀਰਤ ਕੌਰ ਨੇ ਮਲੇਸ਼ੀਆ ਵਿਖੇ ਆਯੋਜਿਤ 5ਵੀਂ ਏਸ਼ੀਅਨ ਸਕੂਲਜ਼ ਇੰਟਰਨੈਸ਼ਨਲ ਮੂ ਡੁਕ ਕਵਾਨ ਤਾਇਕਵਾਂਡੋ ਚੈਂਪੀਅਨਸ਼ਿਪ - 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਮਗਾ ਆਪਣੇ ਨਾਮ ਕਰਕੇ ਵੱਡੀ ਉਪਲਬਧੀ ਹਾਸਲ ਕੀਤੀ। ਅੰਤਰਰਾਸ਼ਟਰੀ ਪੱਧਰ ਦੇ ਇਸ ਵੱਕਾਰੀ ਤਾਇਕਵਾਂਡੋ ਮੁਕਾਬਲੇ ਵਿੱਚ ਮਨਸੀਰਤ ਕੌਰ ਨੇ ਆਪਣੀ ਬੇਮਿਸਾਲ ਖੇਡ ਕਲਾ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਨਸੀਰਤ ਦੀ ਇਸ ਇਤਿਹਾਸਕ ਪ੍ਰਾਪਤੀ ਨਾਲ ਵਿਜ਼ਡਮ ਟਰੀ ਇੰਟਰਨੈਸ਼ਨਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ, ਅਧਿਆਪਕਾਂ ਅਤੇ ਸਹਿਪਾਠੀਆਂ ਨੇ ਮਨਸੀਰਤ ਕੌਰ ਨੂੰ ਇਸ ਸ਼ਾਨਦਾਰ ਜਿੱਤ ਲਈ ਵਧਾਈ ਦਿੰਦਿਆਂ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਮਨਸੀਰਤ ਕੌਰ ਦਾ ਮਲੇਸ਼ੀਆ ਵਿੱਚ ਸੋਨ ਤਮਗਾ ਜਿੱਤਣਾ ਸਿਰਫ਼ ਇੱਕ ਵਿਦਿਆਰਥਣ ਦੀ ਨਿੱਜੀ ਜਿੱਤ ਨਹੀਂ, ਸਗੋਂ ਵਿਜ਼ਡਮ ਟਰੀ ਇੰਟਰਨੈਸ਼ਨਲ ਸਕੂਲ ਅਤੇ ਫ਼ਤਹਿਗੜ੍ਹ ਸਾਹਿਬ ਲਈ ਮਾਣ ਦਾ ਸੁਨਹਿਰੀ ਪਲ ਬਣ ਗਿਆ ਹੈ।

ਇੰਟਰਨੈਸ਼ਨਲ ਅਬੈਕਸ ਓਲੰਪੀਆਡ ਵਿੱਚ ਸੇਂਟ ਜੇਵੀਅਰ ਸਕੂਲ ਦੇ 3 ਵਿਦਿਆਰਥੀਆਂ ਨੇ ਜਿੱਤੇ ਪਹਿਲੇ ਇਨਾਮ

ਰਾਮਪੁਰਾ ਫੂਲ, 24 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਚੈਂਪੀਅਨਜ਼ ਵਰਲਡ, ਚੰਡੀਗੜ੍ਹ ਵੱਲੋਂ ਕਰਵਾਏ ਗਏ ਇੰਟਰਨੈਸ਼ਨਲ ਅਬੈਕਸ ਓਲੰਪੀਆਡ ਵਿੱਚ ਸੇਂਟ ਜੇਵਿਅਰ ਸਕੂਲ, ਰਾਮਪੁਰਾ ਫੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਅੰਤਰਰਾਸ਼ਟਰੀ ਮੁਕਾਬਲੇ ਵਿੱਚ ਸਕੂਲ ਦੇ 3 ਵਿਦਿਆਰਥੀਆਂ ਨੇ ਆਪਣੀ-ਆਪਣੀ ਸ਼੍ਰੇਣੀ ਵਿੱਚ ਪਹਿਲੇ ਇਨਾਮ ਹਾਸਲ ਕੀਤੇ, ਜਦਕਿ 2 ਵਿਦਿਆਰਥੀਆਂ ਨੇ 100 ਫ਼ੀਸਦੀ ਅੰਕ ਪ੍ਰਾਪਤ ਕਰਕੇ ਵਿਸ਼ੇਸ਼ ਇਨਾਮ ਆਪਣੇ ਨਾਮ ਕੀਤੇ। ਜੇਤੂ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸ਼ਾਰਪ ਬ੍ਰੇਨਜ਼ ਐਜੂਕੇਸ਼ਨ ਦੇ ਡਾਇਰੈਕਟਰ ਰੰਜੀਵ ਗੋਇਲ ਅਤੇ ਪੂਜਾ ਗੋਇਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਸਕੂਲ ਕੋਆਰਡੀਨੇਟਰ ਮੈਡਮ ਪ੍ਰੇਮਲਤਾ ਨੇ ਦੱਸਿਆ ਕਿ ਇਸ ਅੰਤਰਰਾਸ਼ਟਰੀ ਮੁਕਾਬਲੇ ਵਿੱਚ ਭਾਰਤ ਤੋਂ ਇਲਾਵਾ ਜਰਮਨੀ, ਆਸਟ ?ਰੇਲੀਆ, ਕੈਨੇਡਾ, ਦੁਬਈ, ਫ਼ਰਾਂਸ, ਫਿਨਲੈਂਡ ਸਮੇਤ ਵੱਖ-ਵੱਖ ਦੇਸ਼ਾਂ ਦੇ 11 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ ਆਨਲਾਈਨ ਭਾਗ ਲਿਆ। ਸੇਂਟ ਜੇਵਿਅਰ ਸਕੂਲ ਦੇ 25 ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੱਸਿਆ ਕਿ ਚੌਥੀ ਕਲਾਸ ਦੇ ਵਿਦਿਆਰਥੀ ਉਜਵਲ ਗਰਗ ਪੁੱਤਰ ਨਵਨੀਤ ਕੁਮਾਰ, ਪੰਜਵੀਂ ਕਲਾਸ ਦੇ ਵਿਦਿਆਰਥੀ ਜਤਿਨ ਗੋਇਲ ਪੁੱਤਰ ਕਮਲ ਗੋਇਲ ਅਤੇ ਦਸਵੀਂ ਕਲਾਸ ਦੇ ਵਿਦਿਆਰਥੀ ਇਸ਼ਾਨ ਤਾਇਲ ਪੁੱਤਰ ਸੰਦੀਪ ਕੁਮਾਰ ਨੇ ਆਪਣੀ-ਆਪਣੀ ਸ਼੍ਰੇਣੀ ਵਿੱਚ ਸਭ ਤੋਂ ਤੇਜ਼ੀ ਨਾਲ ਪ੍ਰਸ਼ਨ ਪੱਤਰ ਹੱਲ ਕਰਦਿਆਂ ਪਹਿਲੇ ਇਨਾਮ ਹਾਸਲ ਕੀਤੇ। ਸਕੂਲ ਦੇ ਪ੍ਰਿੰਸੀਪਲ ਫਾਦਰ ਜੈਰੀ ਪੌਲ ਲੋਬੋ ਨੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ।

70ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ 17/19 ਲੜਕੇ ਤੇ ਲੜਕੀਆਂ ਦੇ ਆਰਚਰੀ ਮੁਕਾਬਲੇ ਕਰਵਾਏ

ਪਟਿਆਲਾ, 24 ਸਤੰਬਰ (ਰਾਜਿੰਦਰ ਸਿੰਘ ਥਿੰਦ): ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-17/19 ਲੜਕੇ/ਲੜਕੀਆਂ ਦੇ ਆਰਚਰੀ ਦੇ ਮੁਕਾਬਲੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਆਰਚਰੀ ਰੇਂਜ ਵਿਖੇ ਕਰਵਾਏ ਗਏ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਪ੍ਰਿੰਸੀਪਲ ਜਸਪਾਲ ਸਿੰਘ ਮੰਡੇਰ ਅਤੇ ਆਰਚਰੀ ਟੂਰਨਾਮੈਂਟ ਦੇ ਇੰਚਾਰਜ ਪ੍ਰਿੰਸੀਪਲ ਰਾਜ ਕੁਮਾਰ ਨੌਗਾਵਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਆਰਚਰੀ ਰੇਂਜ ਵਿਖੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਇਸ ਮੌਕੇ ਤੇ ਸੁਰਿਦਰ ਸਿੰਘ ਕੋਚ,ਗੌਰਵ ਸ਼ਰਮਾ ਕੋਚ, ਕੁਲਵਿੰਦਰ ਸਿੰਘ ਕੋਚ,ਰਵੀ ਕੁਮਾਰ ਕੋਚ,ਮਨਪ੍ਰੀਤ ਸਿੰਘ ਕੋਚ,ਸ਼ਗਨਪ੍ਰੀਤ ਸਿੰਘ ਕੋਚ, ਪਵਨਦੀਪ ਸਿੰਘ ਗਿੱਲ ਕੋਚ, ਗੁਰਪ੍ਰੀਤ ਸਿੰਘ ਝੰਡਾ,ਰਾਜੇਸ਼ ਕੁਮਾਰ,ਹਰਪ੍ਰੀਤ ਸਿੰਘ ਹੈਪੀ, ਵਿਕਾਸ ਜਿੰਦਲ,ਗੌਰਵ ਵਿਰਦੀ, ਅਰੁਣ ਕੁਮਾਰ,ਰਾਧਾ ਰਾਣੀ, ਹਰਪ੍ਰੀਤ ਕੌਰ,ਮੋਨੀਕਾ, ,ਜਸਪਾਲ ਕੌਰ, ਇੰਦਰਵੀਰਪਾਲ ਕੌਰ,ਰਾਕੇਸ਼ ਕੁਮਾਰ,ਸੁਨੀਲ ਕੁਮਾਰ,ਹਰਜੀਤ ਸਿੰਘ,ਬਲਕਾਰ ਸਿੰਘ ਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

ਖੇਡਾਂ ਵਤਨ ਪੰਜਾਬ ਦੀਆਂ-2026, ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 27 ਸਤੰਬਰ ਤੋਂ 5 ਅਕਤੂਬਰ ਤੱਕ

ਜਲੰਧਰ, 24 ਸਤੰਬਰ (ਪਰਮਜੀਤ ਸਿੰਘ): ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੀਆਂ ਮਿਤੀਆਂ ਵਿੱਚ ਬਦਲਾਅ ਕੀਤਾ ਗਿਆ ਹੈ। ਹੁਣ ਇਹ ਮੁਕਾਬਲੇ 27 ਸਤੰਬਰ ਤੋਂ 5 ਅਕਤੂਬਰ 2026 ਤੱਕ ਜ਼ਿਲ੍ਹੇ ਦੇ ਵੱਖ-ਵੱਖ ਚੋਣਵੇਂ ਖੇਡ ਸਥਾਨਾਂ ?'ਤੇ ਕਰਵਾਏ ਜਾਣਗੇ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 27 ਤੋਂ 30 ਸਤੰਬਰ ਤੱਕ ਦੁਆਬਾ ਕਾਲਜ ਵਿਖੇ ਬੈਡਮਿੰਟਨ ਦੇ ਮੁਕਾਬਲੇ ਹੋਣਗੇ। ਇਸੇ ਤਰ੍ਹਾਂ 28 ਤੋਂ 30 ਸਤੰਬਰ ਤੱਕ ਐਥਲੈਟਿਕਸ, ਤੈਰਾਕੀ, ਸ਼ੂਟਿੰਗ, ਵੇਟ ਲਿਫ਼ਟਿੰਗ, ਹਾਕੀ, ਹੈਂਡਬਾਲ, ਗੱਤਕਾ, ਆਰਚਰੀ, ਕਿੱਕ ਬਾਕਸਿੰਗ, ਨੈੱਟਬਾਲ ਅਤੇ ਟੇਬਲ ਟੈਨਿਸ ਦੇ ਮੁਕਾਬਲੇ ਕਰਵਾਏ ਜਾਣਗੇ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ 29 ਸਤੰਬਰ ਤੋਂ 1 ਅਕਤੂਬਰ ਤੱਕ ਸਪਰੋਟਸ ਸਕੂਲ ਜਲੰਧਰ ਵਿਖੇ ਕਬੱਡੀ ਸਰਕਲ ਦੇ ਮੁਕਾਬਲੇ ਹੋਣਗੇ। ਜਦਕਿ ਰੈਸਲਿੰਗ ਦੇ ਮੁਕਾਬਲੇ 29 ਸਤੰਬਰ ਤੋਂ 2 ਅਕਤੂਬਰ ਤੱਕ ਹੰਸਰਾਜ ਸਟੇਡੀਅਮ ਜਲੰਧਰ ਵਿਖੇ ਕਰਵਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ 1 ਤੋਂ 3 ਅਕਤੂਬਰ ਤੱਕ ਸ਼ਤਰੰਜ, ਰੋਲਰ ਸਕੇਟਿੰਗ ਅਤੇ ਪਾਵਰ ਲਿਫ਼ਟਿੰਗ ਦੇ ਮੁਕਾਬਲੇ ਹੋਣਗੇ। ਸ਼ਤਰੰਜ ਤੇ ਰੋਲਰ ਸਕੇਟਿੰਗ ਮੁਕਾਬਲੇ ਪੁਲਿਸ ਡੀ.ਏ.ਵੀ. ਸਕੂਲ, ਜਲੰਧਰ ਅਤੇ ਪਾਵਰ ਲਿਫ਼ਟਿੰਗ ਦੇ ਮੁਕਾਬਲੇ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਹੋਣਗੇ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਵੌਲੀਬਾਲ ਤੇ ਖੋ-ਖੋ ਦੇ ਮੁਕਾਬਲੇ 2 ਤੋਂ 5 ਅਕਤੂਬਰ ਤੱਕ ਡੀ.ਏ.ਵੀ. ਕਾਲਜ ਜਲੰਧਰ ਅਤੇ ਬਾਸਕਟਬਾਲ ਦੇ ਮੁਕਾਬਲੇ 3 ਤੋਂ 5 ਅਕਤੂਬਰ ਤੱਕ ਹੰਸਰਾਜ ਸਟੇਡੀਅਮ ਬਾਸਕਟਬਾਲ ਗਰਾਊਂਡ ਵਿਖੇ ਕਰਵਾਏ ਜਾਣਗੇ।

ਅਮਿਟ ਯਾਦਾਂ ਛੱਡ ਗਿਆ ਪਿੰਡ ਸਹਿਜੋਮਾਜਰਾ (ਸ੍ਰੀ ਮਾਛੀਵਾੜਾ ਸਾਹਿਬ) ਦਾ ਦੰਗਲ ਮੇਲਾ

ਸ੍ਰੀ ਮਾਛੀਵਾੜਾ ਸਾਹਿਬ, 24 ਸਤੰਬਰ (ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ): ਇਥੋਂ ਨੇੜਲੇ ਪਿੰਡ ਸਹਿਜੋ ਮਾਜਰਾ ਵਿਖੇ ਸਾਲਾਨਾ ਤੇ ਵਿਸ਼ਾਲ ਦੰਗਲ ਮੇਲਾ ਕਰਵਾਇਆ ਗਿਆ ਜਿਸ ਵਿੱਚ ਪਹਿਲਵਾਨਾਂ ਨੂੰ ਫੋਰਡ ਟਰੈਕਟਰ ,ਮੋਟਰਸਾਈਕਲ, ਬੁਲਟ ਸਮੇਤ ਲੱਖਾਂ ਰੁਪਏ ਇਨਾਮ ਦਿੱਤੇ ਗਏ। ਦੰਗਲ ਮੇਲੇ ਸੰਬੰਧੀ ਜਾਣਕਾਰੀ ਦਿੰਦਿਆਂ ਲਖਵਿੰਦਰ ਸਿੰਘ ਸਿੱਧੂ, ਸਰਪੰਚ ਜਸਵੀਰ ਸਿੰਘ, ਸੁਖਜਿੰਦਰ ਪਾਲ ਸਿੰਘ, ਇੰਦੀ ਦਿਓਲ ,ਪ੍ਰਧਾਨ ਮੱਖਣ ਸਿੰਘ, ਜਰਨੈਲ ਸਿੰਘ ਜੈਲਾ, ਨੇ ਦੱਸਿਆ ਕਿ ਇਸ ਸਲਾਨਾ ਦੰਗਲ ਮੇਲੇ ਵਿੱਚ ਪਹਿਲਵਾਨਾਂ ਲਈ ਫੋਰਡ 3600, 3 ਬੁਲਟ ਮੋਟਰਸਾਈਕਲ ,ਪਲੈਟੀਨਾ, ਸਪਲੈਂਡਰ, ਸੋਨੇ ਦੀਆਂ ਮੁੰਦੀਆਂ ਅਤੇ ਲੱਖਾਂ ਰੁਪਏ ਨਗਦ ਇਨਾਮ ਵਜੋਂ ਦਿੱਤੇ। ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੀ ਵੱਡੀ ਝੰਡੀ ਦੀ ਕੁਸ਼ਤੀ ਫੋਰਡ 3600 ਟਰੈਕਟਰ ਇਨਾਮ ਤੇ ਪ੍ਰਿਤਪਾਲ ਫਗਵਾੜਾ ਅਤੇ ਸਿਕੰਦਰ ਸ਼ੇਖ ਵਿਚਕਾਰ ਕਰਵਾਈ ਗਈ, ਜੋ 20 ਮਿੰਟ ਖੁੱਲ੍ਹੇ ਸਮੇਂ ਤੋਂ ਬਾਅਦ ਅੱਠ ਮਿੰਟ ਪੁਆਇੰਟ ਤੇ ਵੀ ਚੱਲੀ, ਪਰ ਦੋਨੋਂ ਪਹਿਲਵਾਨ ਇੱਕ ਦੂਜੇ ਨੂੰ ਚਿੱਤ ਨਾ ਕਰ ਸਕੇ। ਅੰਤ ਪ੍ਰਬੰਧਕਾਂ ਨੇ ਕੁਸ਼ਤੀ ਬਰਾਬਰੀ ਤੇ ਛੁਡਵਾ ਦਿੱਤੀ। ਦੂਜੀ ਵੱਡੀ ਝੰਡੀ ਬੁਲਟ ਮੋਟਰਸਾਈਕਲ ਅਤੇ ਸਪਲੈਂਡਰ ਮੋਟਰਸਾਈਕਲ ਦੇ ਇਨਾਮ ਤੇ ਉਮੇਸ਼ ਮਥੁਰਾ ਅਤੇ ਭੁਪਿੰਦਰ ਅਜਨਾਲਾ ਵਿਚਕਾਰ ਹੋਈ ਜਿਸ ਵਿੱਚ ਭੁਪਿੰਦਰ ਅਜਨਾਲਾ ਨੇ ਉਮੇਸ਼ ਮਥੁਰਾ ਨੂੰ ਚਿੱਤ ਕਰਕੇ ਬੁਲਟ ਮੋਟਰਸਾਈਕਲ ਜਿੱਤਿਆ ਅਤੇ ਉਮੇਸ਼ ਮਥੁਰਾ ਨੂੰ ਸਪਲੈਂਡਰ ਮੋਟਰਸਾਈਕਲ ਦਿੱਤਾ ਗਿਆ। ਤੀਜੀ ਕੁਸ਼ਤੀ ਬੁਲਟ ਮੋਟਰਸਾਈਕਲ ਇਨਾਮੀ ਸਾਹਿਲ ਕੁਹਾਲੀ ਅਤੇ ਛੋਟਾ ਸੁਦਾਮ ਹੁਸ਼ਿਆਰਪੁਰ ਵਿਚਕਾਰ ਹੋਈ, ਜਿਸ ਵਿੱਚ ਸਾਹਿਲ ਕੁਹਾਲੀ ਜੇਤੂ ਰਿਹਾ। ਮੋਟਰਸਾਈਕਲ ਇਨਾਮੀ ਕੁਸ਼ਤੀ ਲੱਕੀ ਗਰਚਾ ਤੇ ਸ਼ਨੀ ਰਾਮੇਵਾਲ ਵਿਚਕਾਰ ਹੋਈ ਜੋ ਦੇਖਣ ਯੋਗ ਸੀ। ਇਸ ਦੰਗਲ ਮੇਲੇ ਵਿੱਚ 500 ਤੋਂ ਵੱਧ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ ਜਿਨ੍ਹਾਂ ਨੂੰ ਲੱਖਾਂ ਰੁਪਏ ਨਕਦੀ ਇਨਾਮ ਵਜੋਂ ਦਿੱਤੇ ਗਏ। ਸਟੇਜ ਸੈਕਟਰੀ ਦੀ ਭੂਮਿਕਾ ਜੇ. ਆਰ.ਸੀ. ਚਮਕੌਰ ਸਾਹਿਬ ਨੇ ਬਾਖੂਬੀ ਨਿਭਾਈ। ਪਹਿਲਵਾਨਾਂ ਨੂੰ ਇਨਾਮ ਦੇਣ ਦੀ ਰਸਮ ਸਮੁੱਚੀ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ , ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਚੇਅਰਮੈਨ ਸੁਖਵਿੰਦਰ ਸਿੰਘ ਗਿੱਲ,ਸ਼੍ਰੋਮਣੀ ਅਕਾਲੀ ਦਲ ਹਲਕਾ ਸਮਰਾਲਾ ਤੋਂ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸ਼੍ਰੋਮਣੀ ਅਕਾਲੀ ਦਲ ਪੰਜਾਬ ਯੂਥ ਵਰਕਿੰਗ ਪ੍ਰਧਾਨ ਹਰਜੋਤ ਸਿੰਘ ਮਾਂਗਟ, ਜਸਪ੍ਰੀਤ ਸਿੰਘ ਜੱਸਾ, ਨੰਬਰਦਾਰ ਧਰਮਿੰਦਰ ਸੈਣੀ, ਸਰਪੰਚ ਦਲਜੀਤ ਸਿੰਘ ਖੁੱਲੇਵਾਲ, ਰਾਧੇ ਸ਼ਰਮਾ, ਹਰ ਜਤਿੰਦਰ ਸਿੰਘ ਬਾਜਵਾ, ਥਾਣੇਦਾਰ ਜਸਵੰਤ ਸਿੰਘ, ਦਲਵੀਰ ਸਿੰਘ, ਅਰੁਣ ਲੂਥਰਾ, ਲਾਲੀ ਬਹਿਲੋਲਪੁਰ ਬਾਬਾ ਫੌਜੀ ਅਤੇ ਹੋਰ ਪਿੰਡਾਂ ਤੋਂ ਪੁੱਜੇ ਪੰਚ ਸਰਪੰਚ ਸਾਹਿਬਾਨਾਂ ਨੇ ਸਟੇਜ ਤੋਂ ਅਨੰਦ ਮਾਣਿਆ। ਦਰਸ਼ਕਾਂ ਦੇ ਬੈਠਣ ਲਈ ਕੀਤੇ ਗਏ ਇੰਤਜ਼ਾਮ ਕਾਬਲੇ ਤਾਰੀਫ ਸਨ।

ਸ਼੍ਰੀ ਅਨੰਦਪੁਰ ਸਾਹਿਬ ਦੇ ਖਾਲਸਾ ਸਕੂਲ ਵਿਖੇ ਤਿੰਨ ਰੋਜਾ ਜੋਨਲ ਅਥਲੈਟਿਕਸ ਮੀਟ ਹੋਈ ਸ਼ੁਰੂ

ਸ੍ਰੀ ਅਨੰਦਪੁਰ ਸਾਹਿਬ, 24 ਸਤੰਬਰ (ਦਮਨ ਅਰੋੜਾ): ਇਥੋਂ ਦੇ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਤਿੰਨ ਰੋਜ਼ਾ ਜੋਨਲ ਅਥਲੈਟਿਕਸ ਮੀਟ ਸ਼ੁਰੂ ਹੋ ਗਈ। ਜਿਸ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਦੇ ਹਲਕਾ ਸਿੱਖਿਆ ਕੋਆਰਡੀਨੇਟਰ ਦਇਆ ਸਿੰਘ ਸੰਧੂ ਵੱਲੋਂ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਕੇ ਕੀਤੀ ਗਈ। ਜਦੋਂ ਕਿ ਜੋਨਲ ਪ੍ਰਧਾਨ ਅਤੇ ਸਕੂਲ ਮੁਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਵਿਸ਼ੇਸ਼ ਤੌਰ ਤੇ ਹਾਜ਼ਰ ਸਨ! ਕੋਆਰਡੀਨੇਟਰ ਸੰਧੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਖੇਡ ਮੈਦਾਨਾਂ ਵਿੱਚ ਰੌਣਕਾਂ ਲੱਗੀਆਂ ਹੋਈਆਂ ਹਨ। ਜੋ ਕਿ ਸਾਡੀ ਨੌਜਵਾਨ ਪੀੜੀ ਨੂੰ ਖੇਡਾਂ ਨਾਲ ਜੋੜਨ ਲਈ ਬਹੁਤ ਹੀ ਲਾਹੇਵੰਦ ਹਨ। ਇਸ ਤੋਂ ਪਹਿਲਾਂ ਪ੍ਰਿੰਸੀਪਲ ਵਾਲੀਆ ਨੇ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਅਹਿਮ ਅੰਗ ਹਨ ਅਤੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣਾ ਚਾਹੀਦਾ ਹੈ। ਜੋਨਲ ਸਕੱਤਰ ਅਸ਼ੋਕ ਰਾਣਾ ਨੇ ਦੱਸਿਆ ਕਿ ਪਹਿਲੇ ਦਿਨ ਲੜਕੀਆਂ ਦੇ ਮੁਕਾਬਲੇ ਕਰਵਾਏ ਗਏ ਜਿਸ ਦੇ 100 ਮੀਟਰ ਫਾਈਨਲ ਵਿੱਚ ਹਰਨੂਰ ਕੌਰ ਮਟੌਰ ਸਕੂਲ ਨੇ ਪਹਿਲਾ, ਪ੍ਰੀਆ ਮਟੌਰ ਸਕੂਲ ਨੇ ਦੂਜਾ ਅਤੇ ਭਾਰਤੀ ਦੇਵੀ ਗੰਗੂਵਾਲ ਸਕੂਲ ਨੇ ਤੀਜਾ ਸਥਾਨ ਹਾਸਿਲ ਕੀਤਾ! 800 ਮੀਟਰ ਵਿੱਚ ਖਾਲਸਾ ਸਕੂਲ ਦੀ ਕੋਮਲਪ੍ਰੀਤ ਕੌਰ ਨੇ ਪਹਿਲਾ ਜਦੋਂ ਕਿ ਸ੍ਰੀ ਦਸ਼ਮੇਸ਼ ਅਕੈਡਮੀ ਦੀ ਮਾਰੀਆ ਨੇ ਦੂਜਾ ਅਤੇ ਸਵਲੀਨ ਕੌਰ ਨੇ ਤੀਜਾ ਸਥਾ

ਨਸ਼ਿਆਂ ਖ਼ਿਲਾਫ਼ ਮੁਹਿੰਮ ਤਹਿਤ ਨਿਹਾਲ ਸਿੰਘ ਵਾਲਾ ਸਬ-ਡਵੀਜ਼ਨ ਵਿੱਚ 6 ਮੁਕੱਦਮੇ ਦਰਜ, 9 ਦੋਸ਼ੀ ਕਾਬ

ਮੋਗਾ, 24 ਸਤੰਬਰ (ਜਗਰਾਜ ਸਿੰਘ ਸੰਘਾ) — ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਮੋਗਾ ਪੁਲਿਸ ਵੱਲੋਂ ਸਬ-ਡਵੀਜ਼ਨ ਨਿਹਾਲ ਸਿੰਘ ਵਾਲਾ ਵਿੱਚ 17 ਸਤੰਬਰ 2026 ਤੋਂ 23 ਸਤੰਬਰ 2026 ਤੱਕ ਵਿਸ਼ੇਸ਼ ਕਾਰਵਾਈ ਕੀਤੀ ਗਈ। ਇਸ ਦੌਰਾਨ ਨਸ਼ਿਆਂ ਨਾਲ ਸਬੰਧਤ 6 ਮੁਕੱਦਮੇ ਦਰਜ ਕਰਕੇ 9 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜ਼ਿਲ੍ਹਾ ਪੁਲਿਸ ਮੁਖੀ ਮੋਗਾ ਵੱਲੋਂ ਜਾਰੀ ਪ੍ਰੈਸ ਨੋਟ ਅਨੁਸਾਰ, ਪੁਲਿਸ ਵੱਲੋਂ ਡਰੱਗ ਹਾਟਸਪਾਟ ਮੁਹਿੰਮ ਤਹਿਤ ਵੀ ਕਾਰਵਾਈ ਕੀਤੀ ਗਈ। ਇਸ ਦੌਰਾਨ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਕੀਤੀ ਗਈ ਅਤੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਮੁਕੱਦਮਾ ਦਰਜ ਕੀਤਾ ਗਿਆ।

ਐੱਸ.ਐੱਸ.ਪੀ. ਮੋਗਾ ਸ੍ਰੀ ਸਰਤਾਜ ਸਿੰਘ ਚਾਹਲ, ਆਈ.ਪੀ.ਐੱਸ. ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਡਰੱਗ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਕੀਤੀ ਗਈ ਕਾਰਵਾਈ ਦੌਰਾਨ ਪੁਲਿਸ ਨੇ 15 ਗ੍ਰਾਮ ਹੈਰੋਇਨ, 291 ਨਸ਼ੀਲੀਆਂ ਗੋਲੀਆਂ ਅਤੇ 4900 ਪ੍ਰੈਗਾਬਾਲਿਨ ਕੈਪਸੂਲ ਬਰਾਮਦ ਕੀਤੇ।

ਪੁਲਿਸ ਵੱਲੋਂ ਨਸ਼ਿਆਂ ਦੀ ਰੋਕਥਾਮ ਦੇ ਨਾਲ-ਨਾਲ ਨਸ਼ਾ ਛੱਡਣ ਦੇ ਚਾਹਵਾਨ ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਕਰਵਾਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤਹਿਤ 2 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਇਆ ਗਿਆ।

ਪੁਲਿਸ ਵੱਲੋਂ ਆਮ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਮੁਹਿੰਮ ਤਹਿਤ 20 ਪਿੰਡਾਂ/ਸ਼ਹਿਰਾਂ ਵਿੱਚ ਆਮ ਲੋਕਾਂ ਨਾਲ ਮੀਟਿੰਗਾਂ ਕਰਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਸ਼ਿਆਂ ਦੀ ਸੂਚਨਾ ਪੁਲਿਸ ਤੱਕ ਪਹੁੰਚਾਉਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ ਗਿਆ।

ਮੋਗਾ ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੀ ਵਿਕਰੀ ਜਾਂ ਨਸ਼ਾ ਕਰਨ ਵਾਲੇ ਵਿਅਕਤੀਆਂ ਸਬੰਧੀ ਕੋਈ ਵੀ ਜਾਣਕਾਰੀ ਪੁਲਿਸ ਨਾਲ ਸਾਂਝੀ ਕੀਤੀ ਜਾਵੇ। ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਮੁਹਿੰਮ ਨੂੰ ਹੋਰ ਤੇਜ਼ ਕਰਨ ਦੀ ਗੱਲ ਵੀ ਕਹੀ ਗਈ ਹੈ।

ਬਾਮਨ ਦਵਾਦਸ਼ੀ ਮੌਕੇ ਸ਼੍ਰੀ ਰਾਮ ਤਲਾਈ ਵਿਖੇ ਨਤਮਸਤਕ ਹੋਕੇ ਕਾਂਗਰਸੀ ਆਗੂ ਢਿੱਲੋਂ ਨੇ ਸ਼ਹਿਰ ਵਾਸੀਆਂ ਨੂੰ ਦਿੱਤੀਆਂ ਵਧਾਈਆਂ

ਡੇਰਾਬੱਸੀ ,24 ਸਤੰਬਰ (ਸੁਖਵਿੰਦਰ ਸੈਣੀ) ਡੇਰਾ ਬੱਸੀ ਬੱਸ ਸਟੈਂਡ ਦੇ ਨਜ਼ਦੀਕ ਸਥਿਤ ਇਤਿਹਾਸਿਕ ਰਾਮ ਤਲਾਈ ਵਿਖੇ ਭਗਵਾਨ ਬਾਮਨ ਜਯੰਤੀ ਦਾ ਤਿਉਹਾਰ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਦੇ ਸਬੰਧ ਵਿੱਚ ਰਾਮ ਤਲਾਈ ਵਿਖੇ ਇੱਕ ਵਿਸ਼ਾਲ ਧਾਰਮਿਕ ਮੇਲੇ ਦਾ ਆਯੋਜਨ ਕੀਤਾ ਗਿਆ ਇਸ ਮੌਕੇ ਨਗਰ ਕੌਂਸਲ ਜ਼ੀਰਕਪੁਰ ਦੇ ਸਾਬਕਾ ਪ੍ਰਧਾਨ ਅਤੇ ਸੀਨੀਅਰ ਕਾਂਗਰਸੀ ਆਗੂ ਉਦੈਵੀਰ ਸਿੰਘ ਢਿੱਲੋਂ ਨੇ ਵਿਸ਼ੇਸ਼ ਤੌਰ @ਤੇ ਹਾਜ਼ਰੀ ਭਰੀ ਅਤੇ ਪ੍ਰਬੰਧਕੀ ਕਮੇਟੀ ਨੂੰ ਇਸ ਸਫ਼ਲ ਆਯੋਜਨ ਲਈ ਸ਼ਰਧਾ ਸਹਿਤ ਹਰ ਸੰਭਵ ਵਿੱਤੀ ਸਹਿਯੋਗ ਵੀ ਦਿੱਤਾ। ਢਿੱਲੋਂ ਨੇ ਕਿਹਾ ਕਿ ਸਾਡਾ ਦੇਸ਼ ਵੱਖ-ਵੱਖ ਧਰਮਾਂ ਅਤੇ ਸੰਸਕ੍ਰਿਤੀਆਂ ਦਾ ਗੁਲਦਸਤਾ ਹੈ, ਜਿੱਥੇ ਸਾਰੇ ਤਿਉਹਾਰ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ। ਰਾਮ ਤਲਾਈ ਦੇ ਇਤਿਹਾਸ ਦਾ ਜ਼ਿਕਰ ਕਰਦਿਆਂ ਢਿੱਲੋਂ ਨੇ ਕਿਹਾ ਕਿ ਸ਼੍ਰੀ ਰਾਮ ਤਲਾਈ ਦੀ ਨਿਰਮਾਣ ਸੇਵਾ ਪਿਛਲੀ ਕਾਂਗਰਸ ਸਰਕਾਰ ਦੇ ਕਾਰਜਕਾਲ ਦੌਰਾਨ ਉਨ੍ਹਾਂ ਵੱਲੋਂ ਹੀ ਕਰਵਾਈ ਗਈ ਸੀ ਅਤੇ ਨਿਰਮਾਣ ਉਪਰੰਤ ਇੱਥੇ ਪਹਿਲਾ ਵਾਮਨ ਦਵਾਦਸ਼ੀ ਮੇਲਾ ਵੀ ਉਨ੍ਹਾਂ ਦੀ ਸਰਕਾਰ ਦੇ ਸਮੇਂ ਹੀ ਬਹੁਤ ਧੂਮਧਾਮ ਨਾਲ ਸ਼ੁਰੂ ਹੋਇਆ ਸ

ਉਪਕਾਰ ਮੈਡੀਕਲ ਫਰੌਰ ਵਾਲੇ ਹਰਨੇਕ ਸਿੰਘ ਨੂੰ ਸਦਮਾ ਪਤਨੀ ਦਾ ਦਿਹਾਂਤ

ਖਮਾਣੋਂ 24 ਸਤੰਬਰ (ਬਲਬੀਰ ਸਿੰਘ ਸਿੱਧੂ)ਉਪਕਾਰ ਮੈਡੀਕਲ ਸਟੋਰ ਖਮਾਣੋਂ ਫਰੌਰ ਵਾਲਿਆ ਹਰਨੇਕ ਸਿੰਘ ਅਤੇ ਪਰਿਵਾਰ ਨੂੰ ਉਸ ਵਕਤ ਗਹਿਰਾ ਸਦਮਾ ਪਹੁੰਚਿਆ ਜਦੋਂ ਉਨਾ ਦੀ ਧਰਮ ਪਤਨੀ ਸਤਿਕਾਰਯੋਗ ਬਲਵਿੰਦਰ ਕੌਰ ਜੀ (55) ਦਾ ਸੰਖੇਪ ਜਿਹੀ ਬਿਮਾਰੀ ਕਾਰਨ ਦੇਹਾਂਤ ਹੋ ਗਿਆ। ਜਿਨਾ ਦਾ ਅੱਜ ਫਰੌਰ ਵਿਖੇ ਸਸਕਾਰ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਇਲਾਕੇ ਦੇ ਲੋਕਾਂ ਰਿਸ਼ਤੇਦਾਰਾ ਤੇ ਵੱਖ ਵੱਖ ਧਾਰਮਿਕ ਅਤੇ ਰਾਜਨੀਤਿਕ ਆਗੂਆ ਨੇ ਪਰਿਵਾਰ ਨਾ ਦੁੱਖ ਸਾਂਝਾ ਕੀਤਾ। ਇਲਾਕੇ ਦੇ ਲੋਕਾ ਵਿੱਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ।

ਖੇਡਾਂ ਵਤਨ ਪੰਜਾਬ ਦੀਆਂ- 2026 ਦੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦਾ ਸ਼ਡਿਊਲ ਜਾਰੀ

ਕਪੂਰਥਲਾ, 24 ਸਤੰਬਰ (ਹਰਜਿੰਦਰ ਸਿੰਘ ਢਿੱਲਵਾਂ)ਪੰਜਾਬ ਸਰਕਾਰ ਵਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸਬੰਧੀ ਜ਼ਿਲ੍ਹਾ ਖੇਡ ਅਫਸਰ ਕੁਲਵਿੰਦਰ ਸਿੰਘ ਵਲੋਂ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦਾ ਸ਼ਡਿਊਲ ਜਾਰੀ ਕੀਤਾ ਗਿਆ ਹੈ। ਜ਼ਿਲ੍ਹਾ ਖੇਡ ਅਫਸਰ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸ਼ਡਿਊਲ ਅਨੁਸਾਰ ਅਥਲੈਟਿਕਸ ਦੇ ਮੁਕਾਬਲੇ ਗੁਰੂ ਨਾਨਕ ਸਟੇਡੀਅਮ, ਕਪੂਰਥਲਾ ਵਿਖੇ 28 ਸਤੰਬਰ ਨੂੰ ਅੰਡਰ 14, 17, 21, 21-30 ਸਾਲ ਲੜਕੇ, 29 ਸਤੰਬਰ ਨੂੰ ਅੰਡਰ 14, 17, 21, 21-30 ਸਾਲ ਲੜਕੀਆਂ ਅਤੇ 30 ਸਤੰਬਰ ਨੂੰ 31-40, 41-50, 51-60, 61-70 ਅਤੇ 70+ ਮਰਦ/ਮਹਿਲਾਂ ਦੇ ਹੋਣਗੇ। ਉਨ੍ਹਾਂ ਦੱਸਿਆ ਕਿ ਕਬੱਡੀ (ਨੈਸ਼ਨਲ ਅਤੇ ਸਰਕਲ ਸਟਾਈਲ) ਅਤੇ ਵਾਲੀਬਾਲ (ਸਮੈਸ਼ਿੰਗ ਅਤੇ ਸ਼ੂਟਿੰਗ) ਦੇ ਮੁਕਾਬਲੇ ਵੀ ਗੁਰੂ ਨਾਨਕ ਸਟੇਡੀਅਮ, ਕਪੂਰਥਲਾ ਵਿਖੇ ਹੀ ਕਰਵਾਏ ਜਾਣਗੇ। ਇਨ੍ਹਾਂ ਖੇਡਾਂ ਵਿੱਚ ਮਿਤੀ 01.10.2026 ਨੂੰ ਅੰਡਰ 14 ਅਤੇ 21 ਸਾਲ ਲੜਕੇ, 02.10.2026 ਨੂੰ ਅੰਡਰ 17, 21-30 ਅਤੇ 31-40 ਸਾਲ ਮਰਦ ਅਤੇ 03.10.2026 ਨੂੰ ਸਾਰੇ ਉਮਰ ਵਰਗ ਦੀਆਂ ਲੜਕੀਆਂ ਦੇ ਮੁਕਾਬਲੇ ਹੋਣਗੇ (ਵਾਲੀਬਾਲ ਵਿੱਚ ਮਿਤੀ 28 ਨੂੰ ਅੰਡਰ 14-21 ਸਾਲ ਲੜਕੇ, 29 ਨੂੰ ਉਮਰ ਵਰਗ ਦੇ ਮਰਦ ਅਤੇ 30 ਨੂੰ ਲੜਕੀਆਂ ਦੇ ਮੁਕਾਬਲੇ ਹੋਣਗੇ)। ਇਸੇ ਤਰ੍ਹਾਂ ਖੋ-ਖੋ ਦੇ ਮੁਕਾਬਲੇ ਐੱਮ.ਜੀ.ਐੱਨ. ਸਕੂਲ, ਕਪੂਰਥਲਾ ਵਿਖੇ ਮਿਤੀ 28 ਸਤੰਬਰ ਤੋਂ 30 ਸਤੰਬਰ ਤੱਕ ਕਰਵਾਏ ਜਾਣਗੇ। ਗੁਰੂ ਨਾਨਕ ਸਟੇਡੀਅਮ ਵਿਖੇ ਹੀ ਬਾਸਕਟਬਾਲ ਦੇ ਮੁਕਾਬਲੇ ਮਿਤੀ 01.10.2026 ਤੋਂ 03.10.2026 ਤੱਕ ਅਤੇ ਕਿੱਕ ਬਾਕਸਿੰਗ ਦੇ ਮੁਕਾਬਲੇ ਮਿਤੀ 28.09.2026 ਹੋਣਗੇ। ਬੈਡਮਿੰਟਨ ਮੁਕਾਬਲੇ ਆਰ.ਸੀ.ਐੱਫ. ਕਪੂਰਥਲਾ ਵਿਖੇ 28 ਤੋਂ 30 ਸਤੰਬਰ ਤੱਕ ਵੱਖ-ਵੱਖ ਉਮਰ ਵਰਗਾਂ ਦੇ ਲੜਕੇ, ਲੜਕੀਆਂ ਅਤੇ ਮਰਦ ਲਈ ਕਰਵਾਏ ਜਾਣਗੇ। ਬਾਕਸਿੰਗ ਦੇ ਮੁਕਾਬਲੇ ਲਾਰਡ ਮਹਾਵੀਰ ਜੈਨ ਪਬਲਿਕ ਸਕੂਲ ਫਗਵਾੜਾ ਵਿਖੇ 28-29 ਸਤੰਬਰ, ਫੁੱਟਬਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਕਪੂਰਥਲਾ ਵਿਖੇ 28 ਤੋਂ 30 ਸਤੰਬਰ ਤੱਕ, ਕ ਿਸ਼ਤੀ ਆਰ.ਪੀ.ਡੀ ਕੁਸ਼ਤੀ. ਅਖਾੜਾ ਫਗਵਾੜਾ ਵਿਖੇ 28 ਸਤੰਬਰ ਅਤੇ ਗਤਕਾ ਗੁਰਦੁਆਰਾ ਸ੍ਰੀ ਗੁਰੂਸਰ ਸਾਹਿਬ ਸੈਫਲਾਬਾਦ ਵਿਖੇ 28 ਸਤੰਬਰ ਨੂੰ ਹੋਵੇਗਾ। ਟੇਬਲ ਟੈਨਿਸ ਐੱਮ.ਜੀ.ਐੱਨ. ਸਕੂਲ ਕਪੂਰਥਲਾ ਅਤੇ ਚੈੱਸ ਕੈਮਬ੍ਰਿਜ ਇੰਟਰਨੈਸ਼ਨਲ ਸਕੂਲ ਵਿਖੇ ਮੁਕਾਬਲੇ 28 ਸਤੰਬਰ ਨੂੰ ਰੱਖੇ ਗਏ ਹਨ। ਕੈਮਬ੍ਰਿਜ ਇੰਟਰਨੈਸ਼ਨਲ ਸਕੂਲ, ਕਪੂਰਥਲਾ ਵਿਖੇ ਤੈਰਾਕੀ, ਸ਼ੂਟਿੰਗ ਅਤੇ ਰੋਲਰ ਸਕੇਟਿੰਗ ਦੇ ਮੁਕਾਬਲੇ ਮਿਤੀ 28-29 ਸਤੰਬਰ ਨੂੰ ਅਤੇ ਲਾਅਨ ਟੈਨਿਸ ਦੇ ਮੁਕਾਬਲੇ ਮਿਤੀ 02-03 ਅਕਤੂਬਰ 2026 ਨੂੰ ਹੋਣਗੇ। ਹਾਕੀ ਦੇ ਮੁਕਾਬਲੇ ਗੁਰੂ ਨਾਨਕ ਸਟੇਡੀਅਮ ਵਿਖੇ 28 ਸਤੰਬਰ ਨੂੰ ,ਵੈਟਲਿਫਟਿੰਗ ਰਾਮਗੜ੍ਹੀਆ ਕਾਲਜ ਫਗਵਾੜਾ ਵਿਖੇ 28-29 ਸਤੰਬਰ ਨੂੰ, ਪਾਵਰ ਲਿਫਟਿੰਗ ਗਾਰੋਡੀਆ ਜਿੰਮ ਨਡਾਲਾ ਵਿਖੇ 30 ਸਤੰਬਰ ਨੂੰ ਅਤੇ ਟੈਨਿਸ ਬਾਲ ਕ੍ਰਿਕਟ ਸਕੂਲ ਆਫ਼ ਐਮੀਨੈਂਸ (ਲੜਕੇ) ਕਪੂਰਥਲਾ ਦੀ ਗਰਾਊਂਡ ਵਿਖੇ ਮਿਤੀ 01-02 ਅਕਤੂਬਰ ਨੂੰ ਕਰਵਾਈ ਜਾਵੇਗੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਐੱਨ.ਐੱਸ.ਐੱਸ. ਦਿਵਸ ਉਤਸ਼ਾਹ ਨਾਲ ਮਨਾਇਆ

ਫ਼ਤਹਿਗੜ੍ਹ ਸਾਹਿਬ, 24 ਸਤੰਬਰ (ਅਭਿਸ਼ੇਕ ਮਲਹੋਤਰਾ) ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਐੱਨ.ਐੱਸ.ਐੱਸ. ਦਿਵਸ ਉਤਸ਼ਾਹ ਅਤੇ ਐੱਨ.ਐੱਸ.ਐੱਸ. ਵਲੰਟੀਅਰਾਂ ਦੀ ਸਰਗਰਮ ਭਾਗੀਦਾਰੀ ਨਾਲ ਮਨਾਇਆ ਗਿਆ। ਇਸ ਮੌਕੇ ਸਮਾਜ ਸੇਵਾ, ਵਾਤਾਵਰਣ ਸੰਭਾਲ, ਸਫ਼ਾਈ, ਸਰੀਰਕ ਤੰਦਰੁਸਤੀ ਅਤੇ ਰਾਸ਼ਟਰ ਨਿਰਮਾਣ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਸੁਪਰੀਮ ਕੋਰਟ ਆਫ਼ ਇੰਡੀਆ ਦੇ ਸੀਨੀਅਰ ਐਡਵੋਕੇਟ ਸ. ਜਤਿੰਦਰ ਸਿੰਘ ਚੀਮਾ ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਨੂੰ ਆਤਮ-ਚਿੰਤਨ, ਜੀਵਨ ਦੇ ਉਦੇਸ਼ ਦੀ ਪਛਾਣ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਹਰ ਤਰ੍ਹਾਂ ਦੇ ਹੋਂਦ ਪ੍ਰਤੀ ਸਤਿਕਾਰ, ਸੰਵੇਦਨਸ਼ੀਲਤਾ ਅਤੇ ਕੁਦਰਤੀ ਸਰੋਤਾਂ ਦੀ ਜ਼ਿੰਮੇਵਾਰ ਵਰਤੋਂ ਦੀ ਭਾਵਨਾ ਵਿਕਸਿਤ ਕਰਨ 'ਤੇ ਜ਼ੋਰ ਦਿੱਤਾ। ਇਸ ਉਪਰੰਤ ਵਲੰਟੀਅਰਾਂ ਨੇ ਪੌਧੇ ਲਗਾਉਣ ਦੀ ਮੁਹਿੰਮ ਵਿੱਚ ਭਾਗ ਲਿਆ। ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ, ਨੇ ਐੱਨ.ਐੱਸ.ਐੱਸ. ਵਲੰਟੀਅਰਾਂ ਦੀ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਐੱਨ.ਐੱਸ.ਐੱਸ. ਵਿਦਿਆਰਥੀਆਂ ਨੂੰ ਪਾਠਸ਼ਾਲੀ ਸਿੱਖਿਆ ਤੋਂ ਅੱਗੇ ਵਧ ਕੇ ਸਮਾਜ ਨਾਲ ਜੁੜਨ ਅਤੇ ਸੇਵਾ ਦੀ ਭਾਵਨਾ ਵਿਕਸਿਤ ਕਰਨ ਦਾ ਸਾਰਥਕ ਮੌਕਾ ਪ੍ਰਦਾਨ ਕਰਦਾ ਹੈ। ਡਾ. ਹਰਨੀਤ ਬਿਲਿੰਗ, ਐੱਨ.ਐੱਸ.ਐੱਸ. ਪ੍ਰੋਗਰਾਮ ਕੋਆਰਡੀਨੇਟਰ, ਨੇ ਦੱਸਿਆ ਕਿ ਵਲੰਟੀਅਰਾਂ ਵੱਲੋਂ ਸਮਾਜਿਕ ਜ਼ਿੰਮੇਵਾਰੀ, ਵਾਤਾਵਰਣ ਸੰਭਾਲ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਆਪਣੀ ਵਚਨਬੱਧਤਾ ਦੀ ਸਹੁੰ ਚੁੱਕੀ ਗਈ।ਇਸ ਮੌਕੇ ਡਾ. ਬਹਾਦਰ ਸਿੰਘ ਦੀ ਅਗਵਾਈ ਹੇਠ ਸਰੀਰਕ ਸਿੱਖਿਆ ਅਤੇ ਖੇਡ ਤਕਨਾਲੋਜੀ ਵਿਭਾਗ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਵਾਲੀਬਾਲ ਮੈਚ ਕਰਵਾਇਆ ਗਿਆ। ਡਾ. ਰਮਨਦੀਪ ਕੌਰ ਦੀ ਅਗਵਾਈ ਹੇਠ ਸਮਾਜਿਕ ਵਿਗਿਆਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਸਮਾਜਿਕ ਕਦਰਾਂ-ਕੀਮਤਾਂ ਅਤੇ ਵਿਸ਼ਵਾਸ ਵਿਸ਼ੇ 'ਤੇ ਵਿਚਾਰ-ਵਟਾਂਦਰਾ ਕਰਵਾਇਆ ਗਿਆ। ਡਾ. ਰੁਚੀ ਮਲਹੋਤਰਾ ਦੀ ਅਗਵਾਈ ਹੇਠ ਵਣਜ ਅਤੇ ਪ੍ਰਬੰਧਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਭੂਮਿਕਾ ਵਿਸ਼ੇ 'ਤੇ ਭਾਸ਼ਣ ਮੁਕਾਬਲਾ ਕਰਵਾਇਆ ਗਿਆ। ਸਿੱਖਿਆ ਵਿਭਾਗ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਕਰਵਾਈਆਂ ਗਤੀਵਿਧੀਆਂ ਦੌਰਾਨ ਸ੍ਰੀਮਤੀ ਰਾਮਨਦੀਪ ਕੌਰ, ਸਹਾਇਕ ਪ੍ਰੋਫੈਸਰ, ਨੇ ਵਿਕਸਿਤ ਰਾਸ਼ਟਰ ਪ੍ਰਤੀ ਨੌਜਵਾਨਾਂ ਦੀ ਜ਼ਿੰਮੇਵਾਰੀ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ, ਜਦਕਿ ਡਾ. ਸੁਮਨ ਪ੍ਰੀਤ ਕੌਰ ਦੀ ਅਗਵਾਈ ਹੇਠ ਸਫ਼ਾਈ ਜਾਗਰੂਕਤਾ ਮੁਹਿੰਮ ਚਲਾਈ ਗਈ। ਇਸੇ ਤਰ੍ਹਾਂ ਡਾ. ਮੋਨਿਕਾ ਏਰੀ ਦੀ ਅਗਵਾਈ ਹੇਠ ਮੁੱਢਲੇ ਅਤੇ ਲਾਗੂ ਵਿਗਿਆਨ ਫੈਕਲਟੀ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਵਿਸ਼ਾਲ ਕੈਂਪਸ ਸਫ਼ਾਈ ਮੁਹਿੰਮ ਚਲਾਈ ਗਈ। ਸਮਾਗਮ ਨੇ ਐੱਨ.ਐੱਸ.ਐੱਸ. ਦੇ ਮੂਲ ਆਦਰਸ਼ ਨਾਟ ਮੀ ਬਟ ਯੂ ਅਰਥਾਤ ਮੈਂ ਨਹੀਂ, ਤੁਸੀਂ ਦੀ ਭਾਵਨਾ ਨੂੰ ਮਜ਼ਬੂਤ ਕਰਦਿਆਂ ਵਲੰਟੀਅਰਾਂ ਦੀ ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕੀਤਾ।

ਪਾਵਰਕਾਮ ਐਡ ਟਰਾਂਸਕੋ ਠੇਕਾ ਮੁਲਾਜਮ ਯੂਨੀਅਨ ਨੇ ਮੋਰਿੰਡਾ ਪੁਲਿਸ ਵੱਲੋਂ ਸੂਬਾ ਪ੍ਰਧਾਨ ਬਲਿਹਾਰ ਸਿੰਘ ਨੂੰ ਘਰ ਚ ਨਜ਼ਰਬੰਦ ਕਰਨ ਦੀ ਸਖ਼ਤ ਸ਼ਬਦਾਂ ਚ ਕੀਤੀ ਨਿਖੇਧੀ

ਪਿੰਡ ਮੜੌਲੀ ਕਲਾਂ ਵਿੱਚ ਠੇਕਾ ਕਾਮਿਆਂ ਵਲੋਂ ਰੋਸ ਮਾਰਚ,ਸਰਕਾਰ ਤੋਂ ਮਸਲੇ ਹੱਲ ਕਰਨ ਦੀ ਮੰਗ ਕੀਤੀ

ਮੋਰਿੰਡਾ,24ਸਤੰਬਰ ((ਬਲਵੀਰ ਸਿੰਘ ਚਲਾਕੀ): ਪਾਵਰਕਾਮ ਐਡ ਟਰਾਂਸਕੋ ਠੇਕਾ ਮੁਲਾਜਮ ਯੂਨੀਅਨ ਪੰਜਾਬ ਦੇ ਸੂਬਾ ਜਰਨਲ ਸਕੱਤਰ ਰਾਜੇਸ਼ ਕੁਮਾਰ ਮੋਜ਼ ਸੂਬਾ ਸਹਾਇਕ ਸਕੱਤਰ ਟੇਕ ਚੰਦ ਸਰਕਲ ਪ੍ਰਧਾਨ ਜਮੀਲ ਮੁਹੰਮਦ ਡਿਵੀਜ਼ਨ ਪ੍ਰਧਾਨ ਜਸਵਿੰਦਰ ਸਿੰਘ ਸਰਕਲ ਪ੍ਰਧਾਨ ਪਰਮਿੰਦਰ ਸਿੰਘ ਜੰਗ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਪੁਲਿਸ ਮੋਰਿੰਡਾ ਵੱਲੋਂ ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਬਲਿਹਾਰ ਸਿੰਘ ਨੂੰ ਦੂਜੀ ਵਾਰ ਜਬਰਨ ਘਰ ਵਿੱਚ ਨਜ਼ਰਬੰਦ ਕਰਨ @ਤੇ ਯੂਨੀਅਨ ਦੀ ਸੂਬਾ ਕਮੇਟੀ ਨੇ ਪੰਜਾਬ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਦੀ ਇਸ ਘਨਾਉਣੀ ਹਰਕਤ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਪੱਤਰਕਾਰ ਨਰਿੰਦਰਪਾਲ ਸਿੰਘ ਕਾਲੜਾ ਵੱਲੋਂ ਸ਼੍ਰੀ ਖਡੂਰ ਸਾਹਿਬ ਤੋਂ ਵਿਸ਼ੇਸ਼ ਸਪਲੀਮੈਂਟ

ਸੰਦੇਸ਼

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ ਸ਼੍ਰੀ ਗੋਇੰਦਵਾਲ ਸਾਹਿਬ ਦੀ ਸਮੂਹ ਕਾਂਗਰਸ ਟੀਮ ਵਲੋਂ ਜੀ ਆਇਆਂ ਨੂੰ

ਰਮਨਜੀਤ ਸਿੰਘ ਸਿੱਕੀ ਸਾਬਕਾ ਵਿਧਾਇਕ | ਗੁਲਵਿੰਦਰ ਸਿੰਘ ਰਾਏ ਜ਼ਿਲ੍ਹਾ ਮੀਤ ਪ੍ਰਧਾਨ, ਤਰਨ ਤਾਰਨ | ਨਿਸ਼ਾਨ ਸਿੰਘ ਢੋਟੀ ਸੀਨੀਅਰ ਕਾਂਗਰਸੀ ਆਗੂ | ਹਰਵਿੰਦਰ ਸਿੰਘ ਬਾਠ ਸਕੱਤਰ ਕਿਸਾਨ ਸੈੱਲ ਪੰਜਾਬ | ਫਤਿਹ ਸਿੰਘ ਬਾਠ ਸੀਨੀਅਰ ਕਾਂਗਰਸੀ ਆਗੂ | ਰਘਬੀਰ ਸਿੰਘ ਵਿਰਕ ਸੀਨੀਅਰ ਕਾਂਗਰਸੀ ਆਗੂ | ਮੋਹਨ ਸਿੰਘ ਬੱਲਾ ਸਾਬਕਾ ਸਰਪੰਚ | ਰਣਜੀਤ ਸਿੰਘ ਪਵਾਰ ਪੀ.ਏ. ਸਾਬਕਾ ਵਿਧਾਇਕ ਸਿੱਕੀ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ ਜੀ ਆਇਆਂ ਨੂੰ

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਜੋਨ ਢਾਂਡਾ ਪੰਜਾਬ

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਪੰਜਾਬ
ਇਕਾਈ ਸ਼੍ਰੀ ਗੋਇੰਦਵਾਲ ਸਾਹਿਬ (ਤਰਨ ਤਾਰਨ)

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ
ਜੀ ਆਇਆਂ ਨੂੰ
ਜਾਰੀ ਕਰਤਾ : ਪ੍ਰਤਾਪ ਇੰਸ਼ੋਰੇਂਸ ਕੰਪਨੀ ਸ਼੍ਰੀ ਗੋਇੰਦਵਾਲ ਸਾਹਿਬ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ
ਜੀ ਆਇਆਂ ਨੂੰ
ਵਲੋਂ: ਮਾਸਟਰ ਬਲਦੇਵ ਸਿੰਘ, ਖੱਖ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ
ਜਾਰੀ ਕਰਤਾ: ਸਾਹਿਬ ਸਿੰਘ ਰੱਤੋਕੇ (ਕਾਂਗਰਸੀ ਆਗੂ)

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ
ਜਗਤਾਰ ਸਿੰਘ ਧੁੰਦਾ

ਬਲਕਾਰ ਸਿੰਘ ਧੁੰਦਾ
ਵਲੋਂ: ਜਗਤਾਰ ਸਿੰਘ ਜਿਲ੍ਹਾ ਪ੍ਰਧਾਨ ਐਸ.ਸੀ. ਵਿੰਗ, ਤਰਨ ਤਾਰਨ

ਹਰਚਰਨ ਸਿੰਘ ਭੱਠਲ
ਮੈਂਬਰ ਪੰਚਾਇਤ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ

ਸਵ: ਗੁਰਮੀਤ ਸਿੰਘ ਭੱਠਲ
ਜਾਰੀ ਕਰਤਾ: ਭੱਠਲ ਪਰਿਵਾਰ ਸ਼੍ਰੀ ਗੋਇੰਦਵਾਲ ਸਾਹਿਬ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ
ਵਲੋਂ: ਪ੍ਰੇਮ ਸਿੰਘ ਪਨੂੰ, ਸਾਬਕਾ ਜਿਲ੍ਹਾ ਪ੍ਰੀਸ਼ਦ ਮੈਂਬਰ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ
ਜਾਰੀ ਕਰਤਾ: ਐਸ.ਕੇ. ਬੁੱਕ ਸ਼ਾਪ, ਸ਼੍ਰੀ ਗੋਇੰਦਵਾਲ ਸਾਹਿਬ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਦਾ
ਹਾਰਦਿਕ ਸਵਾਗਤ
ਜਾਰੀ ਕਰਤਾ: ਜਸਵੰਤ ਸਿੰਘ ਸਰਪੰਚ (ਧੁੰਦਾ)

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ ਜੀ ਆਇਆਂ ਨੂੰ

ਹਰਦਿਆਲ ਸਿੰਘ ਕੰਗ

ਬੱਬੂ ਪਹਿਲਵਾਨ

ਦਿਲਬਾਗ ਸਿੰਘ ਤੁੜ

ਹਰਭਜਨ ਸਿੰਘ ਕੰਗ, ਸਰਾਂ

ਜਾਰੀ ਕਰਤਾ - ਸ਼੍ਰੀ ਗੁਰੂ ਅਮਰਦਾਸ ਸੇਵਾ ਸੁਸਾਇਟੀ ਸ਼੍ਰੀ ਗੋਇੰਦਵਾਲ ਸਾਹਿਬ

ਸਤਨਾਮ ਸਿੰਘ ਰੰਧਾਵਾ

ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ (ਮੇਲਾ ਜੱਗ) ਮੌਕੇ ਪਹੁੰਚ ਰਹੀਆਂ ਸੰਗਤਾਂ ਨੂੰ
ਜੀ ਆਇਆਂ ਨੂੰ
ਜਾਰੀ ਕਰਤਾ : ਐਸ.ਐਸ.ਟਰੇਡਿੰਗ ਕੰਪਨੀ ਸ਼੍ਰੀ ਗੋਇੰਦਵਾਲ ਸਾਹਿਬ

ਪੀ.ਏ.ਯੂ. ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਲੁਧਿਆਣਾ ਦੇ ਕਿਸਾਨਾਂ ਅਤੇ ਔਰਤਾਂ ਨੂੰ ਜਾਗਰੂਕ ਕੀਤਾ

ਲੁਧਿਆਣਾ 24 ਸਤੰਬਰ, (ਪ ਪ)-ਪੀ.ਏ.ਯੂ. ਦੇ ਪਸਾਰ ਸਿੱਖਿਆ ਵਿਭਾਗ ਵੱਲੋਂ ਰਾਵੇ

ਪ੍ਰੋਗਰਾਮ ਅਧੀਨ ਬਲਾਕ ਪੱਖੋਵਾਲ ਦੇ ਪਿੰਡ ਦੋਨੋਂ ਕਲਾਂ ਅਤੇ ਢੈਪਈ ਵਿਖੇ ਬੀ ਐੱਸ ਸੀ ਖੇਤੀਬਾੜੀ (ਆਨਰਜ਼) ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਪਿੰਡ ਦੇ ਕਿਸਾਨਾਂ ਨੂੰ ਭੂਮੀ ਅਤੇ ਪਾਣੀ ਪਰਖ ਦੀ ਮਹੱਤਤਾ ਤੋਂ ਜਾਣੂੰ ਕਰਾਉਣ ਲਈ ਵਿਸ਼ੇਸ਼ ਸਮਾਰੋਹ ਆਯੋਜਿਤ ਕੀਤੇ ਗਏ। ਇਸਦੇ ਨਾਲ ਹੀ 50 ਦੇ ਕਰੀਬ ਔਰਤਾਂ ਲਈ ਇਕ ਰੋਜ਼ਾ ਸਿਖਲਾਈ ਕੈਂਪ ਵੀ ਆਯੋਜਿਤ ਕੀਤਾ ਗਿਆ। ਸਰੋਤ ਪ੍ਰਬੰਧਨ ਅਤੇ ਖਪਤਕਾਰ ਵਿਗਿਆਨ ਵਿਭਾਗ ਦੇ ਮਾਹਿਰ ਡਾ. ਸ਼ਿਵਾਨੀ ਰਾਣਾ ਨੇ ਔਰਤਾਂ ਨੂੰ ਵੱਖ-ਵੱਖ ਤਰੀਕਿਆਂ ਦੀ ਮੋਮਬੱਤੀਆਂ ਬਨਾਉਣ ਦੇ ਤਰੀਕੇ ਦੱਸੇ। ਉਹਨਾਂ ਦੱਸਿਆ ਕਿ ਇਹਨਾਂ ਕਿੱਤਿਆਂ ਨਾਲ ਪਰਿਵਾਰ ਦੀ ਆਮਦਨ ਵਿਚ ਵਾਧਾ ਕੀਤਾ ਜਾ ਸਕਦਾ ਹੈ। ਵਿਦਿਆਰਥੀਆਂ ਨੇ ਕਿਸਾਨਾਂ ਨੂੰ ਭੂਮੀ ਅਤੇ ਪਾਣੀ ਪਰਖ ਬਾਰੇ ਪੀ.ਏ.ਯੂ. ਦੀਆਂ ਸਿਫ਼ਾਰਸ਼ਾਂ ਸੰਬੰਧੀ ਵਿਸਥਾਰ ਨਾਲ ਦੱਸਦਿਆਂ ਨਮੂਨੇ ਲੈਣ ਦੇ ਢੰਗਾਂ ਦੀ ਜਾਣਕਾਰੀ ਦਿੱਤੀ। ਨਾਲ ਹੀ ਉਹਨਾਂ ਨੇ ਭੂਮੀ ਵਿਚ ਪੋਸ਼ਕ ਤੱਤਾਂ ਦੀ ਪਰਖ, ਉਹਨਾਂ ਦੀ ਸੰਭਾਲ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਕਿਸਾਨਾਂ ਨੂੰ ਨਮੂਨਿਆਂ ਦੇ ਨਤੀਜੇ ਦੇਖਣ ਲਈ ਆਨਲਾਈਨ ਢੰਗ ਵੀ ਦੱਸੇ ਗਏ। ਇਸੇ ਸਮਾਗਮ ਦੇ ਹਿੱਸੇ ਵਜੋਂ ਪਾਣੀ ਪਰਖ ਕਿੱਟਾਂ ਕਿਸਾਨਾਂ ਨੂੰ ਵੰਡੀਆਂ ਗਈਆਂ। ਇਸ ਤੋਂ ਬਿਨਾਂ ਧਾਤਾਂ ਦਾ ਚੂਰਾ ਅਤੇ ਸਬਜ਼ੀਆਂ ਦੀਆਂ ਕਿੱਟਾਂ ਵੀ ਕਿਸਾਨਾਂ ਤੱਕ ਪਹੁੰਚਾਈਆਂ ਗਈਆਂ। ਸਮਾਰੋਹ ਵਿਚ ਸ਼ਾਮਿਲ ਹੋਈਆਂ ਔਰਤਾਂ ਨੂੰ ਉਹਨਾਂ ਦੇ ਕਾਰਜ ਨਾਲ ਸੰਬੰਧਿਤ ਖੇਤੀ ਸਾਹਿਤ ਵੀ ਵੰਡਿਆ ਗਿਆ ਇਸ ਸਮਾਰੋਹ ਦੇ ਇੰਚਾਰਜ ਡਾ. ਲਖਵਿੰਦਰ ਕੌਰ ਨੇ ਦੋਵਾਂ ਸਮਾਗਮਾਂ ਵਿਚ ਸ਼ਾਮਿਲ ਹੋਣ ਵਾਲੇ ਮਾਹਿਰਾਂ, ਕਿਸਾਨਾਂ ਅਤੇ ਔਰਤਾਂ ਦਾ ਸਵਾਗਤ ਕੀਤਾ। ਪਸਾਰ ਮਾਹਿਰ ਡਾ. ਧਰਮਿੰਦਰ ਸਿੰਘ ਨੇ ਅੰਤ ਵਿਚ ਸਭ ਦਾ ਧੰਨਵਾਦ ਕਰਦਿਆਂ ਪੀ.ਏ.ਯੂ. ਦੀਆਂ ਵਿਗਿਆਨਕ ਖੇਤੀ ਸੰਬੰਧੀ ਸਿਫ਼ਾਰਸ਼ਾਂ ਅਪਨਾਉਣ ਦੀ ਅਪੀਲ ਪੇਂਡੂਆਂ ਨੂੰ ਕੀਤੀ

ਸਨਾਤਨ ਮੰਦਿਰ ਚ ਸ਼੍ਰੀ ਸ਼ਿਆਮ ਬਾਬਾ ਦਾ ਤਾਲੀ ਕੀਰਤਨ 1 ਅਕਤੂਬਰ ਨੂੰ

ਸਰਦੂਲਗੜ੍ਹ, 24 ਸਤੰਬਰ (ਧਰਮ ਚੰਦ ਸਿੰਗਲਾ) ਸ਼੍ਰੀ ਸ਼ਿਆਮ ਬਗੀਚੀ ਪਰਿਵਾਰ ਟਰੱਸਟ ਸਰਦੂਲਗੜ੍ਹ ਦੇ ਮੁੱਖ ਸੇਵਾਦਾਰ ਕੇਵਲ ਬਾਂਸਲ ਨੇ ਦੱਸਿਆ ਕਿ ਸੰਸਥਾ ਵਲੋਂ ਸ਼੍ਰੀ ਸਨਾਤਨ ਧਰਮ ਮੰਦਰ ਕਮੇਟੀ ਦੇ ਸਹਿਯੋਗ ਨਾਲ ਸ਼੍ਰੀ ਸ਼ਿਆਮ ਬਾਬਾ ਦਾ ਪਵਿੱਤਰ ਕੀਰਤਨ 1 ਅਕਤੂਬਰ 2026, ਦਿਨ ਵੀਰਵਾਰ ਨੂੰ ਪੁਰਾਣਾ ਬਾਜ਼ਾਰ ਸਥਿਤ ਸ਼੍ਰੀ ਸਨਾਤਨ ਧਰਮ ਮੰਦਰ ਵਿਖੇ ਕਰਵਾਇਆ ਜਾ ਰਿਹਾ ਹੈ। ਕੀਰਤਨ ਦੀ ਸ਼ੁਰੂਆਤ ਰਾਤ 8 ਵਜੇ ਤੋਂ ਬਾਬਾ ਸ਼ਿਆਮ ਦੀ ਇੱਛਾ ਅਨੁਸਾਰ ਹੋਵੇਗੀ। ਇਸ ਮੌਕ ਰਾਜਿੰਦਰ ਗਨੇਰੀਵਾਲਾ ਜੀ ਸਿਰਸਾ ਵਾਲੇ ਅਤੇ ਬੱਬੂ ਮਿਊਜ਼ਿਕਲ ਗਰੁੱਪ (ਸਿਰਸਾ ਵਾਲੇ) ਵੱਲੋਂ ਸ਼ਿਆਮ ਬਾਬਾ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ।ਇਸ ਧਾਰਮਿਕ ਸਮਾਗਮ ਲਈ ਸ਼੍ਰੀ ਸਨਾਤਨ ਧਰਮ ਮੰਦਰ ਕਮੇਟੀ, ਸਰਦੂਲਗੜ੍ਹ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਟਰੱਸਟ ਪ੍ਰਧਾਨ ਮੱਘ ਰਾਜ,ਡਾਕਟਰ ਰਾਜੀਵ,ਪਵਨ ਕੁਮਾਰ,ਰਿਕੂ ਗਰਗ,ਰਾਜੀਵ ਗਾਂਧੀ,ਰਿਸ਼ਵ ਸਿੰਗਲਾ,ਵਿਪਨ ਗੋਇਲ,ਮਾਸਟਰ ਰਾਜ ਕੁਮਾਰ,ਰਵੀ ਗਰਗ,ਓਮ ਪ੍ਰਕਾਸ਼,ਪ੍ਰਦੀਪ ਗਰਗ ਆਦਿ ਮੈਂਬਰਾਂ ਨੇ ਸਮੂਹ ਸ਼ਿਆਮ ਪ੍ਰੇਮੀਆਂ ਅਤੇ ਸੰਗਤ ਨੂੰ ਕੀਰਤਨ ਵਿੱਚ ਸਾਦਰ ਪਹੁੰਚਣ ਦਾ ਸੱਦਾ ਦਿੱਤਾ ਗਿਆ ਹੈ।

ਨਗਰ ਕੌਂਸਲ ਦੇ ਪ੍ਰਧਾਨ ਗੌਰਵ ਜੈਨ ਚੀਨੂੰ ਨੇ ਆਪਣੇ ਤੇ ਲੱਗੇ ਦੋਸ਼ਾਂ ਨੂੰ ਨਕਾਰਿਆ

ਗਿੱਦੜਬਾਹਾ, 24 ਸਤੰਬਰ (ਕੁਲਦੀਪ ਜਿੰਦਲ) - ਆਪਣੇ ਚਚੇਰੇ ਭਰਾ ਵੱਲੋਂ ਪੁਲਿਸ ਪਾਸ 2 ਮਾਮਲੇ ਦਰਜ ਕਰਵਾਉਣ ਉਪਰੰਤ ਬੀਤੇ ਦਿਨੀਂ ਚੰਡੀਗੜ੍ਹ ਵਿਖੇ ਇੰਨਾਂ ਮਾਮਲਿਆ ਵਿਚ ਨਾਮਜਦ ਵਿਅਕਤੀਆਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਕੀਤੀ ਗਈ ਪ੍ਰੈੱਸ ਕਾਨਫਰੰਸ ਤੋਂ ਬਾਅਦ ਅੱਜ ਨਗਰ ਕੌਂਸਲ ਦੇ ਪ੍ਰਧਾਨ ਗੌਰਵ ਜੈਨ ਚੀਨੂੰ ਵੱਲੋਂ ਵੀ ਗਿੱਦੜਬਾਹਾ ਵਿਖੇ ਪ੍ਰੈੱਸ ਕਾਨਫਰੰਸ ਕੀਤੀ ਗਈ। ਵਰਨਣਯੋਗ ਹੈ ਕਿ ਗੌਰਵ ਜੈਨ ਚੀਨੂੰ ਦੇ ਚਚੇਰੇ ਭਰਾ ਸੰਜੀਵ ਜੈਨ ਨੇ ਆਪਣੇ ਚਾਚਾ ਸੁਭਾਸ਼ ਜੈਨ ਲਿੱਲੀ, ਚਚੇਰੇ ਭਰਾ ਗੌਰਵ ਜੈਨ ਚੀਨੂੰ ਅਤੇ ਇੰਨਾਂ ਦੇ ਇਕ ਰਿਸ਼ਤੇਦਾਰ ਰਾਕੇਸ਼ ਕੁਮਾਰ ਬਬਲੂ ਦੇ ਖਿਲਾਫ ਉਸ ਨਾਲ ਕਰੋੜਾਂ ਰੁਪਏ ਦੀ ਧੋਖਾਧੜੀ ਕਰਨ ਦੇ ਮਾਮਲੇ ਦਰਜ ਕਰਵਾਏ ਸਨ। ਅੱਜ ਗਿੱਦੜਬਾਹਾ ਵਿਖੇ ਗੌਰਵ ਜੈਨ ਚੀਨੂੰ ਨੇ ਕਿਹਾ ਕਿ ਜਿਸ ਆਈ.ਸੀ.ਆਈ.ਸੀ.ਆਈ. ਬੈਂਕ ਦੇ ਚੈਕਾਂ ਰਾਹੀਂ ਧੋਖਾਧੜੀ ਦੇ ਇਲਜਾਮ ਮੁਕੱਦਮੇ ਵਿਚ ਲਗਾਏ ਗਏ ਹਨ ਉਹ ਪੂਰੀ ਤਰ੍ਹਾਂ ਬੇਬੁਨਿਆਦ ਹਨ। ਉਨ੍ਹਾਂ ਦੱਸਿਆ ਕਿ ਇੰਨਾਂ ਸੰਬੰਧੀ ਸੰਜੀਵ ਜੈਨ ਨੇ ਕਰੀਬ 6 ਮਹੀਨੇ ਪਹਿਲਾਂ ਜਿਲ੍ਹੇ ਦੇ ਐੱਸ.ਐੱਸ.ਪੀ. ਨੂੰ ਇਕ ਦਰਖਾਸਤ ਦਿੱਤੀ ਸੀ, ਜਿਸ ਵਿਚ ਉਨ੍ਹਾਂ ਨੂੰ ਪੁਲਿਸ ਵੱਲੋਂ ਕਲੀਨ ਚਿੱਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਆਈ.ਸੀ.ਆਈ.ਸੀ.ਆਈ. ਬੈਂਕ ਦੀ ਪਾਵਰ ਆਫ ਅਟਾਰਨੀ ਮੇਰੇ ਨਾਮ ਤੇ ਸੀ, ਤਾਂ ਫਿਰ ਮੈਨੂੰ ਬਿਆਨਕਰਦਾ ਚੈਕਾਂ ਤੇ ਆਪਣੇ ਜਾਅਲੀ ਫਰਜੀ ਹਸਤਾਖਰ ਕਰਨ ਦੀ ਕੀ ਜਰੂਰਤ ਸੀ। ਉਨ੍ਹਾਂ ਕਿਹਾ ਕਿ ਐਫ.ਆਈ.ਆਰ. ਵਿਚ ਜਿਸ ਕਰੇਟਾ ਕਾਰ ਦਾ ਜਿਕਰ ਕੀਤਾ ਗਿਆ ਹੈ, ਉਹ ਤਾਂ ਪਹਿਲਾਂ ਹੀ ਪਰਿਵਾਰ ਵੰਡ ਦੌਰਾਨ ਸੰਜੀਵ ਜੈਨ ਪਾਸ ਚਲੀ ਗਈ ਸੀ। ਉਨ੍ਹਾਂ ਦੱਸਿਆ ਕਿ ਉਕਤ ਮੁਕਦਮਿਆਂ ਨੂੰ ਦਰਜ ਕਰਨ ਤੋਂ ਪਹਿਲਾਂ ਉਨ੍ਹਾਂ ਦਾ ਕੋਈ ਵੀ ਬਿਆਨ ਪੁਲਿਸ ਵੱਲੋਂ ਦਰਜ ਨਹੀਂ ਕੀਤਾ ਗਿਆ ਸਗੋਂ ਸਿਧੇ ਹੀ ਝੂਠੇ ਮੁਕੱਦਮੇ ਦਰਜ ਕਰ ਦਿੱਤੇ। ਇਸੇ ਤਰ੍ਹਾਂ ਮੁਕੱਦਮਾ ਨੰਬਰ 38 ਵਿਚ ਉਨ੍ਹਾਂ ਦੇ ਰਿਸ਼ਤੇਦਾਰ ਰਾਕੇਸ਼ ਕੁਮਾਰ ਬਬਲੂ ਨੂੰ ਸੰਜੀਵ ਜੈਨ ਨੇ ਪਾਵਰ ਆਫ ਅਟਾਰਨੀ ਦਿੱਤੀ ਹੋਈ ਸੀ ਅਤੇ ਜਿੰਨਾਂ ਤਿੰਨ ਚੈਕਾਂ ਦਾ ਜਿਕਰ ਕੀਤਾ ਗਿਆ ਹੈ, ਉਸ ਵਿਚੋਂ 65 ਹਜਾਰ ਰੁਪਏ ਦਾ ਚੈਕ ਸੰਜੀਵ ਜੈਨ ਦੀ ਫਰਮ ਵਿਚੋਂ ਉਨ੍ਹਾਂ ਦੇ ਪਿਤਾ ਦੀ ਫਰਮ ਵਿਚ ਟਰਾਂਸਫਰ ਹੋਏ ਹਨ, ਜਦੋਂਕਿ ਦੂਜੇ ਚੈਕ ਰਾਹੀਂ 14 ਲੱਖ 65 ਹਜਾਰ ਰੁਪਏ ਸੰਜੀਵ ਜੈਨ ਦੀ ਦੂਜੀ ਫਰਮ ਵਿਚ ਟਰਾਂਸਫਰ ਹੋਏ ਹਨ। ਉਨ੍ਹਾਂ ਕਿਹਾ ਕਿ ਜਿੰਨਾਂ 35 ਚੈਕਾਂ ਰਾਹੀਂ ਧੋਖਾਧੜੀ ਕਰਨ ਦੇ ਦੋਸ਼ ਹਨ, ਉਸ ਸੰਬੰਧੀ ਬੇਨਤੀ ਹੈ ਕਿ ਇਹ ਸਾਰੇ ਚੈਕ ਸੰਜੀਵ ਜੈਨ ਦੇ ਆੜ੍ਹਤੀ ਕਿਸਾਨਾਂ ਅਤੇ ਇਸ ਦੀਆਂ ਖੁਦ ਦੀਆਂ ਫਰਮਾਂ ਨੂੰ ਜਾਰੀ ਹੋਏ ਹਨ ਅਤੇ ਇਸ ਸੰਬੰਧੀ ਜਿਸਨੇ ਵੀ ਰਿਕਾਰਡ ਦੇਖਣਾ ਹੋਵੇ ਉਹ ਦੇਖ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਵੇਂ ਮੁਕੱਦਮਿਆਂ ਵਿਚ ਨਿਰਪੱਖ ਇਨਕੁਆਰੀ ਲਈ ਉਨ੍ਹਾਂ ਪੁਲਿਸ ਦੇ ਆਲ੍ਹਾ ਅਧਿਕਾਰੀਆਂ ਨੂੰ ਦਰਖਾਸਤਾ ਦਾਇਰ ਕੀਤੀਆਂ ਹੋਈਆਂ ਹਨ। ਦੂਜੇ ਪਾਸੇ ਸੰਜੀਵ ਜੈਨ ਦੇ ਪਿਤਾ ਸੁਖਦੇਵ ਰਾਜ ਜੈਨ ਅਤੇ ਮਾਮਾ ਸੁਰਿੰਦਰ ਜੈਨ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸੰਜੀਵ ਜੈਨ ਨੂੰ ਪਰਿਵਾਰਕ ਵੰਡ ਵਿਚ ਸਾਰਾ ਹਿੱਸਾ ਦੇਣ ਤੋਂ ਇਲਾਵਾ ਇਕ ਕਰੋੜ ਰੁਪਏ ਵੱਖਰੇ ਦਿੱਤੇ ਗਏ ਸਨ ਪਰੰਤੂ ਫਿਰ ਵੀ ਸੰਜੀਵ ਜੈਨ ਆਪਣੇ ਹੀ ਪਰਿਵਾਰਕ ਮੈਂਬਰਾਂ ਨੂੰ ਪਰੇਸ਼ਾਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਆਪਣੇ ਬਜ਼ੁਰਗ ਮਾਤਾ ਪਿਤਾ ਦੀ ਦੇਖਭਾਲ ਤੇ ਸੇਵਾ ਸੰਭਾਲ ਵੀ ਨਹੀਂ ਕਰਦਾ ਜਦੋਂਕਿ ਉਨ੍ਹਾਂ ਦੀ ਸੇਵਾ ਸੁਭਾਸ਼ ਜੈਨ ਅਤੇ ਇਸਦਾ ਲੜਕਾ ਗੌਰਵ ਜੈਨ ਕਰਦੇ ਹਨ।

ਮਾਨਵ ਸੇਵਾ ਉੱਤਮ ਸੇਵਾ ਦੇ ਮੈਂਬਰ ਸੁਨੀਲ ਗੁਪਤਾ ਨੇ ਸਪੈਸ਼ਲ ਬੱਚਿਆਂ ਨਾਲ ਮਨਾਇਆ ਜਨਮ ਦਿਨ

ਨਾਭਾ 24 ਸਤੰਬਰ (ਰਾਕੇਸ਼ ਜਿੰਦਲ) ਮਾਨਵ ਸੇਵਾ ਉੱਤਮ ਸੇਵਾ ਦੇ ਮੈਂਬਰ ਸ. ਨਾਇਲ ਗੁਪਤਾ ਨੇ ਜੀਵਨ ਜੋਤੀ ਪਬਲਿਕ ਸਕੂਲ ਦੁੱਲਦੀ ਗੇਟ ਵਿਖੇ ਸਪੈਸ਼ਲ ਬੱਚਿਆਂ ਨਾਲ ਜਨਮ ਦਿਨ ਮਨਾਇਆ। ਇਸ ਮੌਕੇ ਸੰਸਥਾ ਦੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਕਿਹਾ ਕਿ ਸਕੂਲ ਦੇ ਪ੍ਰਧਾਨ ਰਮਨ ਜਿੰਦਲ ਭੋਲਾ ਅਤੇ ਸਮੂਹ ਕਮੇਟੀ ਵੱਲੋਂ ਸਕੂਲ @ਚ ਸਪੈਸ਼ਲ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਗਾਉਣਾ ਤੇ ਨੱਚਣਾ ਆਦਿ ਵੀ ਸਿਖਾਇਆ ਜਾਂਦਾ ਹੈ ਤਾਂ ਜੋ ਬੱਚੇ ਆਪਣਾ ਮੰਨ ਪ੍ਰਚਾਵਾ ਕਰ ਸਕਣ। ਇਸ ਦੇ ਨਾਲ ਬੱਚਿਆਂ ਨੂੰ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਵਿਕਾਸ ਮਿੱਤਲ ਨੇ ਦੱਸਿਆ ਕਿ ਸੰਸਥਾ ਦੇ ਸੀਨੀਅਰ ਮੈਂਬਰ ਸੁਨੀਲ ਗੁਪਤਾ ਵੱਲੋਂ ਆਪਣੇ ਜਨਮ ਦਿਨ ਮੌਕੇ ਬੱਚਿਆਂ ਨੂੰ ਖਾਣ-ਪੀਣ ਦਾ ਸਾਮਾਨ ਅਤੇ ਸਟੇਸ਼ਨਰੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਹ ਇੱਥੇ ਆ ਕੇ ਮੈਂਬਰਾਂ ਦੇ ਜਨਮ ਦਿਨ ਅਤੇ ਤਿਉਹਾਰ ਮਨਾਉਂਦੇ ਰਹਾਂਗੇ। ਇਸ ਮੌਕੇ ਸਕੂਲ ਦੇ ਪ੍ਰਧਾਨ ਰਮਨ ਜਿੰਦਲ ਭੋਲਾ ਨੇ ਸੰਸਥਾ ਦੇ ਮੁੱਖ ਸੇਵਾਦਾਰ ਅਤੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਕੂਲ ਲੋਕਾਂ ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ। ਉਹਨਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਸਕੂਲ ਦੇ ਕਾਰਜਾਂ ਲਈ ਵੱਧ ਚੜ ਕੇ ਸਹਿਯੋਗ ਦੇਣ। ਇਸ ਮੌਕੇ ਅੰਕੁਰ ਸਿੰਗਲਾ, ਰਵਿੰਦਰ ਸਿੰਘ, ਵਰੁਣ ਸਿੰਗਲਾ, ਨਰਿੰਦਰ ਮੋਹਨ ਸ਼ਰਮਾ, ਦੀਪਕ ਕੁਮਾਰ, ਸਾਹਿਲ ਗੁਪਤਾ, ਕਰਨ ਸਿੰਗਲਾ ਆਦਿ ਤੋਂ ਇਲਾਵਾ ਸਕੂਲ ਦਾ ਸਟਾਫ ਹਾਜ਼ਰ ਸੀ।

ਬਾਬਾ ਜੀਵਨ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਭਵਾਨੀਗੜ੍ਹ, 24 ਸਤੰਬਰ (ਹੈਪੀ ਸ਼ਰਮਾ)-ਅੱਜ ਸ਼ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਇਲਾਕਾ ਭਵਾਨੀਗੜ੍ਹ ਦੀ ਸਾਧ ਸੰਗਤ ਅਤੇ ਸ਼ਰੋਮਣੀ ਸ਼ਹੀਦ ਬਾਬਾ ਜੀਵਨ ਸਿੰਘ ਪ੍ਰਚਾਰਕ ਕਮੇਟੀ ਰਜਿ ਭਵਾਨੀਗੜ੍ਹ ਵਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭਵਾਨੀਗੜ੍ਹ ਵਿਖੇ ਸ਼ਰਧਾ ਪੂਰਵਕ ਮਨਾਇਆ ਗਿਆ। ਸੰਗਤ ਨੂੰ ਜੀਵਨ ਸਿੰਘ ਘਰਾਚੋਂ ਅਤੇ ਭਾਈ ਜਗਸੀਰ ਸਿੰਘ ਬਲਿਆਲ ਵਾਲਿਆਂ ਵੱਲੋਂ ਬਾਬਾ ਜੀਵਨ ਸਿੰਘ ਜੀ ਦੇ ਜੀਵਨ ਅਤੇ ਸਿੱਖ ਕੌਮ ਲਈ ਦਿੱਤੀ ਸ਼ਹਾਦਤ ਬਾਰੇ ਵਿਸਥਾਰ

ਨਾਲ ਵਿਚਾਰਾਂ ਕੀਤੀਆਂ। ਸਟੇਜ ਦੀ ਕਾਰਵਾਈ ਮਾਸਟਰ ਚਰਨ ਸਿੰਘ ਚੌਪੜਾ ਨੇ ਨਿਭਾਈ। ਕਮੇਟੀ ਦੇ ਮੁੱਖ ਸਰਪ੍ਰਸਤ ਬਲਕਾਰ ਸਿੰਘ ਭੰਗਾਣੀਆ, ਸਰਪ੍ਰਸਤ ਹਰੀ ਸਿੰਘ, ਪ੍ਰਧਾਨ ਗੁਰਨਾਮ ਸਿੰਘ, ਮੀਤ ਪ੍ਰਧਾਨ ਪਰਮਜੀਤ ਸਿੰਘ, ਜਨਰਲ ਸਕੱਤਰ ਬੀਰਬਲ ਸਿੰਘ, ਕੈਸ਼ੀਅਰ ਕੁਲਦੀਪ ਸਿੰਘ, ਰਾਮ ਸਿੰਘ, ਹਰਪਾਲ ਸਿੰਘ, ਇੰਦਰਜੀਤ ਸਿੰਘ, ਕਰਨੈਲ ਸਿੰਘ ਸਹੋਤਾ ਅਤੇ ਡਾ ਬੀ ਆਰ ਅੰਬੇਡਕਰ ਚੇਤਨਾ ਮੰਚ ਰਜਿ. ਭਵਾਨੀਗੜ੍ਹ ਦੇ ਸਾਰੇ ਅਹੁਦੇਦਾਰਾਂ ਨੇ ਆਪਣੀ ਹਾਜ਼ਰੀ ਲਗਵਾਈ। ਮੌਕੇ ਤੇ ਹਲਕੇ ਦੀ ਵਿਧਾਇਕਾ ਬੀਬਾ ਨਰਿੰਦਰ ਕੌਰ ਭਰਾਜ ਨੇ ਵੀ ਹਾਜ਼ਰੀ ਲਗਵਾਈ। ਆਈ ਸੰਗਤ ਦਾ ਧੰਨਵਾਦ ਪ੍ਰਧਾਨ ਗੁਰਨਾਮ ਸਿੰਘ ਮੁੱਖ ਸਰਪ੍ਰਸਤ ਬਲਕਾਰ ਸਿੰਘ ਅਤੇ ਸਰਪ੍ਰਸਤ ਹਰੀ ਸਿੰਘ ਵੱਲੋਂ ਕੀਤਾ ਗਿਆ।

ਨਿਊ ਇੰਡੀਅਨ ਪਬਲਿਕ ਸਕੂਲ ਵਿਖੇ 23 ਸਤੰਬਰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਇਆ ਗਿਆ-

ਨਾਭਾ 24 ਸਤੰਬਰ (ਰਾਕੇਸ਼ ਜਿੰਦਲ) 23 ਸਤੰਬਰ 2026 ਨੂੰ ਨਿਊ ਇੰਡੀਅਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਾਭਾ ਵਿਖੇ ਵਿਸ਼ਵ@ ਪੰਜਾਬੀ ਦਿਵਸ ਵਜੋਂ ਮਨਾਇਆ ਗਿਆ। ਮਾਨਯੋਗ ਪ੍ਰਿੰਸੀਪਲ ਸ੍ਰੀਮਤੀ ਖੁਸ਼ਪਿੰਦਰ ਕੌਰ ਖੈਰਾ ਜੀ ਦੀ ਅਗਵਾਈ ਵਿੱਚ 'ਪੰਜਾਬੀ ਦਿਵਸ@ ਨੂੰ ਸਮਰਪਿਤ ਪ੍ਰੋਗਰਾਮ ਉਲੀਕਿਆ ਗਿਆ। ਇਸ ਵਿੱਚ ਬੱਚਿਆਂ ਨੂੰ ਆਪਣੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਲਈ ਪ੍ਰੇਰਿਤ ਕੀਤਾ ਗਿਆ। ਇਸ ਵਿੱਚ ਰੈਲੀ ਕੱਢੀ ਗਈ। ਪ੍ਰਿੰਸੀਪਲ ਅਤੇ ਵਾਈਸ ਪ੍ਰਿੰਸੀਪਲ, ਅਤੇ ਸਮੂਹ ਅਧਿਆਪਕਾਂ ਨੇ ਸਾਰਾ ਕੰਮ ਪੰਜਾਬੀ ਵਿੱਚ ਕੀਤਾ। ਬੱਚਿਆਂ ਨੇ ਆਪਣੇ ਦਾਦਾ ਦਾਦੀ ਤੋਂ ਕਹਾਣੀ ਸੁਣਦੇ ਹੋਏ ਦੀ ਵੀਡੀਓ ਸਾਂਝੀ ਕੀਤੀ। ਬੱਚਿਆਂ ਵੱਲੋਂ ਵਰਨਮਾਲਾ ਦਾ ਉਚਾਰਨ ਅਤੇ ਕਵਿਤਾਵਾਂ ਦਾ ਉਚਾਰਨ ਕੀਤਾ ਗਿਆ। ਪੰਜਾਬੀ ਨਾਲ ਸੰਬੰਧਿਤ ਚਾਰਟ ਬਣਾਏ ਗਏ। ਛੋਟੇ ਬੱਚਿਆਂ ਵੱਲੋਂ ਵਰਨਮਾਲਾ ਦੇ ਨਾਲ ਕੋਰਿਓਗ੍ਰਾਫੀ ਕੀਤੀ ਗਈ। ਸਾਰੇ ਪ੍ਰੋਗਰਾਮ ਦੀਆਂ ਵੀਡੀਓ ਸੋਸ਼ਲ ਪਲੇਟਫਾਰਮ ਤੇ ਸਾਂਝੀਆਂ ਕੀਤੀਆਂ ਗਈਆਂ।ਮਾਨਯੋਗ ਮੁੱਖ ਅਧਿਆਪਕ ਸ੍ਰੀਮਤੀ ਖੁਸ਼ਪਿੰਦਰ ਕੌਰ ਖੈਰਾ ਜੀ ਨੇ ਬੱਚਿਆਂ ਨੂੰ ਸੰਬੋਧਿਤ ਕੀਤਾ ਅਤੇ ਉਹਨਾਂ ਨੂੰ ਆਪਣੀ ਮਾਂ ਬੋਲੀ ਪੰਜਾਬੀ ਅਤੇ ਪੰਜਾਬੀ ਵਿਰਸੇ ਬਾਰੇ ਬਹੁਤ ਮੁੱਲੀ ਜਾਣਕਾਰੀ ਦਿੱਤੀ।

ਵਿਸ਼ਵ ਰੇਬੀਜ਼ ਦਿਵਸ ਨਾਲ ਸਬੰਧਤ ਪੈਂਫਲੇਟ ਕੀਤੇ ਜਾਰੀ

*ਵਿਸ਼ਵ ਰੇਬੀਜ਼ ਦਿਵਸ ਮੌਕੇ ਵੱਖ-ਵੱਖ ਸੰਸਥਾਵਾਂ ਵਿਖੇ

ਅੱਗਰਵਾਲ ਧਰਮਸ਼ਾਲਾ 'ਚ ਸ਼੍ਰੀਮਦ ਭਾਗਵਤ ਕਥਾ 27 ਸਤੰਬਰ ਤੋਂ 2 ਅਕਤੂਬਰ ਤੱਕ

ਭਗਤਾ ਭਾਈ, 24 ਸਤੰਬਰ (ਸਿਕੰਦਰ ਬਰਾੜ ਕੌਇਰ ਸਿੰਘ ਵਾਲਾ)- ਸ਼ਹਿਰ ਦੀ ਅਗਰਵਾਲ ਧਰਮਸ਼ਾਲਾ ਵਿਚ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪਵਿੱਤਰ ਸਮਾਗਮ ਕਥਾ ਦਾ ਵਾਚਨ ਸਵਾਮੀ ਰਾਮ ਤੀਰਥ ਜੀ ਹਰਿਦਵਾਰ ਵਾਲਿਆਂ ਵੱਲੋਂ ਕੀਤਾ ਜਾਵੇਗਾ। ਕਥਾ 27 ਸਤੰਬਰ ਤੋਂ 2 ਅਕਤੂਬਰ ਤੱਕ ਹਰ ਰੋਜ਼ ਸ਼ਾਮ 7.30 ਵਜੇ ਤੋਂ ਰਾਤ 9.30 ਵਜੇ ਤੱਕ ਹੋਵੇਗੀ। ਇਸ ਤੋਂ ਪਹਿਲਾਂ 26 ਸਤੰਬਰ ਨੂੰ ਸ਼ਾਮ 3 ਵਜੇ ਕਲਸ਼ ਯਾਤਰਾ ਕੱਢੀ ਜਾਵੇਗੀ। 3 ਅਕਤੂਬਰ ਨੂੰ ਸਵੇਰੇ 8 ਤੋਂ 10 ਵਜੇ ਤੱਕ ਹਵਨ ਯੱਗ ਹੋਵੇਗਾ, ਉਪਰੰਤ ਭੰਡਾਰਾ ਪ੍ਰਸਾਦ ਵਰਤਾਇਆ ਜਾਵੇਗਾ। ਪ੍ਰਬੰਧਕਾਂ ਵੱਲੋਂ ਸੰਗਤ ਨੂੰ ਪਰਿਵਾਰ ਅਤੇ ਮਿੱਤਰਾਂ ਸਮੇਤ ਪਹੁੰਚ ਕੇ ਸ਼੍ਰੀਮਦ ਭਾਗਵਤ ਕਥਾ ਦਾ ਸਰਵਣ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਮੁਕੇਸ਼ ਕੁਮਾਰ ਸਿੰਗਲਾ, ਪੁਨੀਤ ਕੁਮਾਰ ਚੀਮਾ, ਗਗਨਦੀਪ ਸ਼ਰਮਾ, ਵਿਕਾਸ ਕੁਮਾਰ ਵਿੱਕੀ, ਅਰਪਨ ਜੈਨ, ਪਰਵੀਨ ਕੁਮਾਰ ਬੱਬਾ, ਸੁਨੀਲ ਕੁਮਾਰ ਪਪਲੂ, ਮਹਿੰਦਰਪਾਲ ਪਿੰਟੂ, ਹੈਪੀ ਮਿੱਤਲ, ਰਿਆਨਾ ਮਿੱਤਲ ਆਦਿ ਹਾਜਰ ਸਨ।

ਪਿੰਡ ਜੋਧਪੁਰ ਤੋਂ ਸਿਆਸੀ ਆਗੂ ਜੰਗ ਬਹਾਦਰ ਸਿੰਘ ਚੀਮਾ ਸਾਥੀਆਂ ਸਮੇਤ ਪਾਰਟੀ 'ਚ ਸ਼ਾਮਲ

ਭੁਨਰਹੇੜੀ, /ਸਨੌਰ 24 ਸਤੰਬਰ (ਰਾਜਿੰਦਰ ਸਿੰਘ ਥਿੰਦ) ਪਿੰਡਾਂ ਅੰਦਰ ਰਵਾਇਤੀ ਲੀਡਰਾਂ ਦੇ ਦੌਰ ਨੂੰ ਨਕਾਰਦਿਆਂ ਲੋਕਾਂ ਦਾ ਝੁਕਾਅ ਹੁਣ ਆਮ ਆਦਮੀ ਪਾਰਟੀ ਵਲੋਂ ਵੱਡੇ ਪੱਧਰ ਤੇ ਕੀਤੇ ਜਾ ਰਹੇ ਲੋਕ ਪੱਖੀ ਕੰਮ ਦੀ ਸਿਆਸਤ ਵੱਲ ਤੇਜ਼ੀ ਨਾਲ ਵਧਣ ਲੱਗਾ ਹੈ। ਇਸੇ ਜ਼ਮੀਨੀ ਬਦਲਾਅ ਤਹਿਤ ਪਿੰਡ ਜੋਧਪੁਰ ਵਿਖੇ ਇੱਕ ਵਿਸ਼ੇਸ਼ ਇਕੱਠ ਦੌਰਾਨ ਸੀਨੀਅਰ ਆਗੂ ਜੰਗ ਬਹਾਦਰ ਸਿੰਘ ਚੀਮਾ ਨੇ ਪਿੰਡ ਦੇ ਕਈ ਅਸਰ-ਰਸੂਖ਼ ਵਾਲੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਇਹ ਪ੍ਰਗਟਾਵਾ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਨੇ ਨਵੇਂ ਸਾਥੀਆਂ ਦਾ ਜਥੇਬੰਦੀ ਵਿੱਚ ਨਿੱਘਾ ਸਵਾਗਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ ਅਤੇ ਹੋਰ ਆਪ ਦੇ ਸੀਨੀਅਰ ਅਹੁਦੇਦਾਰ ਵਿਸ਼ੇਸ਼ ਤੌਰ ਤੇ ਮੌਜੂਦ ਸਨ. ਇਸ ਮੌਕੇ ਹਡਾਣਾ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਮਾਨ ਸਰਕਾਰ ਦੀ ਸਾਫ਼ ਨੀਅਤ ਅਤੇ ਕੰਮਾਂ ਤੋਂ ਖ਼ੁਸ਼ ਹੈ। ਲੋਕ ਹੁਣ ਰਵਾਇਤੀ ਆਗੂਆਂ ਦੇ ਲਾਰਿਆਂ ਤੋਂ ਅੱਕ ਚੁੱਕੇ ਹਨ ਅਤੇ ਵਿਕਾਸ ਦੀ ਰਾਜਨੀਤੀ ਨੂੰ ਤਰਜੀਹ ਦੇ ਰਹੇ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਸੰਗਠਨ ਅੰਦਰ ਪੂਰਾ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਜੰਗ ਬਹਾਦਰ ਸਿੰਘ ਚੀਮਾ ਅਤੇ ਹੋਰਨਾਂ ਆਗੂਆਂ ਨੇ ਆਖਿਆ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਪੱਖੀ ਸੋਚ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਵਿੱਚ ਨਿਭਾਈਆਂ ਜਾ ਰਹੀਆਂ ਬੇਦਾਗ਼ ਅਤੇ ਅਣਥੱਕ ਸੇਵਾਵਾਂ ਤੋਂ ਪ੍ਰਭਾਵਿਤ ਹੋ ਕੇ @ਆਪ@ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਪਿੰਡ ਅਤੇ ਹਲਕੇ ਦੀ ਤਰੱਕੀ ਲਈ ਉਹ ਪਾਰਟੀ ਦੀ ਮਜ਼ਬੂਤੀ ਵਾਸਤੇ ਦਿਨ-ਰਾਤ ਕੰਮ ਕਰਨਗੇ। ਇਸ ਮੌਕੇ ਸ਼ਾਮਲ ਹੋਣ ਵਾਲਿਆਂ ਵਿੱਚ ਦਲੀਪ ਸਿੰਘ, ਰਾਜੇਸ਼, ਸਾਮ ਲਾਲ, ਗੁਰਚਰਨ ਸਿੰਘ, ਜੋਰਾ ਸਿੰਘ, ਭਜਨ ਸਿੰਘ, ਰਣਜੀਤ ਸਿੰਘ, ਨਰਿੰਦਰ ਸਿੰਘ, ਸੁਭਾਸ਼, ਸਚਿਨ, ਗੁਰਬਖਸ਼, ਸਤਨਾਮ ਸਿੰਘ, ਸਵਨਜੀਤ ਸਿੰਘ, ਹਰਦੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

ਕੋਟਕਪੂਰਾ ਦੇ ਸਰਬਪੱਖੀ ਵਿਕਾਸ ਲਈ ਵੱਡੇ ਫੈਸਲੇ, 132 ਸਫ਼ਾਈ ਕਰਮਚਾਰੀ ਕੀਤੇ ਪੱਕੇ, 24.5 ਕਰੋੜ ਦਾ ਬਜਟ ਪਾਸ

ਸਾਲ 2026-27 ਲਈ 24.5 ਕਰੋੜ ਦਾ ਸਾਲਾਨਾ ਬਜਟ ਸਰਬਸੰਮਤੀ ਨਾਲ ਪ੍ਰਵਾਨ

ਕੋਟਕਪੂਰਾ, 24 ਸਤੰਬਰ (ਗੁਰਪ੍ਰੀਤ ਸਿੰਘ ਔਲਖ) :- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਦੀਆਂ ਹਦਾਇਤਾਂ 'ਤੇ ਅਮਲ ਕਰਦਿਆਂ, ਨਗਰ ਕੌਂਸਲ ਕੋਟਕਪੂਰਾ ਵੱਲੋਂ ਸ਼ਹਿਰ ਦੇ ਵਿਕਾਸ ਅਤੇ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਕਈ ਇਤਿਹਾਸਕ ਫੈਸਲੇ ਲਏ ਗਏ ਹਨ। ਅੱਜ ਹੋਈ ਵਿਸ਼ੇਸ਼ ਬੈਠਕ ਦੌਰਾਨ ਨਗਰ ਕੌਂਸਲ ਵੱਲੋਂ 132 ਸਫ਼ਾਈ ਕਰਮਚਾਰੀਆਂ ਨੂੰ ਪੱਕਾ ਕਰਨ ਸਬੰਧੀ ਮਤਾ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਸਾਲ 2026-27 ਲਈ 24.5 ਕਰੋੜ ਦਾ ਸਾਲਾਨਾ ਬਜਟ ਵੀ ਸਰਬਸੰਮਤੀ ਨਾਲ ਪ੍ਰਵਾਨ ਕੀਤਾ ਗਿਆ। ਇਸ ਬਜਟ ਦਾ ਮੁੱਖ ਮਨੋਰਥ ਸ਼ਹਿਰ ਦੀ ਸਫ਼ਾਈ, ਸੁੰਦਰਤਾ, ਸੁਰੱਖਿਆ, ਟ੍ਰੈਫਿਕ ਪ੍ਰਬੰਧਨ ਅਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨਾ ਹੈ। ਬਜਟ ਅਤੇ ਵਿਕਾਸ ਕਾਰਜਾਂ ਦੇ ਮੁੱਖ ਪਹਿਲੂ :- ਸਫ਼ਾਈ ਅਤੇ ਕੂੜਾ ਪ੍ਰਬੰਧਨ: ਕੂੜੇ ਦੇ ਸੁਚੱਜੇ ਨਿਪਟਾਰੇ ਲਈ ਨਵੇਂ ਸਫ਼ਾਈ ਕਰਮਚਾਰੀਆਂ ਦੀ ਭਰਤੀ ਦਾ ਮਤਾ ਅਗਲੀ ਕਾਰਵਾਈ ਲਈ ਭੇਜਿਆ ਗਿਆ ਹੈ। ਸ਼ਹਿਰ ਵਿੱਚ @ਸੋਲਿਡ ਵੇਸਟ ਸੈਗਰੀਗੇਸ਼ਨ@ **(Solid Waste Segregation)** ਲਈ ਪੁਖ਼ਤਾ ਇੰਤਜ਼ਾਮ ਕੀਤੇ ਜਾਣਗੇ ਅਤੇ ਕੂੜੇ ਦੇ ਡੰਪ ਸਾਈਟ ਲਈ ਨਵੀਂ ਜ਼ਮੀਨ ਖਰੀਦਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ। ਸੁਰੱਖਿਆ ਅਤੇ ਟ੍ਰੈਫਿਕ ਸੁਧਾਰ :- ਸ਼ਹਿਰ ਵਾਸੀਆਂ ਦੀ ਸੁਰੱਖਿਆ ਅਤੇ ਸੁਚੱਜੀ ਟ੍ਰੈਫਿਕ ਵਿਵਸਥਾ ਲਈ ਮੁੱਖ ਥਾਵਾਂ @ਤੇ CCTV ਕੈਮਰੇ, ਨਵੀਆਂ ਸਟਰੀਟ ਲਾਈਟਾਂ, ਸਾਈਨ ਬੋਰਡ ਅਤੇ ਪੈਦਲ ਯਾਤਰੀਆਂ ਲਈ @ਪੈਦੇਸਟ੍ਰੀਅਨ ਲਾਈਨਾਂ@ **(Pedestrian Lines)** ਬਣਾਈਆਂ ਜਾਣਗੀਆਂ। ਆਮਦਨ ਦੇ ਸਰੋਤ ਅਤੇ ਪਾਰਕਿੰਗ ਪ੍ਰਬੰਧ :- ਨਗਰ ਕੌਂਸਲ ਦੀਆਂ ਪੁਰਾਣੀਆਂ ਇਮਾਰਤਾਂ ਵਿੱਚ ਪਏ ਕਬਾੜ ਦੀ ਖੁੱਲ੍ਹੀ ਬੋਲੀ ਰਾਹੀਂ ਨਿਲਾਮੀ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਤਿਆਰ ਕੀਤੀਆਂ ਗਈਆਂ ਪਾਰਕਿੰਗਾਂ ਨੂੰ ਬੋਲੀ ਕਰਵਾ ਕੇ ਠੇਕੇ @ਤੇ ਦਿੱਤਾ ਜਾਵੇਗਾ, ਅਤੇ ਗਲਤ ਪਾਰਕਿੰਗ ਕਰਨ ਵਾਲਿਆਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕਰਮਚਾਰੀਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ :- ਇਨ੍ਹਾਂ ਲੋਕ-ਹਿੱਤੂ ਫੈਸਲਿਆਂ ਅਤੇ ਸੇਵਾਵਾਂ ਪੱਕੀਆਂ ਹੋਣ ਦੀ ਖੁਸ਼ੀ ਵਿੱਚ ਸਮੂਹ ਸਫ਼ਾਈ ਕਰਮਚਾਰੀਆਂ ਅਤੇ ਸਾਥੀਆਂ ਵੱਲੋਂ ਪੰਜਾਬ ਸਰਕਾਰ, ਸਪੀਕਰ ਸਰਦਾਰ ਕੁਲਤਾਰ ਸਿੰਘ ਸੰਧਵਾਂ ਅਤੇ ਨਗਰ ਕੌਂਸਲ ਕੋਟਕਪੂਰਾ ਦਾ ਧੰਨਵਾਦ ਕੀਤਾ ਗਿਆ। ਕਰਮਚਾਰੀਆਂ ਨੇ ਆਮ ਆਦਮੀ ਪਾਰਟੀ ਜ਼ਿੰਦਾਬਾਦ ਦੇ ਨਾਅਰੇ ਲਗਾ ਕੇ ਆਪਣੀ ਖੁਸ਼ੀ ਸਾਂਝੀ ਕੀਤੀ। ਨਗਰ ਕੌਂਸਲ ਪ੍ਰਸ਼ਾਸਨ ਨੇ ਦੁਹਰਾਇਆ ਕਿ ÷ਸਾਫ਼-ਸੁਥਰਾ ਕੋਟਕਪੂਰਾ-ਸੁਰੱਖਿਅਤ ਕੋਟਕਪੂਰਾ- ਵਿਕਾਸਸ਼ੀਲ ਕੋਟਕਪੂਰਾ÷ ਦੇ ਮਨੋਰਥ ਨਾਲ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣਾ ਹੀ ਉਹਨਾਂ ਦੀ ਮੁੱਖ ਪਹਿਲ ਹੈ।

ਸੁਣਨ ਤੋਂ ਅਸਮਰੱਥ ਵਿਅਕਤੀਆਂ ਦੇ ਅੰਤਰਰਾਸ਼ਟਰੀ ਹਫ਼ਤੇ ਮੌਕੇ ਜਾਗਰੂਕਤਾ ਸੈਮੀਨਾਰ ਅਤੇ ਪੇਂਟਿੰਗ ਮੁਕਾਬਲਾ



ਬਰਨਾਲਾ, 24 ਸਤੰਬਰ (ਅਵਤਾਰ ਸਿੰਘ ਫਰਵਾਹੀ) ਸੁਣਨ ਤੋਂ ਅਸਮਰੱਥ ਵਿਅਕਤੀਆਂ ਦੇ ਅੰਤਰਰਾਸ਼ਟਰੀ ਹਫ਼ਤੇ ਮੌਕੇ ਅਤੇ ਨਾਲਸਾ (NALSA) ਦੀਆਂ ਹਦਾਇਤਾਂ ਅਨੁਸਾਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਦਿਵਿਆਂਗ ਬੱਚਿਆਂ ਲਈ ਸਕੂਲ, ਪਵਨ ਸੇਵਾ ਸਮਿਤੀ ਬਰਨਾਲਾ ਵਿਖੇ ਵਿਸ਼ੇਸ਼ ਕਾਨੂੰਨੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ, ਮੁਫ਼ਤ ਕਾਨੂੰਨੀ ਸਹਾਇਤਾ ਅਤੇ ਸਮਾਜ ਵਿੱਚ ਬਰਾਬਰੀ ਦੇ ਅਧਿਕਾਰਾਂ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮਾਣਯੋਗ ਸ੍ਰੀਮਤੀ ਅੰਸ਼ੁਲ ਬੈਰੀ, ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਵਰਗ, ਖਾਸ ਕਰਕੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਅਤੇ ਵਿਅਕਤੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਅਤੇ ਉਪਲਬਧ ਕਾਨੂੰਨੀ ਸੇਵਾਵਾਂ ਬਾਰੇ ਜਾਗਰੂਕ ਕਰਨਾ ਬਹੁਤ ਜਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨੂੰ ਨਿਖਾਰਨ ਅਤੇ ਪੂਰੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਪੇਂਟਿੰਗ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਕਲਾਤਮਕ ਅਤੇ ਰਚਨਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ੍ਰੀਮਤੀ ਅੰਸ਼ੁਲ ਬੈਰੀ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, DLSA ਬਰਨਾਲਾ ਅਤੇ ਸ੍ਰੀ ਮਦਨ ਲਾਲ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ, ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਭਾਗੀਦਾਰੀ ਅਤੇ ਹੌਸਲਾ-ਅਫ਼ਜ਼ਾਈ ਲਈ ਪ੍ਰਸ਼ੰਸਾ ਇਨਾਮ ਦਿੱਤੇ ਗਏ। ਮਾਣਯੋਗ ਚੇਅਰਮੈਨ ਵੱਲੋਂ ਵਿਦਿਆਰਥੀਆਂ ਦੀ ਰਚਨਾਤਮਕਤਾ, ਮਿਹਨਤ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਪ੍ਰੋਗਰਾਮ ਦੌਰਾਨ ਸਕੂਲ ਦੇ ਪ੍ਰਿੰਸੀਪਲ, ਚੇਅਰਮੈਨ ਅਤੇ ਪਵਨ ਸੇਵਾ ਸਮਿਤੀ ਦੇ ਸਮੂਹ ਕਮੇਟੀ ਮੈਂਬਰ ਵੀ ਮੌਜੂਦ ਰਹੇ। ਸਕੂਲ ਪ੍ਰਬੰਧਕਾਂ ਵੱਲੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਕਰਵਾਏ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਇਸ ਮੌਕੇ ਇਹ ਸੰਦੇਸ਼ ਦਿੱਤਾ ਗਿਆ ਕਿ ਸੁਣਨ ਅਤੇ ਬੋਲਣ ਤੋਂ ਅਸਮਰੱਥ ਵਿਅਕਤੀ ਵੀ ਸਮਾਜ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਨੂੰ ਸਿੱਖਿਆ, ਨਿਆਂ, ਕਾਨੂੰਨੀ ਸਹਾਇਤਾ ਅਤੇ ਸਮਾਜਿਕ ਮੌਕਿਆਂ ਤੱਕ ਬਰਾਬਰ ਪਹੁੰਚ ਪ੍ਰਦਾਨ ਕਰਨਾ ਸਾਂਝੀ ਜ਼ਿੰਮੇਵਾਰੀ ਹੈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਸਮਾਜ ਦੇ ਕਮਜ਼ੋਰ ਅਤੇ ਲੋੜਵੰਦ ਵਰਗਾਂ ਤੱਕ ਕਾਨੂੰਨੀ ਸੇਵਾਵਾਂ ਪਹੁੰਚਾਉਣ ਲਈ ਅਜਿਹੇ ਜਾਗਰੂਕਤਾ ਪ੍ਰੋਗਰਾਮ ਭਵਿੱਖ ਵਿੱਚ ਵੀ ਜਾਰੀ ਰੱਖਣ ਦੀ ਵਚਨਬੱਧਤਾ ਪ੍ਰਗਟ ਕੀਤੀ ਗਈ।

ਨਗਰ ਕੌਂਸਲ ਨਯਾਗਾਓਂ ਨੇ ਸੁਖਨਾ ਐਨਕਲੇਵ, ਕਾਂਸਲ ਨਯਾਗਾਓਂ ਵਿੱਚ ਬਿਨਾਂ ਨਕਸ਼ੇ ਦੇ ਉਸਾਰੀ ਵਿਰੁੱਧ ਕਾਰਵਾਈ ਕੀਤੀ ਹੈ

- **ਇਮਾਰਤ ਨੂੰ ਸੀਲ ਕਰਨ ਦੇ ਆਦੇਸ਼ ਜਾਰੀ ਹੋਣ ਤੋਂ ਬਾਅਦ ਇਸ ਨੂੰ ਸੀਲ ਕਰ ਦਿੱਤਾ ਗਿਆ ਸੀ**

ਜੇ.ਕੇ ਬੱਤਾ ਨਿਊ - ਚੰਡੀਗੜ੍ਹ@ - ਖਰੜ ਨਗਰ ਕੌਂਸਲ, ਨਯਾਗਾਓਂ ਨੇ ਸੁਖਨਾ ਕੈਚਮੈਂਟ ਖੇਤਰ ਦੇ ਅੰਦਰ, ਕਾਂਸਲ ਖੇਤਰ ਵਿੱਚ, ਬਿਨਾਂ ਪ੍ਰਵਾਨਿਤ ਨਕਸ਼ੇ ਦੇ ਇੱਕ ਇਮਾਰਤ ਦੀ ਉਸਾਰੀ ਵਿਰੁੱਧ ਕਾਰਵਾਈ ਸ਼ੁਰੂ ਕੀਤੀ ਹੈ। 24 ਸਤੰਬਰ ਨੂੰ, ਨਗਰ ਕੌਂਸਲ, ਨਯਾਗਾਓਂ ਦੇ ਅਧਿਕਾਰੀਆਂ ਨੇ ਸੁਖਨਾ ਐਨਕਲੇਵ ਵਿੱਚ ਪਲਾਟ ਨੰਬਰ 6 @ਤੇ ਬਣੀ ਇਮਾਰਤ ਨੂੰ ਸੀਲ ਕਰਨ ਦੇ ਆਦੇਸ਼ ਜਾਰੀ ਕੀਤੇ। ਨਗਰ ਕੌਂਸਲ ਵੱਲੋਂ ਜਾਰੀ ਹੁਕਮਾਂ ਅਨੁਸਾਰ, ਇਮਾਰਤ ਦੀ ਉਸਾਰੀ ਨਗਰ ਕੌਂਸਲ ਤੋਂ ਨਕਸ਼ੇ ਦੀ ਪ੍ਰਵਾਨਗੀ ਲਏ ਬਿਨਾਂ ਕੀਤੀ ਜਾ ਰਹੀ ਸੀ। ਕੌਂਸਲ ਦੇ ਰਿਕਾਰਡ ਅਨੁਸਾਰ, ਇਹ ਇਲਾਕਾ ਸੁਖਨਾ ਕੈਚਮੈਂਟ ਖੇਤਰ ਦੇ ਅੰਦਰ ਆਉਂਦਾ ਹੈ, ਜਿੱਥੇ ਉਸਾਰੀ ਸੰਬੰਧੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮ ਲਾਗੂ ਹੁੰਦੇ ਹਨ। ਨਗਰ ਕੌਂਸਲ, ਨਯਾਗਾਓਂ ਦੇ ਕਾਰਜਕਾਰੀ ਅਧਿਕਾਰੀ ਵਿਜੇ ਜਿੰਦਲ ਨੇ ਦੱਸਿਆ ਕਿ ਪੰਜਾਬ ਨਗਰ ਨਿਗਮ ਐਕਟ, 1911 ਦੀਆਂ ਸਬੰਧਤ ਧਾਰਾਵਾਂ ਤਹਿਤ ਇਮਾਰਤ ਦੇ ਮਾਲਕ ਨੂੰ 4 ਦਸੰਬਰ, 2025 ਨੂੰ ਨੋਟਿਸ ਨੰਬਰ 1929 ਜਾਰੀ ਕੀਤਾ ਗਿਆ ਸੀ।

ਇਸ ਤੋਂ ਬਾਅਦ, ਨੋਟਿਸ ਦੀ ਪਾਲਣਾ ਨਾ ਕਰਨ ਕਾਰਨ, 29 ਜਨਵਰੀ, 2026 ਨੂੰ ਨੋਟਿਸ ਨੰਬਰ 2286 ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਉਸਾਰੀ ਦਾ ਕੰਮ ਰੋਕਣ ਦਾ ਨਿਰਦੇਸ਼ ਦਿੱਤਾ ਗਿਆ ਸੀ। ਕੌਂਸਲ ਅਨੁਸਾਰ, ਇਸ ਦੇ ਬਾਵਜੂਦ, ਉਸਾਰੀ ਦਾ ਕੰਮ ਜਾਰੀ ਰਿਹਾ। ਲੋਕ ਨਯਾਗਾਓਂ ਨਗਰ ਕੌਂਸਲ ਦੇ ਨੋਟਿਸ ਨੂੰ ਹਲਕੇ ਵਿੱਚ ਲੈਂਦੇ ਹਨ ਅਤੇ ਇਸਨੂੰ ਅਣਦੇਖਾ ਕਰਕੇ ਉਸਾਰੀ ਜਾਰੀ ਰੱਖਦੇ ਹਨ। ਨਯਾਗਾਓਂ ਨਗਰ ਕੌਂਸਲ ਦੇ ਹੁਕਮ ਵਿੱਚ ਕਿਹਾ ਗਿਆ ਹੈ ਕਿ ਨਯਾਗਾਓਂ ਨਗਰ ਕੌਂਸਲ ਦੀ ਸੀਮਾ ਦੇ ਅੰਦਰ ਕਿਸੇ ਵੀ ਇਮਾਰਤ ਦੀ ਉਸਾਰੀ ਸ਼ੁਰੂ ਕਰਨ ਤੋਂ ਪਹਿਲਾਂ, ਸਬੰਧਤ ਅਥਾਰਟੀ ਤੋਂ ਇਮਾਰਤ ਯੋਜਨਾ ਦੀ ਪ੍ਰਵਾਨਗੀ ਲੈਣਾ ਲਾਜ਼ਮੀ ਹੈ। ਕੌਂਸਲ ਨੇ ਪੰਜ

ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦਾ ਬੀ.ਸੀ.ਏ ਦਾ ਨਤੀਜਾ ਰਿਹਾ ਸ਼ਾਨਦਾਰ

ਬਠਿੰਡਾ (ਦਿਹਾਤੀ), 24 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸੁਰੇਸ਼ ਗਰਗ): ਲੜਕੀਆਂ ਦੀ ਸਿੱਖਿਆ ਨੂੰ ਸਮਰਪਿਤ ਇਲਾਕੇ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੇ ਬੀ.ਸੀ.ਏ ਭਾਗ ਦੂਜਾ ਸਮੈਸਟਰ ਤੀਜੇ ਦਾ ਨਤੀਜਾ ਬਹੁਤ ਸ਼ਾਨਦਾਰ ਰਿਹਾ। ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਅਤੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਖੁਸ਼ੀ ਪ੍ਰਗਟ ਕਰਦੇ ਹੋਏ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਸ਼ਾਨਦਾਰ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਹਮੇਸ਼ਾ ਤੋਂ ਧੀਆਂ ਦੇ ਉਜਵਲ ਭਵਿੱਖ ਲਈ ਵਚਨਬੱਧ ਰਹੇਗੀ। ਉਨ੍ਹਾਂ ਨੇ ਕਿਹਾ ਕਿ ਮਾਤਾ ਸੁੰਦਰੀ ਕਾਲਜ ਪਿਛਲੇ ਲੰਮੇ ਸਮੇਂ ਤੋਂ ਹਰ ਸਾਲ ਹੀ ਇਹੋ-ਜਿਹੇ ਸ਼ਾਨਦਾਰ ਨਤੀਜੇ ਸੰਸਥਾ ਦੀ ਝੋਲੀ ਪਾਉਂਦਾ ਆ ਰਿਹਾ ਹੈ। ਇਸਦਾ ਸਾਰਾ ਸਿਹਰਾ ਕਾਲਜ ਦੇ ਸਮੂਹ ਸਟਾਫ਼ ਦੇ ਸਿਰ ਜਾਂਦਾ ਹੈ। ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਕਿਹਾ ਕਿ

ਜਿੱਥੇ ਸੰਸਥਾ ਸਹਿ-ਵਿਦਿਅਕ ਗਤੀਵਿਧੀਆਂ ਨੂੰ ਤਰਜੀਹ ਦਿੰਦੀ ਹੈ, ਉੱਥੇ ਹੀ ਇਸ ਸ਼ਾਨਦਾਰ ਨਤੀਜੇ ਨੇ, ਇਸ ਗੱਲ ਉੱਪਰ ਮੋਹਰ ਲਗਾ ਦਿੱਤੀ ਹੈ ਕਿ ਅਕਾਦਮਿਕ ਪੱਖੋਂ ਵੀ ਇਹ ਸੰਸਥਾ ਬੁਲੰਦੀਆਂ ਛੋਹ ਰਹੀ ਹੈ। ਉਨ੍ਹਾਂ ਪ੍ਰਮਾਤਮਾ ਦਾ ਕੋਟਿਨ-ਕੋਟਿ ਧੰਨਵਾਦ ਕਰਦਿਆ ਕਿਹਾ ਕਿ ਅਸੀਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਕੀਤੇ ਵਾਅਦਿਆਂ ਉੱਪਰ ਖ਼ਰੇ ਉੱਤਰ ਰਹੇ ਹਾਂ। ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋ. ਰਣਜੀਤ ਕੌਰ ਨੇ ਦੱਸਿਆ ਕਿ ਹਰਪ੍ਰੀਤ ਕੌਰ ਪੁੱਤਰੀ ਗੁਰਮੇਲ ਸਿੰਘ ਨੇ 82.71% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਰਮਨਪ੍ਰੀਤ ਕੌਰ ਪੁੱਤਰੀ ਬਲਜਿੰਦਰ ਸਿੰਘ ਨੇ 81.14% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਨਵਜੋਤ ਕੌਰ ਪੁੱਤਰੀ ਨਿਰਭੈ ਸਿੰਘ ਨੇ 79.8% ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖਜਾਨਚੀ ਮੈਡਮ ਪ੍ਰਸ਼ੋਤਮ ਕੌਰ ਅਤੇ ਦ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਨੇ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਕਾਰਗੁਜ਼ਾਰੀ ਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਲਜ ਦੇ ਸੀਨੀਅਰ ਪ੍ਰੋ.ਜਸਵਿੰਦਰ ਸਿੰਘ, ਸੀਨੀਅਰ ਪ੍ਰੋ.ਰਵਿੰਦਰ ਸ਼ਰਮਾ, ਸੀਨੀਅਰ ਪ੍ਰੋ.ਰਾਜਵਿੰਦਰ ਸਿੰਘ, ਪ੍ਰੋ.ਕਰਨਵੀਰ ਸਿੰਘ, ਪ੍ਰੋ.ਗੁਰਪ੍ਰੀਤ ਸਿੰਘ, ਪ੍ਰੋ.ਕਿਰਨ ਖਾਨ, ਪ੍ਰੋ.ਅਮਨਦੀਪ ਕੌਰ ਕੰਪਿਊਟਰ ਸਾਇੰਸ, ਪ੍ਰੋ.ਸਵਰਾਜਦੀਪ ਕੌਰ ਆਦਿ ਹਾਜ਼ਰ ਸਨ।

ਖਾਲਸਾ ਕਾਲਜ ਲਾਅ ਵਿਖੇ 'ਛੇ ਸਾਲ ਨਸ਼ਾ ਮੁਕਤੀ ਅਭਿਆਨ' ਵਿਸ਼ੇ 'ਤੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ

ਅੰਮ੍ਰਿਤਸਰ, 24 ਸਤੰਬਰ ਮੋਹਕਮ ਸਿੰਘ —ਖਾਲਸਾ ਕਾਲਜ ਆਫ਼ ਲਾਅ ਵਿਖੇ ਛੇ ਸਾਲ ਨਸ਼ਾ ਮੁਕਤੀ ਅਭਿਆਨ ਵਿਸ਼ੇ 'ਤੇ ਐੱਨ. ਸੀ. ਸੀ. ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ—ਕਮ—ਡਾਇਰੈਕਟਰ ਪ੍ਰੋ. (ਡਾ.) ਜਸਪਾਲ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਦਾ ਮਕਸਦ ਕੈਡਿਟਾਂ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਵੱਧ ਰਹੀ ਸਮੱਸਿਆ ਅਤੇ ਇਸ ਦੇ ਸਿਹਤ, ਸਮਾਜ ਅਤੇ ਦੇਸ਼ ਦੇ ਭਵਿੱਖ 'ਤੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਸਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੋਗਰਾਮ ਐੱਨ. ਸੀ. ਸੀ. (ਏ. ਐੱਨ. ਓ.) ਲੈਫਟੀਨੈਂਟ (ਡਾ.) ਗੁਰਜਿੰਦਰ ਕੌਰ ਵੱਲੋਂ 11 ਪੰਜਾਬ ਬਟਾਲੀਅਨ ਐੱਨ. ਸੀ. ਸੀ., ਅੰਮ੍ਰਿਤਸਰ ਦੇ ਸਹਿਯੋਗ ਨਾਲ ਤਿਆਰ ਅਤੇ ਕੋਆਰਡੀਨੇਟ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪ੍ਰੋਗਰਾਮ ਮੌਕੇ ਐੱਨ. ਸੀ. ਸੀ. ਕੈਡਿਟਾਂ ਵੱਲੋਂ ਨਸ਼ਿਆਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਸਕਿੱਟ, ਭਾਸ਼ਣ, ਸਮੂਹ ਚਰਚਾ ਅਤੇ ਸਹੁੰ ਚੁੱਕ ਸਮਾਗਮ ਆਯੋਜਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਕਿੱਟ ਅਤੇ ਭਾਸ਼ਣਾਂ ਰਾਹੀਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ ਗਿਆ।ਇਸ ਮੌਕੇ ਸਿਕੰਦਰ ਅਸੀਜਾ, ਰੀਆ ਡੋਗਰਾ, ਕੈਡਿਟ ਖੁਸ਼ਪ੍ਰੀਤ ਅਤੇ ਰਮਨੀਕ ਆਦਿ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸਮੂਹ ਚਰਚਾ ਦੌਰਾਨ ਵਿਦਿਆਰਥੀਆਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ 'ਚ ਨਸ਼ਾ ਮੁਕਤੀ ਦਾ ਸੰਦੇਸ਼ ਪਹੁੰਚਾਉਣ ਸਬੰਧੀ ਵਿਚਾਰ—ਵਟਾਂਦਰਾ ਕੀਤਾ।ਇਸ ਉਪਰੰਤ ਵਿਦਿਆਰਥੀਆਂ ਅਤੇ ਕੈਡਿਟਾਂ ਨੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਅਤੇ ਸਿਹਤਮੰਦ ਨਸ਼ਾ ਮੁਕਤ ਭਾਰਤ ਦੇ ਨਿਰਮਾਣ ਲਈ ਵਚਨਬੱਧਤਾ ਪ੍ਰਗਟ ਕਰਦਿਆਂ ਸਹੁੰ ਚੁੱਕੀ।

ਸ਼ਰਧਾ ਪੱਖ ਦੇ ਮੌਕੇ 'ਤੇ, ਨਯਾਗਾਓਂ ਦੀ ਕੁਮਾਉਂ ਕਲੋਨੀ ਵਿੱਚ ਸ਼ਿਸ਼ੂ ਨਿਕੇਤਨ ਸਕੂਲ ਦੇ ਸਾਹਮਣੇ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾਵੇਗਾ, ਜੋ 26 ਸਤੰਬਰ ਤੋਂ 2 ਅਕਤੂਬਰ ਤੱਕ ਕਲਸ਼ ਯਾਤਰਾ ਨਾਲ ਸ਼ੁਰੂ ਹੋਵੇਗਾ

ਜੇ.ਕੇ ਬੱਤਾ ਨਿਊ - ਚੰਡੀਗੜ੍ਹ - ਖਰੜ ਸ਼ਰਧਾ ਪੱਖ ਦੇ ਮੌਕੇ 'ਤੇ, ਨਯਾਗਾਓਂ ਦੀ ਕੁਮਾਉਂ ਕਲੋਨੀ ਵਿੱਚ ਸ਼ਿਸ਼ੂ ਨਿਕੇਤਨ ਸਕੂਲ ਦੇ ਸਾਹਮਣੇ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾਵੇਗਾ, ਜੋ 26 ਸਤੰਬਰ ਤੋਂ 2 ਅਕਤੂਬਰ ਤੱਕ ਕਲਸ਼ ਯਾਤਰਾ ਨਾਲ ਸ਼ੁਰੂ ਹੋਵੇਗਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ, ਸ਼ਿਵ ਸ਼ਕਤੀ ਸੰਕੀਰਤਨ ਮੰਡਲੀ, ਕੁਮਾਉਂ ਕਲੋਨੀ, ਨਯਾਗਾਓਂ ਦੀ ਪ੍ਰਧਾਨ ਸ਼੍ਰੀਮਤੀ ਸ਼ਾਕੰਭਰੀ ਰਾਵਤ, ਕੁਸੁਮ ਰਾਵਤ, ਗੀਨਾ ਸੰਜਵਾਨ, ਸਰੋਜ ਰਾਵਤ, ਗੀਤਾ ਅਤੇ ਉਨ੍ਹਾਂ ਦੇ ਸਾਥੀਆਂ ਨੇ ਦੱਸਿਆ ਕਿ 26 ਸਤੰਬਰ ਨੂੰ ਸਵੇਰੇ ਲਗਭਗ 10:00 ਵਜੇ ਯਾਤਰਾ 251 ਕਲਸ਼ਾਂ ਨਾਲ ਸ਼ੁਰੂ ਹੋਵੇਗੀ ਅਤੇ ਕਥਾ ਸਥਾਨ @ਤੇ ਪਹੁੰਚੇਗੀ। ਕਥਾ ਦੇ ਪ੍ਰਸਿੱਧ ਕਥਾਵਾਚਕ, ਸ਼੍ਰੀ ਸੁਭਾਸ਼ ਸ਼ਾਸਤਰੀ ਜੀ ਮਹਾਰਾਜ, ਸਭ ਤੋਂ ਵੱਧ ਸਤਿਕਾਰਯੋਗ ਭਾਗਵਤ ਗੰਗੋਤਰੀ ਵਿਭੂਸ਼ਿਤ, ਸ਼ਰਾਧ ਪੱਖ (ਸ਼ਰਾਧ ਪੱਖ) ਦੇ ਮੌਕੇ @ਤੇ ਸ਼੍ਰੀਮਦ ਭਾਗਵਤ ਕਥਾ ਦੀ ਸ਼ੁਰੂਆਤ ਕਰਨਗੇ। ਸ਼੍ਰੀ ਸੁਭਾਸ਼ ਸ਼ਾਸਤਰੀ ਜੀ ਮਹਾਰਾਜ ਨੇ ਦੱਸਿਆ ਕਿ ਸ਼ਰਾਧ ਪੱਖ (ਪਿਤ੍ਰ ਪੱਖ) ਦੌਰਾਨ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ ਕਰਨਾ ਸ਼ਾਂਤੀ, ਮੁਕਤੀ ਅਤੇ ਪੁਰਖਿਆਂ ਦੇ ਪਾਪਾਂ ਤੋਂ ਮੁਕਤੀ ਲਈ ਬਹੁਤ ਪੁੰਨਯੋਗ ਮੰਨਿਆ ਜਾਂਦਾ ਹੈ। ਇਨ੍ਹਾਂ ਦਿਨਾਂ ਦੌਰਾਨ ਕਥਾ ਸੁਣਨਾ ਜਾਂ ਸੁਣਾਉਣਾ ਪੁਰਖਿਆਂ ਦੀਆਂ ਆਤਮਾਵਾਂ ਨੂੰ ਸ਼ਾਂਤੀ ਅਤੇ ਸੰਤੁਸ਼ਟੀ ਦਿੰਦਾ ਹੈ। ਇਸ ਨਾਲ ਪੁਰਖਿਆਂ ਦੇ ਪਾਪਾਂ ਅਤੇ ਪਰਿਵਾਰ ਨੂੰ ਦਰਪੇਸ਼ ਹੋਰ ਮੁਸੀਬਤਾਂ ਵੀ ਦੂਰ ਹੁੰਦੀਆਂ ਹਨ। ਵਿਸ਼ਾਲ ਸ਼੍ਰੀਮਦ ਭਾਗਵਤ ਕਥਾ 2 ਅਕਤੂਬਰ ਤੱਕ ਹੋਵੇਗੀ। ਕਥਾ ਰੋਜ਼ਾਨਾ ਸ਼ਾਮ 3:00 ਵਜੇ ਤੋਂ ਸ਼ਾਮ 7:00 ਵਜੇ ਤੱਕ ਹੋਵੇਗੀ। 2 ਅਕਤੂਬਰ ਨੂੰ, ਸਵੇਰ ਦਾ ਹਵਨ ਅਤੇ ਪੂਜਾ ਸਵੇਰੇ 8:00 ਵਜੇ ਤੋਂ ਸਵੇਰੇ 10:00 ਵਜੇ ਤੱਕ ਹੋਵੇਗੀ, ਉਸ ਤੋਂ ਬਾਅਦ ਕਥਾ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਹੋਵੇਗੀ, ਜਿਸ ਤੋਂ ਬਾਅਦ ਇੱਕ ਸ਼ਾਨਦਾਰ ਲੰਗਰ (ਭੋਜਨ ਭੇਟ) ਦੀ ਵੰਡ ਕੀਤੀ ਜਾਵੇਗੀ। ਨੇੜਲੇ ਇਲਾਕੇ ਦੇ ਸਾਰੇ ਭਗਤਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸ਼੍ਰੀਮਦ ਭਾਗਵਤ ਕਥਾ ਸੁਣ ਕੇ ਆਪਣਾ ਜੀਵਨ ਸਫਲ ਬਣਾਉਣ।

ਮਾਰਕੀਟ ਕਮੇਟੀ ਢਿੱਲਵਾਂ ਦੇ ਚੇਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ 28 ਸਤੰਬਰ ਨੂੰ

ਢਿੱਲਵਾਂ,24 ਸਤੰਬਰ (ਹਰਜਿੰਦਰ ਸਿੰਘ ਢਿੱਲਵਾਂ) ਮਾਰਕਿਟ ਕਮੇਟੀ ਢਿੱਲਵਾਂ ਦੇ ਚੈਅਰਮੈਨ ਬਿਕਰਮਜੀਤ ਸਿੰਘ ਕੋਹਾੜ ਦੀ ਤਾਜਪੋਸ਼ੀ 28 ਸਤੰਬਰ ਨੂੰ ਦਾਣਾ ਮੰਡੀ ਢਿਲਵਾਂ ਵਿਖੇ ਹੋਵੇਗੀ, ਬਲਜੀਤ ਸਿੰਘ ਢਿੱਲੋਂ ਸਿਟੀ ਪ੍ਰਧਾਨ , ਵਿੱਕੀ ਭੰਵਰਾ ਹਲਕਾ ਕੁਆਰਡੀਨੇਟਰ ਦੱਸਿਆ ਕਿ ਇਸ ਮੌਕੇ 9,30 ਵਜੇ ਸਵੇਰੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੀ ਆਰੰਭਤਾ ਹੋਵੇਗੀ, ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਕੀਰਤਨ 11 ਵਜੇ ਤੋਂ 11,30 ਤਕ ਹੋਵੇਗਾ, ਚਾਹ ਦਾ ਲੰਗਰ ਅਤੁੱਟ ਵਰਤੇਗਾ,ਇਸ ਮੌਕੇ ਹਲਕਾ ਇੰਚਾਰਜ ਹਰਸਿਮਰਨ ਸਿੰਘ ਘੁੰਮਣ ਵਿਸ਼ੇਸ਼ ਤੌਰ ਤੇ ਪੁੱਜਣਗੇ।

ਸ਼ਹੀਦ ਜੀਵਨ ਸਿੰਘ ਰਾਠੌਰ ਦੀ ਦੂਜੀ ਬਰਸੀ ਮੌਕੇ ਸ਼ਹੀਦੀ ਸਮਾਰਕ ਦਾ ਉਦਘਾਟਨ

ਸਿਰਸਾ, 24 ਸਤੰਬਰ (ਧਰਮ ਚੰਦ ਸਿੰਗਲਾ) ਰੋੜੀ-ਕਾਲਾਂਵਾਲੀ ਸੜਕ 'ਤੇ ਸਥਿਤ ਪਿੰਡ ਰੋਹਨ ਦੇ ਬੱਸ ਸਟੈਂਡ ਵਿਖੇ ਸ਼ਹੀਦ ਜੀਵਨ ਸਿੰਘ ਰਾਠੌਰ ਦੀ ਦੂਜੀ ਬਰਸੀ ਮੌਕੇ ਉਨ੍ਹਾਂ ਦੀ ਯਾਦ ਵਿੱਚ ਬਣਾਏ ਗਏ ਸ਼ਹੀਦੀ ਸਮਾਰਕ ਦਾ ਉਦਘਾਟਨ ਕੀਤਾ ਗਿਆ। ਸਮਾਗਮ ਵਿੱਚ ਓਡੀਸ਼ਾ ਦੇ ਸਾਬਕਾ ਰਾਜਪਾਲ ਪ੍ਰੋ. ਗਣੇਸ਼ੀ ਲਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸ਼ਹੀਦੀ ਸਮਾਰਕ ਦਾ ਉਦਘਾਟਨ ਕੀਤਾ। ਸਮਾਗਮ ਦੀ ਪ੍ਰਧਾਨਗੀ ਕਾਲਾਂਵਾਲੀ ਦੇ ਵਿਧਾਇਕ ਸ਼ੀਸ਼ਪਾਲ ਕੇਹਰਵਾਲਾ ਨੇ ਕੀਤੀ।ਸ਼ਹੀਦ ਜੀਵਨ ਸਿੰਘ ਰਾਠੌਰ ਰਾਜਸਥਾਨ ਰਾਈਫ਼ਲਜ਼ ਦੀ 8ਵੀਂ ਯੂਨਿਟ ਵਿੱਚ ਤਾਇਨਾਤ ਸਨ ਅਤੇ 24 ਸਤੰਬਰ 2024 ਨੂੰ ਦੇਸ਼ ਦੀ ਸੇਵਾ ਕਰਦਿਆਂ ਸ਼ਹੀਦ ਹੋ ਗਏ ਸਨ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰੋ. ਗਣੇਸ਼ੀ ਲਾਲ ਨੇ ਕਿਹਾ ਕਿ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੇ ਹਮੇਸ਼ਾ ਭਾਰਤ ਦਾ ਮਾਣ ਵਧਾਇਆ ਹੈ। ਸ਼ਹੀਦ ਦੇਸ਼ ਦੀ ਸਦੀਵੀ ਸ਼ਾਨ ਅਤੇ ਕੌਮ ਦੀ ਅਮਿੱਟ ਵਿਰਾਸਤ ਦੇ ਪ੍ਰਤੀਕ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਜੀਵਨ ਸਿੰਘ ਰਾਠੌਰ ਦੇ ਨਾਮ 'ਤੇ ਬਣਾਇਆ ਗਿਆ ਫੌਜੀ ਚੌਕ ਅਤੇ ਸ਼ਹੀਦੀ ਸਮਾਰਕ ਉਨ੍ਹਾਂ ਦੀ ਕੁਰਬਾਨੀ ਅਤੇ ਦੇਸ਼ ਪ੍ਰਤੀ ਸਮਰਪਣ ਦੀ ਯਾਦ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਜ਼ਿੰਦਾ ਰੱਖੇਗਾ।

ਝੋਨੇ ਦੀ ਸਰਕਾਰੀ ਖਰੀਦ ਤੁਰੰਤ ਸ਼ੁਰੂ ਕਰਵਾਉਣ ਲਈ ਬੀਕੇਯੂ ਰਾਜੇਵਾਲ ਨੇ ਡੀਐਫਐਸਸੀ ਗੁਰਦਾਸਪੁਰ ਨੂੰ ਸੌਂਪਿਆ ਮੰਗ ਪੱਤਰ

ਸ੍ਰੀ ਹਰਗੋਬਿੰਦਪੁਰ, 24 ਸਤੰਬਰ (ਪ੍ਰਦੀਪ ਸਿੰਘ ਬੇਦੀ): ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਗੁਰਦਾਸਪੁਰ ਵੱਲੋਂ ਅੱਜ ਮਾਨਯੋਗ ਡੀਐਫਐਸਸੀ ਗੁਰਦਾਸਪੁਰ ਨੂੰ ਝੋਨੇ ਦੀ ਸਰਕਾਰੀ ਖਰੀਦ ਤੁਰੰਤ ਸ਼ੁਰੂ ਕਰਵਾਉਣ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਮੰਡੀਆਂ ਵਿੱਚ ਪਹੁੰਚ ਰਹੀ ਝੋਨੇ ਦੀ ਫ਼ਸਲ ਦੀ ਤੁਰੰਤ ਸਰਕਾਰੀ ਖਰੀਦ ਸ਼ੁਰੂ ਕਰਨ ਦੀ ਮੰਗ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੌਲਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਲ ਦੇ ਮੁਕਾਬਲੇ ਇਸ ਵਾਰ ਝੋਨੇ ਦੀ ਬਿਜਾਈ ਕਰੀਬ 20 ਦਿਨ ਪਹਿਲਾਂ ਸ਼ੁਰੂ ਕਰਵਾਈ ਗਈ ਸੀ। ਬਿਜਾਈ ਜਲਦੀ ਹੋਣ ਕਾਰਨ ਵੱਡੀ ਗਿਣਤੀ ਵਿੱਚ ਫ਼ਸਲ ਹੁਣ ਪੱਕ ਕੇ ਤਿਆਰ ਹੋ ਚੁੱਕੀ ਹੈ ਅਤੇ ਕਿਸਾਨ ਆਪਣਾ ਝੋਨਾ ਮੰਡੀਆਂ ਵਿੱਚ ਲੈ ਕੇ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਖਰੀਦ ਅਤੇ ਬੋਲੀ ਸ਼ੁਰੂ ਨਾ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਿਸਾਨਾਂ ਦਾ ਦੋਸ਼ ਹੈ ਕਿ ਸਰਕਾਰੀ ਖਰੀਦ ਦੀ ਗੈਰਹਾਜ਼ਰੀ ਵਿੱਚ ਉਨ੍ਹਾਂ ਨੂੰ ਆਪਣੀ ਫ਼ਸਲ ਵੇਚਣ ਲਈ ਕਥਿਤ ਤੌਰ 'ਤੇ ਘੱਟ ਭਾਅ ਅਤੇ ਹੋਰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਲਵਿੰਦਰ ਸਿੰਘ ਮਠੌਲਾ ਨੇ ਕਿਹਾ ਕਿ ਜਦੋਂ ਝੋਨੇ ਦੀ ਫ਼ਸਲ ਮੰਡੀਆਂ ਵਿੱਚ ਪਹੁੰਚਣੀ ਸ਼ੁਰੂ ਹੋ ਗਈ ਹੈ ਤਾਂ ਸਰਕਾਰ ਅਤੇ ਖਰੀਦ ਏਜੰਸੀਆਂ ਨੂੰ ਵੀ ਤੁਰੰਤ ਬੋਲੀ ਅਤੇ ਸਰਕਾਰੀ ਖਰੀਦ ਦੇ ਪ੍ਰਬੰਧ ਸ਼ੁਰੂ ਕਰਨੇ ਚਾਹੀਦੇ ਹਨ। ਉਨ੍ਹਾਂ ਮੰਗ ਕੀਤੀ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਲਈ ਖੱਜਲ-ਖੁਆਰ ਨਾ ਕੀਤਾ ਜਾਵੇ ਅਤੇ ਮੰਡੀਆਂ ਵਿੱਚ ਖਰੀਦ, ਤੋਲ ਅਤੇ ਅਦਾਇਗੀ ਦੀ ਪ੍ਰਕਿਰਿਆ ਸੁਚਾਰੂ ਢੰਗ ਨਾਲ ਚਲਾਈ ਜਾਵੇ। ਕਿਸਾਨ ਆਗੂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਝੋਨੇ ਦੀ ਸਰਕਾਰੀ ਖਰੀਦ ਜਲਦ ਸ਼ੁਰੂ ਨਾ ਕੀਤੀ ਗਈ ਤਾਂ ਕਿਸਾਨ ਸੜਕਾਂ 'ਤੇ ਉਤਰਨ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਕਿਸਾਨ ਜਥੇਬੰਦੀ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਵੀ ਲਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਕੁਦਰਤੀ ਅਤੇ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਇਸ ਲਈ ਸਰਕਾਰ ਦੀ ਜ਼ਿੰਮੇਵਾ